Samaj Weekly
ਸਮਾਜ ਵੀਕਲੀ
Punjabi, Hindi & English Newspaper - UK & EU Edition
Vol : 5 : # ਅੰਕ 23 21/07/2026 www.samajweekly.com samajweekly @samajweekly samajweekly

# ਸੰਸਦ ਮਾਰਚ ਦੌਰਾਨ ਕਾਕਰੋਚ ਜਨਤਾ ਪਾਰਟੀ ਦੇ ਪ੍ਰਦਰਸ਼ਨਕਾਰੀਆਂ ਅਤੇ ਸੁਰੱਖਿਆ ਬਲਾਂ ਵਿਚਕਾਰ ਹਿੰਸਕ ਝੜਪ, ਪੁਲੀਸ ਨੇ ਕੀਤਾ ਲਾਠੀਚਾਰ

## ਸੰਸਦ ਭਵਨ ਦੇ ਕਰੀਬ ਪਹੁੰਚਣ ਤੇ ਪ੍ਰਦਰਸ਼ਨਕਾਰੀ ਤੇ ਦਾਗ਼ੇ ਹੰਝੂ ਗੈਸ ਦੇ ਗੋਲੇ, ਜੇ ਪੀ ਨੱਢਾ ਨੂੰ ਮਿਲਿਆ ਸੀ ਜੇ ਪੀ ਦਾ ਵਫ਼ਦ

**ਨਵੀਂ ਦਿੱਲੀ।** ਸੰਸਦ ਦੇ ਮਾਨਸੂਨ ਸੈਸ਼ਨ ਦੇ ਪਹਿਲੇ ਦਿਨ ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ ਕਾਕਰੋਚ ਜਨਤਾ ਪਾਰਟੀ ਵਲੋਂ ਕੀਤੇ ਗਏ ਵਿਰੋਧ ਪ੍ਰਦਰਸ਼ਨ ਅਤੇ ਸੰਸਦ ਮਾਰਚ ਦੌਰਾਨ ਪ੍ਰਦਰਸ਼ਨਕਾਰੀਆਂ ਅਤੇ ਸੁਰੱਖਿਆ ਬਲਾਂ ਵਿਚਕਾਰ ਹਿੰਸਕ ਝੜਪ ਹੋਈ। ਇਸ ਦੌਰਾਨ ਪੁਲੀਸ ਨੇ ਪ੍ਰਦਸ਼ਨਕਾਰੀਆਂ ਤੇ ਲਾਠੀਚਾਰਜ ਵੀ ਕੀਤਾ। ਪ੍ਰਦਰਸ਼ਨਕਾਰੀ ਤੇ ਸੰਸਦ ਭਵਨ ਦੇ ਕਰੀਬ ਪਹੁੰਚਣ ਤੇ ਉਹਨਾਂ ਉੱਪਰ ਹੰਝੂ ਗੈਸ ਦੇ ਗੋਲੇ ਦਾਗੇ ਗਏ।

ਇਸ ਦੌਰਾਨ ਕਾਕਰੋਚ ਜਨਤਾ ਪਾਰਟੀ ਦੇ ਮੁੱਖੀ ਅਭਿਜੀਤ ਦੀਪਕੇ ਅਤੇ ਪ੍ਰਦਰਸ਼ਨਕਾਰੀਆਂ ਵਲੋਂ ਸੰਸਦ ਤੱਕ ਮਾਰਚ ਕਰਨ ਦੀ ਕੋਸ਼ਿਸ਼ ਕੀਤੀ ਗਈ, ਜਿਸ ਨੂੰ ਪੁਲੀਸ ਨੇ ਰੋਕਣ ਦੀ ਕੋਸ਼ਿਸ਼ ਕੀਤੀ। ਮਾਰਚ ਦੌਰਾਨ ਪ੍ਰਦਰਸ਼ਨਕਾਰੀਆਂ ਅਤੇ ਪੁਲੀਸ ਵਿਚਕਾਰ ਤਿੱਖੀ ਬਹਿਸ ਹੋਈ, ਜਿਸ ਤੋਂ ਬਾਅਦ ਜੰਤਰ-ਮੰਤਰ ਵਿਚ ਭਾਰੀ ਹੰਗਾਮਾ ਹੋਇਆ। ਸ਼ਾਸਤਰੀ ਭਵਨ ਨੇੜੇ ਪ੍ਰਦਰਸ਼ਨਕਾਰੀਆਂ ਨੂੰ ਖਿੰਡਾਉਣ ਲਈ ਸੁਰੱਖਿਆ ਬਲਾਂ ਨੇ ਅੱਥਰੂ ਗੈਸ ਦੇ ਗੋਲੇ ਛੱਡੇ। ਮਾਰਚ ਦੌਰਾਨ ਹੰਗਾਮਾ ਅਤੇ ਹਫ਼ੜਾ-ਦਫ਼ੜੀ ਵਧਦੀ ਦੇਖ ਕੇ ਆਰ ਏ ਐਫ ਅਤੇ ਦਿੱਲੀ ਪੁਲੀਸ ਦੇ ਜਵਾਨਾਂ ਨੇ ਪ੍ਰਦਰਸ਼ਨਕਾਰੀਆਂ ਨੂੰ ਕਾਬੂ ਕਰਨ ਲਈ ਲਾਠੀਚਾਰਜ ਕੀਤਾ ਅਤੇ ਕਈਆਂ ਨੂੰ ਹਿਰਾਸਤ ਵਿਚ ਵੀ ਲਿਆ।

ਕਾਕਰੋਚ ਜਨਤਾ ਪਾਰਟੀ ਦੇ ਸੰਸਦ ਮਾਰਚ ਦੇ ਮੱਦੇਨਜ਼ਰ ਦਿੱਲੀ ਦੀਆਂ ਸਰਹੱਦਾਂ ਅਤੇ ਪ੍ਰਵੇਸ਼ ਸਥਾਨਾਂ ਤੇ ਸੁਰੱਖਿਆ ਸਖ਼ਤ ਕੀਤੀ ਗਈ ਸੀ। ਪੁਲੀਸ ਮੁੱਖ ਐਂਟਰੀ ਪੁਆਇੰਟਾਂ ਤੇ ਬੈਰੀਕੇਡ ਲਗਾਏ ਗਏ ਸਨ। ਪੁਲੀਸ ਦੇ ਅਨੁਸਾਰ, ਪ੍ਰਸਤਾਵਿਤ ਵਿਰੋਧ ਪ੍ਰਦਰਸ਼ਨਾਂ ਦੇ ਮੱਦੇਨਜ਼ਰ ਕਾਨੂੰਨ ਵਿਵਸਥਾ ਬਣਾਈ ਰੱਖਣ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਸੁਰੱਖਿਆ ਨਿਗਰਾਨੀ ਵਧਾ ਦਿੱਤੀ ਗਈ ਸੀ।ਇਸ ਦੌਰਾਨ ਪ੍ਰਦਰਸ਼ਨ ਨੂੰ ਮੁੱਖ ਰੱਖਦਿਆਂ ਦਿੱਲੀ ਮੈਟਰੋ





ਰੇਲ ਕਾਰਪੋਰੇਸ਼ਨ ਨੇ ਸੁਰੱਖਿਆ ਕਾਰਨਾਂ ਕਰਕੇ ਰਾਜੀਵ ਚੌਕ, ਜਨਪਥ, ਪਟੇਲ ਚੌਕ, ਕੇਂਦਰੀ ਸਕੱਤਰੇਤ ਅਤੇ ਸੇਵਾ ਤੀਰਥ ਮੈਟਰੋ ਸਟੇਸ਼ਨਾਂ ਨੂੰ ਬੰਦ ਕਰ ਦਿੱਤਾ। ਸੰਸਦ ਵੱਲ ਜਾਣ ਵਾਲੀਆਂ ਕਈ ਸੜਕਾਂ ਨੂੰ ਸੀਲ ਕਰ ਦਿੱਤਾ ਗਿਆ ਅਤੇ ਜੰਤਰ-ਮੰਤਰ ਵਿਰੋਧ ਸਥਾਨ ਨੂੰ ਘੇਰ ਲਿਆ। ਹਾਲਾਂਕਿ ਇਸਦੇ ਬਾਵਜੂਦ ਕਾਕਰੋਚ ਜਨਤਾ ਪਾਰਟੀ ਦੇ ਸਮਰਥਕ ਅੱਜ ਸੰਸਦ ਭਵਨ ਦੇ ਕਰੀਬ ਪਹੁੰਚ ਗਏ ਅਤੇ ਪ੍ਰਦਰਸ਼ਨਕਾਰੀਆਂ ਨੇ ਸੰਸਦ ਵਿੱਚ ਵੜਨ ਦੀ ਕੋਸ਼ਿਸ਼ ਕੀਤੀ। ਇਸ ਤੋਂ ਬਾਅਦ ਸੰਸਦ ਦੀ ਸੁਰੱਖਿਆ ਵਧਾ ਦਿੱਤੀ ਗਈ ਅਤੇ ਮੇਨ ਗੇਟ ਬੰਦ ਕਰ ਦਿੱਤਾ ਗਿਆ। ਪੁਲੀਸ ਅਤੇ ਸੁਰੱਖਿਆ ਫ਼ੋਰਸਾਂ ਨੇ ਪ੍ਰਦਰਸ਼ਨਕਾਰੀਆਂ ਨੂੰ ਖਿੰਡਾਉਣ ਲਈ ਹੰਝੂ ਗੈਸ ਦੇ ਗੋਲੇ ਦਾਗ਼ੇ। ਰਾਜੀਵ ਚੌਕ, ਕੇਂਦਰੀ ਸਕੱਤਰੇਤ ਅਤੇ ਸੇਵਾ ਤੀਰਥ ਮੈਟਰੋ ਸਟੇਸ਼ਨਾਂ ਵਿੱਚ ਪ੍ਰਵੇਸ਼ ਤੇ ਰੋਕ ਲਗਾਏ ਜਾਣ ਅਤੇ ਗੇਟ ਬੰਦ ਕੀਤੇ ਜਾਣ ਕਾਰਨ ਕਈ ਯਾਤਰੀ ਮੈਟਰੋ ਸਟੇਸ਼ਨਾਂ ਦੇ ਅੰਦਰ ਹੀ ਫਸੇ ਰਹੇ। ਸੁਰੱਖਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨੂੰ ਰੋਕਣ ਲਈ ਮੱਧ ਦਿੱਲੀ ਵਿੱਚ ਭਾਰੀ ਗਿਣਤੀ ਵਿੱਚ ਪੁਲੀਸ ਅਤੇ ਨੀਮ ਫੌਜੀ ਫੋਰਸ ਤਾਇਨਾਤ ਹੈ। ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ ਨੇ ਦੋਸ਼ ਲਗਾਇਆ ਹੈ ਕਿ ਪੁਲੀਸ ਕਾਰਵਾਈ ਦੌਰਾਨ ਉਸ ਦੀ ਦਿੱਲੀ ਯੂਨੀਵਰਸਿਟੀ ਇਕਾਈ ਦੇ ਅਹੁਦੇਦਾਰ ਰੋਵਿਨ ਦੀ ਖੱਬੀ ਬਾਂਹ ਵਿੱਚ ਫ੍ਰੈਕਚਰ ਹੋ ਗਿਆ ਅਤੇ ਉਸ ਦੇ ਕਈ ਹੋਰ ਮੈਂਬਰਾਂ ਨੂੰ ਗੰਭੀਰ ਸੱਟਾਂ ਲੱਗੀਆਂ ਹਨ। ਵਿਦਿਆਰਥੀ ਜਥੇਬੰਦੀ ਨੇ ਇਹ ਵੀ ਦਾਅਵਾ ਕੀਤਾ ਕਿ ਕਈ ਹੋਰ ਕਾਰਕੁਨਾਂ ਦੀਆਂ ਧੌਣਾਂ, ਪਿੱਠ, ਬਾਹਾਂ ਅਤੇ ਲੱਤਾਂ ਤੇ ਗੰਭੀਰ ਸੱਟਾਂ ਆਈਆਂ ਹਨ, ਜਦੋਂ ਕਿ ਇੱਕ ਵਿਦਿਆਰਥੀ ਦਾ ਮੋਢਾ ਉਤਰਨ ਦੀ ਵੀ ਖ਼ਬਰ ਹੈ। ਇਸ ਦੌਰਾਨ ਸਮਾਜਿਕ ਕਰਮਚਾਰੀ ਸੋਨਮ ਵਾਂਗਚੁਕ ਦੀ ਪਤਨੀ ਗੀਤਾਂਜਲੀ ਅੰਗਮੋ ਨੇ ਕਿਹਾ ਕਿ ਸੋਨਮ ਵਾਂਗਚੁਕ ਦੀ ਸਿਹਤ ਠੀਕ ਹੈ। ਉਹ ਖ਼ੁਸ਼ ਹਨ ਕਿ ਲੋਕ ਇੰਨੀ ਵੱਡੀ ਗਿਣਤੀ ਵਿੱਚ ਬਾਹਰ ਆਏ ਹਨ ਅਤੇ ਜੋ ਅੰਦੋਲਨ ਉਨ੍ਹਾਂ ਨੇ ਸ਼ੁਰੂ ਕੀਤਾ ਸੀ, ਉਹ ਇੰਨਾ ਵੱਡਾ ਹੋ ਗਿਆ ਹੈ।ਇਸ ਦੌਰਾਨ ਕੇਂਦਰੀ ਸਿਹਤ ਮੰਤਰੀ ਜੇਪੀ ਨੱਢਾ ਨੇ ਕਾਕਰੋਚ ਜਨਤਾ ਪਾਰਟੀ ਦੇ ਵਫ਼ਦ ਨਾਲ ਮੁਲਾਕਾਤ ਕੀਤੀ। ਸੀਜੇਪੀ ਦੇ ਬੁਲਾਰੇ ਸੌਰਵ ਦਾਸ ਨੇ ਇਸ ਦੀ ਜਾਣਕਾਰੀ ਸੋਸ਼ਲ ਮੀਡੀਆ ਮੰਚ ਐਕਸ ਤੇ ਸਾਂਝੀ ਕਰਦੇ ਹੋਏ ਕਿਹਾ ਕਿ 2 ਘੰਟਿਆਂ ਤੋਂ ਵੱਧ ਇੰਤਜ਼ਾਰ ਕਰਨ ਤੋਂ ਬਾਅਦ, ਆਸ਼ੂਤੋਸ਼ ਰਾਂਕਾ ਅਤੇ ਮੈਂ ਜੇ.ਪੀ. ਨੱਢਾ ਨਾਲ ਉਨ੍ਹਾਂ ਦੇ ਘਰ 10 ਮਿੰਟ ਲਈ ਮੁਲਾਕਾਤ ਕੀਤੀ। ਅਸੀਂ ਆਪਣੀਆਂ ਮੰਗਾਂ ਵਾਲਾ ਇਕ ਲਿਖਤੀ ਪੱਤਰ ਉਨ੍ਹਾਂ ਨੂੰ ਸੌਂਪਿਆ ਹੈ ਅਤੇ ਉਨ੍ਹਾਂ ਨੇ ਭਰੋਸਾ ਦਿਵਾਇਆ ਹੈ ਕਿ ਉਹ ਇਸ ਵਿਚ ਅੰਦਰੂਨੀ ਪੱਧਰ ਤੇ ਗੱਲਬਾਤ ਕਰਨਗੇ।

# ਵਿਰੋਧੀ ਧਿਰ ਦੇ ਹੰਗਾਮੇ ਤੋਂ ਬਾਅਦ ਲੋਕ ਸਭਾ ਦੀ ਕਾਰਵਾਈ ਕੱਲ ਤੱਕ ਲਈ ਮੁਲਤਵੀ

**ਨਵੀਂ ਦਿੱਲੀ।** ਮਾਨਸੂਨ ਸੈਸ਼ਨ ਦੇ ਪਹਿਲੇ ਦਿਨ ਅੱਜ ਲੋਕ ਸਭਾ ਵਿੱਚ ਵਿਰੋਧੀ ਪਾਰਟੀਆਂ ਦੇ ਮੈਂਬਰਾਂ ਨੇ ਪ੍ਰੀਖਿਆਵਾਂ ਵਿੱਚ ਕਥਿਤ ਬੇਨਿਯਮੀਆਂ, ਰਾਮ ਮੰਦਰ ਚੋਰੀ ਮਾਮਲੇ ਅਤੇ ਕਈ ਹੋਰ ਮੁੱਦਿਆਂ ਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਨਾਲ ਪ੍ਰਸ਼ਨ ਕਾਲ ਅਤੇ ਜ਼ੀਰੋ ਆਵਰ ਵਿੱਚ ਵਿਘਨ ਪਿਆ ਅਤੇ ਵਿਧਾਨਕ ਕੰਮਕਾਜ ਸੁਚਾਰੂ ਢੰਗ ਨਾਲ ਨਹੀਂ ਹੋ ਸਕਿਆ।

ਸਦਨ ਦੀ ਕਾਰਵਾਈ ਛੇ ਵਾਰ ਮੁਲਤਵੀ ਹੋਣ ਤੋਂ ਬਾਅਦ ਭਲਕੇ ਮੰਗਲਵਾਰ ਸਵੇਰੇ 11 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ। ਨੀਟ ਪੇਪਰ ਲੀਕ ਨੂੰ ਲੈ ਕੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰਦੇ ਹੋਏ ਸੰਸਦ ਤੋਂ ਥੋੜ੍ਹੀ ਦੂਰੀ ਤੇ ਕੀਤੇ ਗਏ ਕਾਕਰੋਚ ਜਨਤਾ ਪਾਰਟੀ ਦੇ ਵਿਰੋਧ ਪ੍ਰਦਰਸ਼ਨ ਦਾ ਪ੍ਰਭਾਵ ਸਦਨ ਵਿੱਚ ਮਹਿਸੂਸ ਕੀਤਾ ਗਿਆ। ਵਿਰੋਧੀ ਧਿਰ ਦੇ ਮੈਂਬਰਾਂ ਨੇ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰਦੇ ਹੋਏ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਲੋਕ ਸਭਾ ਦੇ ਕੁਝ ਮੈਂਬਰਾਂ ਨੇ ਦਾਅਵਾ ਕੀਤਾ ਕਿ ਵਿਰੋਧ ਪ੍ਰਦਰਸ਼ਨਾਂ ਕਾਰਨ ਸੰਸਦ ਦੇ ਦਰਵਾਜ਼ੇ ਬੰਦ ਕਰ ਦਿੱਤੇ ਗਏ ਸਨ ਅਤੇ ਕੁਝ ਮੈਂਬਰਾਂ ਨੂੰ ਸੰਸਦ



ਕੰਪਲੈਕਸ ਵਿੱਚ ਦਾਖਲ ਹੋਣ ਤੋਂ ਰੋਕਿਆ ਗਿਆ ਸੀ। ਹਾਲਾਂਕਿ ਚੇਅਰਪਰਸਨ ਨੇ ਇਸ ਦਾਅਵੇ ਨੂੰ ਰੱਦ ਕਰ ਦਿੱਤਾ ਅਤੇ ਕਿਹਾ ਕਿ ਲੋਕ ਸਭਾ ਸਪੀਕਰ ਓਮ ਬਿਰਲਾ ਦੇ ਹੁਕਮ ਅਨੁਸਾਰ ਕਿਸੇ ਵੀ ਮੈਂਬਰ ਨੂੰ ਅੰਦਰ ਜਾਣ ਤੋਂ ਨਹੀਂ ਰੋਕਿਆ ਗਿਆ।

ਸੰਸਦ ਦਾ ਹੇਠਲਾ ਸਦਨ ਸਵੇਰ ਤੋਂ ਹੀ ਠੱਪ ਰਿਹਾ। ਸਵੇਰੇ 11 ਵਜੇ ਸਦਨ ਦੀ ਮੀਟਿੰਗ ਤੋਂ ਬਾਅਦ ਬਿਰਲਾ ਨੇ ਸਦਨ ਦੇ ਛੇ ਸਾਬਕਾ ਮੈਂਬਰਾਂ ਅਤੇ ਕਤਰ ਦੇ ਸਾਬਕਾ ਅਮੀਰ ਦੇ ਦੇਹਾਂਤ ਦਾ ਐਲਾਨ ਕੀਤਾ। ਮੈਂਬਰਾਂ ਨੇ ਮ੍ਰਿਤਕ ਮੈਂਬਰਾਂ ਨੂੰ ਸ਼ਰਧਾਂਜਲੀ ਦੇਣ ਲਈ 2 ਮਿੰਟ ਦਾ ਮੌਨ ਰੱਖਿਆ। ਇਸ ਤੋਂ ਬਾਅਦ ਵਿਰੋਧੀ ਧਿਰ ਦੇ ਮੈਂਬਰਾਂ ਨੇ ਆਪਣੀਆਂ ਵੱਖ-ਵੱਖ ਮੰਗਾਂ ਤੇ ਹੰਗਾਮਾ ਸ਼ੁਰੂ ਕਰ ਦਿੱਤਾ। ਕਾਂਗਰਸ ਸਮੇਤ ਕੁਝ ਵਿਰੋਧੀ ਪਾਰਟੀਆਂ ਦੇ ਮੈਂਬਰ ਸਪੀਕਰ ਦੇ ਪੋਡੀਅਮ ਦੇ ਨੇੜੇ ਆ ਗਏ ਅਤੇ ਨਾਅਰੇਬਾਜ਼ੀ ਕਰਨ ਲੱਗ ਪਏ। ਬਿਰਲਾ ਨੇ ਅੰਦੋਲਨਕਾਰੀ ਮੈਂਬਰਾਂ ਨੂੰ ਕਾਰਵਾਈ ਜਾਰੀ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਸਦਨ ਦੀ ਪਰੰਪਰਾ ਤੇ ਮਾਣ-ਮਰਿਆਦਾ ਬਣਾਈ ਰੱਖੀ ਜਾਵੇ।

ਹੰਗਾਮਾ ਜਾਰੀ ਰਹਿਣਾ ਤੇ 12 ਮਿੰਟ ਬਾਅਦ ਦੁਪਹਿਰ 12 ਵਜੇ ਤੱਕ ਮੀਟਿੰਗ ਮੁਲਤਵੀ ਕਰ ਦਿੱਤੀ ਗਈ । ਜਿਵੇਂ ਹੀ ਦੁਪਹਿਰ 12 ਵਜੇ ਮੀਟਿੰਗ ਮੁੜ ਸ਼ੁਰੂ ਹੋਈ, ਵਿਰੋਧੀ ਧਿਰ ਦੇ ਮੈਂਬਰ ਇੱਕ ਵਾਰ ਫਿਰ ਸਪੀਕਰ ਦੇ ਪੋਡੀਅਮ ਕੋਲ ਪਹੁੰਚੇ, ਨਾਅਰੇ ਲਗਾਉਂਦੇ ਹੋਏ। ਉਨ੍ਹਾਂ ਨੇ ”ਸਾਨੂੰ ਇਨਸਾਫ਼ ਦਿਓ” ਅਤੇ ”ਧਰਮਿੰਦਰ ਪ੍ਰਧਾਨ, ਅਸਤੀਫ਼ਾ ਦਿਓ” ਦੇ ਨਾਅਰੇ ਲਗਾਏ।

# ਫਰਾਂਸ ਵਿੱਚ 15 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਸੋਸ਼ਲ ਮੀਡੀਆ ’ਤੇ ਪਾਬੰਦੀ ਲਗਾਉਣ ਦੀ ਤਿਆਰੀ

**ਪੈਰਿਸ:** ਫਰਾਂਸ ਦੇ ਸੰਸਦ ਮੈਂਬਰ 15 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਸੋਸ਼ਲ ਮੀਡੀਆ ਦੀ ਵਰਤੋਂ 'ਤੇ ਪਾਬੰਦੀ ਲਗਾਉਣ ਵਾਲੇ ਬਿੱਲ 'ਤੇ ਸਹਿਮਤੀ ਬਣਾਉਣ ਦੇ ਯਤਨਾਂ ਵਿੱਚ ਜੁਟੇ ਹੋਏ ਹਨ, ਤਾਂ ਜੋ ਇਸਨੂੰ ਸਤੰਬਰ ਵਿੱਚ ਨਵੇਂ ਵਿਦਿਅਕ ਸੈਸ਼ਨ ਦੀ ਸ਼ੁਰੂਆਤ ਤੋਂ ਲਾਗੂ ਕੀਤਾ ਜਾ ਸਕੇ।ਸੰਸਦ ਦੀਆਂ ਗਰਮੀਆਂ ਦੀਆਂ ਛੁੱਟੀਆਂ ਤੋਂ ਪਹਿਲਾਂ ਇਸ ਲਈ ਸਮਾਂ ਤੇਜ਼ੀ ਨਾਲ ਨਿਕਲਦਾ ਜਾ ਰਿਹਾ ਹੈ। ਨੈਸ਼ਨਲ ਅਸੈਂਬਲੀ ਦੇ ਸੱਤ ਮੈਂਬਰਾਂ ਅਤੇ ਸੀਨੇਟ ਦੇ ਸੱਤ ਮੈਂਬਰਾਂ ਦੀ ਸੋਮਵਾਰ ਨੂੰ ਇੱਕ ਸੰਯੁਕਤ ਕਮੇਟੀ ਦੀ ਬੈਠਕ ਹੋਣੀ ਹੈ, ਜਿਸ ਵਿੱਚ ਅਜਿਹੇ ਸਮਝੌਤੇ 'ਤੇ ਪਹੁੰਚਣ ਦਾ ਯਤਨ ਕੀਤਾ ਜਾਵੇਗਾ, ਜਿਸ 'ਤੇ ਇਸ ਹਫ਼ਤੇ ਦੇ ਅੰਤ ਤੱਕ ਵੋਟਿੰਗ ਕਰਵਾਈ ਜਾ ਸਕੇ। ਯੂਰੋਪੀਅਨ ਕਮਿਸ਼ਨ ਨੇ ਪਾਇਆ ਹੈ ਕਿ ਬਿੱਲ ਦਾ ਨਵਾਂ ਮਸੌਦਾ ਯੂਰੋਪੀਅਨ ਯੂਨੀਅਨ (EU) ਦੇ ਕਾਨੂੰਨ ਦੇ ਪੂਰੀ ਤਰ੍ਹਾਂ ਅਨੁਕੂਲ ਨਹੀਂ ਹੈ। ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਇਸ ਪਾਬੰਦੀ ਦੇ ਪੁਰਜ਼ੋਰ ਸਮਰਥਕ ਹਨ। ਅਜਿਹਾ ਮੰਨਿਆ ਜਾ ਰਿਹਾ ਹੈ ਕਿ ਅਗਲੇ ਸਾਲ ਉਨ੍ਹਾਂ ਦੇ ਅਹੁਦਾ ਛੱਡਣ ਤੋਂ ਪਹਿਲਾਂ ਇਹ ਉਨ੍ਹਾਂ ਦੇ ਕਾਰਜਕਾਲ ਦੇ ਆਖਰੀ ਪ੍ਰਮੁੱਖ ਵਿਧਾਨਕ ਕਦਮਾਂ ਵਿੱਚੋਂ ਇੱਕ ਹੋ ਸਕਦਾ ਹੈ। ਨੈਸ਼ਨਲ ਅਸੈਂਬਲੀ ਅਤੇ ਸੀਨੇਟ ਵਿਚਕਾਰ ਮੁੱਖ ਮਤਭੇਦ ਇਸ ਗੱਲ ਨੂੰ ਲੈ ਕੇ ਹੈ ਕਿ ਪਾਬੰਦੀ ਕਿਹੜੇ ਪਲੇਟਫਾਰਮਾਂ 'ਤੇ ਲਾਗੂ ਹੋਵੇਗੀ। ਨੈਸ਼ਨਲ ਅਸੈਂਬਲੀ ਨੇ ਸਾਰੀਆਂ ਆਨਲਾਈਨ ਸੋਸ਼ਲ ਨੈੱਟਵਰਕਿੰਗ ਸੇਵਾਵਾਂ 'ਤੇ ਪਾਬੰਦੀ ਲਗਾਉਣ ਦੇ ਪੱਖ ਵਿੱਚ ਵੋਟ ਦਿੱਤੀ ਹੈ, ਜਦੋਂ ਕਿ ਸੀਨੇਟ ਕੇਵਲ ਪਾਬੰਦੀਸ਼ੁਦਾ ਪਲੇਟਫਾਰਮਾਂ ਦੀ ਇੱਕ 'ਕਾਲੀ ਸੂਚੀ' (ਬਲੈਕਲਿਸਟ) ਤਿਆਰ ਕਰਨ ਦੇ ਪੱਖ ਵਿੱਚ ਹੈ। ਇਹ ਪਾਬੰਦੀ ਆਨਲਾਈਨ ਵਿਸ਼ਵਕੋਸ਼ਾਂ (ਐਨਸਾਈਕਲੋਪੀਡੀਆ), ਵਿਦਿਅਕ ਜਾਂ ਵਿਗਿਆਨਕ ਡਾਇਰੈਕਟਰੀਆਂ ਅਤੇ ਓਪਨ-ਸੋਰਸ ਸਾਫਟਵੇਅਰ ਦੇ ਵਿਕਾਸ ਤੇ ਸਾਂਝਾ ਕਰਨ ਵਾਲੇ ਪਲੇਟਫਾਰਮਾਂ 'ਤੇ ਲਾਗੂ ਨਹੀਂ ਹੋਵੇਗੀ। ਇਸ ਬਿੱਲ ਵਿੱਚ ਉੱਚ ਮਾਧਿਅਮਿਕ ਸਕੂਲਾਂ (ਸੀਨੀਅਰ ਸੈਕੰਡਰੀ ਸਕੂਲਾਂ) ਵਿੱਚ ਮੋਬਾਈਲ ਫੋਨ ਦੀ ਵਰਤੋਂ 'ਤੇ ਪਾਬੰਦੀ ਲਗਾਉਣ ਦਾ ਵੀ ਪ੍ਰਬੰਧ ਹੈ। ਇਸਨੂੰ ਯੂਰੋਪੀਅਨ ਯੂਨੀਅਨ ਦੇ 'ਡਿਜੀਟਲ ਸਰਵਿਸਿਜ਼ ਐਕਟ' ਦੇ



ਅਨੁਕੂਲ ਤਿਆਰ ਕੀਤਾ ਗਿਆ ਸੀ। ਇਹ ਕਾਨੂੰਨ ਇੰਟਰਨੈੱਟ ਵਰਤੋਂਕਾਰਾਂ ਦੀ ਆਨਲਾਈਨ ਸੁਰੱਖਿਆ ਨਿਸ਼ਚਿਤ ਕਰਨ ਲਈ ਕਈ ਸਖ਼ਤ ਨਿਯਮ ਬਣਾਉਂਦਾ ਹੈ। ਯੂਰੋਪੀਅਨ ਕਮਿਸ਼ਨ ਨੇ ਹਾਲਾਂਕਿ ਨਾਬਾਲਗਾਂ ਦੀ ਬਿਹਤਰ ਸੁਰੱਖਿਆ ਦੇ ਉਦੇਸ਼ ਦਾ ਸਮਰਥਨ ਕੀਤਾ ਹੈ, ਪਰ ਉਸਦਾ ਕਹਿਣਾ ਹੈ ਕਿ ਪ੍ਰਸਤਾਵਿਤ ਕਾਨੂੰਨ ਦੇ ਕੁਝ ਪ੍ਰਬੰਧ 'ਡਿਜੀਟਲ ਸਰਵਿਸਿਜ਼ ਐਕਟ' ਨਾਲ ਮੇਲ ਖਾਂਦੇ ਹਨ ਅਤੇ ਇਸ ਕਾਰਨ ਫ੍ਰੈਂਚ ਅਧਿਕਾਰੀਆਂ ਨੂੰ ਮਸੌਦੇ ਵਿੱਚ ਸੋਧ ਕਰਨ ਲਈ ਕਿਹਾ ਗਿਆ ਹੈ।

ਯੂਰੋਪੀਅਨ ਕਮਿਸ਼ਨ ਦੀ ਪ੍ਰਧਾਨ ਉਰ-ਸੁਲਾ ਵਾਨ ਡੇਰ ਲੇਏਨ ਨੇ ਇਸ ਮਹੀਨੇ ਦੀ ਸ਼ੁਰੂਆਤ ਵਿੱਚ ਬੱਚਿਆਂ ਦੁਆਰਾ ਸੋਸ਼ਲ ਮੀਡੀਆ ਦੀ ਵਰਤੋਂ 'ਤੇ ਸੀਮਾਵਾਂ ਤੈਅ ਕਰਨ ਦੀ ਵਕਾਲਤ ਕੀਤੀ ਸੀ। ਇਸ ਮੁੱਦੇ 'ਤੇ ਗਠਿਤ ਯੂਰੋਪੀਅਨ ਯੂਨੀਅਨ ਦੇ ਇੱਕ ਵਿਸ਼ੇਸ਼ ਪੈਨਲ ਨੇ ਸਿਫਾਰਸ਼ ਕੀਤੀ ਹੈ ਕਿ 13 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਉਦੋਂ ਤੱਕ ਸੋਸ਼ਲ ਮੀਡੀਆ ਪਲੇਟਫਾਰਮਾਂ ਤੱਕ ਪਹੁੰਚ ਨਹੀਂ ਦਿੱਤੀ ਜਾਣੀ ਚਾਹੀਦੀ, ਜਦੋਂ ਤੱਕ ਤਕਨਾਲੋਜੀ ਕੰਪਨੀਆਂ ਇਹ ਸਾਬਤ ਨਹੀਂ ਕਰ ਦਿੰਦੀਆਂ ਕਿ ਉਨ੍ਹਾਂ ਦੇ ਪਲੇਟਫਾਰਮ ਸੁਰੱਖਿਅਤ ਹਨ। ਦੁਨੀਆ ਭਰ ਵਿੱਚ ਨੌਜਵਾਨਾਂ ਦੇ ਦਿਮਾਗ 'ਤੇ ਸੋਸ਼ਲ ਮੀਡੀਆ ਦੇ ਮਾੜੇ ਪ੍ਰਭਾਵਾਂ ਨੂੰ ਲੈ ਕੇ ਵਧਦੀ ਚਿੰਤਾ ਦੇ ਵਿਚਕਾਰ ਕਈ ਦੇਸ਼ਾਂ ਨੇ ਨਵੀਆਂ ਪਾਬੰਦੀਆਂ ਲਾਗੂ ਕੀਤੀਆਂ ਹਨ। ਆਸਟ੍ਰੇਲੀਆ, ਬ੍ਰਿਟੇਨ, ਤੁਰਕੀ, ਇੰਡੋਨੇਸ਼ੀਆ ਅਤੇ ਹੋਰ ਦੇਸ਼ਾਂ ਨੇ 15 ਜਾਂ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਟਿਕਟੌਕ, ਯੂਟਿਊਬ ਅਤੇ ਇੰਸਟਾਗ੍ਰਾਮ ਵਰਗੇ ਪਲੇਟਫਾਰਮਾਂ ਦੀ ਵਰਤੋਂ 'ਤੇ ਪਾਬੰਦੀ ਸੰਬੰਧੀ ਕਾਨੂੰਨ ਬਣਾਏ ਹਨ।

## ਤ੍ਰਿਪੁਰਾ ਦੇ ਡੀਜੀਪੀ ਅਨੁਰਾਗ ਧਨਖੜ ਪੁਲਿਸ ਹੈੱਡਕੁਆਰਟਰ 'ਚ ਮ੍ਰਿਤਕ ਮਿਲੇ


**ਨਵੀਂ ਦਿੱਲੀ:** ਤ੍ਰਿਪੁਰਾ ਦੇ ਡੀ.ਜੀ.ਪੀ. ਅਨੁਰਾਗ ਧਨਖੜ ਰਾਜ ਪੁਲਿਸ ਹੈੱਡਕੁਆਰਟਰ ਵਿੱਚ ਮ੍ਰਿਤਕ ਪਾਏ ਗਏ ਹਨ। ਮੰਨਿਆ ਜਾ ਰਿਹਾ ਹੈ ਕਿ ਉਨ੍ਹਾਂ ਨੇ ਖ਼ੁਦਕੁਸ਼ੀ ਕੀਤੀ ਹੈ । ਇਸ ਖ਼ਬਰ ਦੇ ਸਾਹ-ਮਣੇ ਆਉਂਦਿਆਂ ਹੀ ਪੁਲਿਸ ਮਹਿਕਮੇ ਵਿੱਚ ਹੜਕੰਪ ਮਚ ਗਿਆ ਹੈ । ਪੁਲਿਸ ਦੇ ਸੀਨੀਅਰ ਅਧਿਕਾਰੀ ਮਾਮਲੇ ਦੀ ਜਾਂਚ ਵਿੱਚ ਜੁੱਟ ਗਏ ਹਨ। ਹਾਲਾਂਕਿ ਅਨੁਰਾਗ ਧਨਖੜ ਨੇ ਇਹ ਖ਼ੁਦਕੁਸ਼ੀ ਦਾ ਕਦਮ ਕਿਉਂ ਚੁੱਕਿਆ, ਇਸ 'ਤੇ ਅਜੇ ਠੋਸ ਜਾਣਕਾਰੀ ਦੀ ਉਡੀਕ ਹੈ। ਅਨੁਰਾਗ ਧਨਖੜ ਯੂ.ਪੀ. ਦੇ ਬਾਗਪਤ ਜ਼ਿਲ੍ਹੇ ਦੇ ਰਹਿਣ ਵਾਲੇ ਸਨ। ਧਨਖੜ 1994 ਬੈਚ ਦੇ ਆਈ.ਪੀ.ਐਸ. ਅਧਿਕਾਰੀ ਸਨ



। ਧਨਖੜ ਦੀ ਮੌਤ ਤੋਂ ਬਾਅਦ ਏਜੰਸੀਆਂ ਜਾਂਚ ਵਿੱਚ ਜੁੱਟ ਗਈਆਂ ਹਨ । ਮੰਨਿਆ ਜਾ ਰਿਹਾ ਹੈ ਕਿ ਧਨਖੜ ਨੇ ਆਪਣੀ ਸਰਵਿਸ ਪਿਸਤੌਲ ਨਾਲ ਖ਼ੁਦ ਨੂੰ ਗੋਲੀ ਮਾਰ ਲਈ । ਇਸ ਘਟਨਾ ਤੋਂ ਬਾਅਦ ਧਨਖੜ ਨੂੰ ਤੁਰੰਤ ਗੋਬਿੰਦ ਬੱਲਭ ਪੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ । ਆਖ਼ਰ ਕਿਸ ਵਜ੍ਹਾ ਕਰਕੇ ਡੀ.ਜੀ.ਪੀ. ਧਨਖੜ ਨੇ ਖ਼ੁਦਕੁਸ਼ੀ ਕੀਤੀ ਹੈ, ਇਸ ਦੀ ਜਾਣਕਾਰੀ ਨਹੀਂ ਮਿਲ ਸਕੀ ਹੈ । ਅਨੁਰਾਗ ਧਨਖੜ ਨੇ 2025 ਵਿੱਚ ਤ੍ਰਿਪੁਰਾ ਦੇ ਡੀ.ਜੀ.ਪੀ. ਅਹੁਦੇ ਦਾ ਚਾਰਜ ਲਿਆ ਸੀ । ਹੁਣ ਉਨ੍ਹਾਂ ਨੇ ਖ਼ੁਦਕੁਸ਼ੀ ਕਿਉਂ ਕੀਤੀ, ਇਸ ਦੀ ਜਾਂਚ ਕੀਤੀ ਜਾ ਰਹੀ ਹੈ । ਡੀ.ਜੀ.ਪੀ. ਦੇ ਖ਼ੁਦ ਨੂੰ ਗੋਲੀ ਮਾਰਨ ਦੀ ਜਾਣਕਾਰੀ ਮਿਲਣ ਤੋਂ ਬਾਅਦ ਉਨ੍ਹਾਂ ਨੂੰ ਤੁਰੰਤ ਅਗਰਤਲਾ ਦੇ ਗੋਬਿੰਦ ਬੱਲਭ ਪੰਤ (ਘਬ) ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ।

## ਇੰਗਲੈਂਡ ਦੇ ਦਿੱਗਜ ਫੁੱਟਬਾਲ ਖਿਡਾਰੀ ਕੇਵਿਨ ਕੀਗਨ ਦਾ ਦੇਹਾਂਤ

**ਲੰਡਨ:** ਇੰਗਲੈਂਡ ਦੇ ਮਹਾਨ ਫੁੱਟਬਾਲ ਖਿਡਾਰੀ ਅਤੇ ਰਾਸ਼ਟਰੀ ਟੀਮ ਦੇ ਸਾਬਕਾ ਕਪਤਾਨ ਅਤੇ ਕੋਚ ਕੇਵਿਨ ਕੀਗਨ ਦਾ 75 ਸਾਲ ਦੀ ਉਮਰ ਵਿੱਚ ਦਿਹਾਂਤ ਹੋ ਗਿਆ। ਦੋ ਵਾਰ ਦੇ ‘ਬੈਲਨ ਡੀ’ਓਰ’ ਜੇਤੂ ਕੀਗਨ ਕੈਂਸਰ ਨਾਲ ਜੂਝ ਰਹੇ ਸਨ। ਪਿਛਲੇ ਮਹੀਨੇ ਹੀ ਉਨ੍ਹਾਂ ਨੇ ਆਪਣੀ ਬੀਮਾਰੀ ਦੀ ਜਾਣਕਾਰੀ ਜਨਤਕ ਕੀਤੀ ਸੀ।ਕੀਗਨ ਦੇ ਦੇਹਾਂਤ ਦੀ ਜਾਣਕਾਰੀ ਉਨ੍ਹਾਂ ਦੇ ਸਾਬਕਾ ਕਲੱਬ ਨਿਊਕੈਸਲ ਯੂਨਾਈਟਿਡ ਨੇ ਸੋਮਵਾਰ ਨੂੰ ਦਿੱਤੀ। ਕਲੱਬ ਨੇ ਉਨ੍ਹਾਂ ਨੂੰ ਆਪਣੇ ਇਤਿਹਾਸ ਦੀਆਂ ਸਭ ਤੋਂ ਵੱਕਾਰੀ, ਪ੍ਰਭਾਵਸ਼ਾਲੀ ਅਤੇ ਸਭ ਤੋਂ ਵੱਧ ਪਿਆਰੀਆਂ ਸ਼ਖਸੀਅਤਾਂ ਵਿੱਚੋਂ ਇੱਕ ਦੱਸਿਆ। 1970 ਦੇ ਦਹਾਕੇ ਵਿੱਚ ਕੀਗਨ ਸਿਰਫ਼ ਇੰਗਲੈਂਡ ਦੇ ਹੀ ਨਹੀਂ ਸਗੋਂ ਯੂਰਪੀਅਨ ਫੁੱਟਬਾਲ ਦੇ ਸਭ ਤੋਂ ਵੱਡੇ ਸਿਤਾਰਿਆਂ ਵਿੱਚ ਸ਼ਾਮਲ ਸਨ। ਉਹ ਇੰਗਲੈਂਡ ਦੇ ਉਨ੍ਹਾਂ ਚਾਰ ਖਿਡਾਰੀਆਂ ਵਿੱਚ ਸ਼ਾਮਲ ਹਨ, ਜਿਨ੍ਹਾਂ ਨੇ ਵੱਕਾਰੀ ‘ਬੈਲਨ ਡੀ'ਓਰ’ ਪੁਰਸਕਾਰ ਜਿੱਤਿਆ। ਆਪਣੀ ਫੁਰਤੀ, ਗੋਲ ਕਰਨ ਦੀ ਸਮਰੱਥਾ ਅਤੇ ਅਣਥੱਕ ਮਿਹਨਤ ਦੇ ਦਮ 'ਤੇ



ਉਨ੍ਹਾਂ ਨੇ ਵਿਸ਼ਵ ਫੁੱਟਬਾਲ ਵਿੱਚ ਵੱਖਰੀ ਪਛਾਣ ਬਣਾਈ। ਕੀਗਨ ਉਨ੍ਹਾਂ ਸ਼ੁਰੂਆਤੀ ਅੰਗਰੇਜ਼ ਖਿਡਾਰੀਆਂ ਵਿੱਚ ਵੀ ਸ਼ਾਮਲ ਸਨ ਜਿਨ੍ਹਾਂ ਨੇ ਘਰੇਲੂ ਫੁੱਟਬਾਲ ਛੱਡ ਕੇ ਯੂਰਪ ਦੀ ਕਿਸੇ ਵੱਡੀ ਲੀਗ ਵਿੱਚ ਖੇਡਣ ਦਾ ਫੈਸਲਾ ਕੀਤਾ। 1977 ਵਿੱਚ ਲਿਵਰਪੂਲ ਨਾਲ ਯੂਰਪੀਅਨ ਕੱਪ ਜਿੱਤਣ ਤੋਂ ਬਾਅਦ ਉਹ ਜਰਮਨੀ ਦੇ ਕਲੱਬ ਹੈਮਬਰਗ ਐਸ.ਵੀ. ਨਾਲ ਜੁੜੇ।

ਹੈਮਬਰਗ ਵਿੱਚ ਉਨ੍ਹਾਂ ਨੇ 1978 ਅਤੇ 1979 ਵਿੱਚ ਲਗਾਤਾਰ ਦੋ ਵਾਰ ਬੈਲਨ ਡੀ'ਓਰ ਜਿੱਤਿਆ। 1979 ਵਿੱਚ ਕਲੱਬ ਨੂੰ ਜਰਮਨ ਲੀਗ (ਬੁੰਡੇਸਲੀਗਾ) ਦਾ ਖਿਤਾਬ ਦਿਵਾਉਣ ਵਿੱਚ ਵੀ ਉਨ੍ਹਾਂ ਦੀ ਅਹਿਮ ਭੂਮਿਕਾ ਰਹੀ। ਹੈਮਬਰਗ ਨੇ ਉਨ੍ਹਾਂ ਨੂੰ ਕਲੱਬ ਦੇ ਇਤਿਹਾਸ ਦੇ ਮਹਾਨਤਮ ਖਿਡਾਰੀਆਂ ਵਿੱਚੋਂ ਇੱਕ ਦੱਸਿਆ।ਇੰਗਲੈਂਡ ਲਈ ਕੀਗਨ ਨੇ 63 ਅੰਤਰਰਾਸ਼ਟਰੀ ਮੈਚਾਂ ਵਿੱਚ 21 ਗੋਲ ਕੀਤੇ ਅਤੇ 1982 ਵਿਸ਼ਵ ਕੱਪ ਵਿੱਚ ਦੇਸ਼ ਦੀ ਨੁਮਾਇੰਦਗੀ ਕੀਤੀ।ਉਨ੍ਹਾਂ ਨੇ ਕੋਚ ਵਜੋਂ ਵੀ ਅਮਿੱਟ ਛਾਪ ਛੱਡੀ। 1992 ਤੋਂ 2008 ਤੱਕ ਚੱਲੇ ਆਪਣੇ ਕੋਚਿੰਗ ਕਰੀਅਰ ਵਿੱਚ ਕੀਗਨ ਨੇ ਨਿਊਕੈਸਲ ਯੂਨਾਈਟਿਡ ਨੂੰ 1995-96 ਪ੍ਰੀਮੀਅਰ ਲੀਗ ਖਿਤਾਬ ਦੇ ਬਹੁਤ ਕਰੀਬ ਪਹੁੰਚਾਇਆ।ਉਨ੍ਹਾਂ ਨੇ 1999 ਤੋਂ 2000 ਤੱਕ ਇੰਗਲੈਂਡ ਦੀ ਰਾਸ਼ਟਰੀ ਟੀਮ ਦੇ ਮੁੱਖ ਕੋਚ ਦੀ ਜ਼ਿੰਮੇਵਾਰੀ ਵੀ ਸੰਭਾਲੀ। ਹਾਲਾਂਕਿ ਯੂਰੋ 2000 ਵਿੱਚ ਟੀਮ ਪਹਿਲੇ ਦੌਰ ਵਿੱਚ ਹੀ ਬਾਹਰ ਹੋ ਗਈ ਅਤੇ 2002 ਵਿਸ਼ਵ ਕੱਪ ਕੁਆਲੀਫਾਇਰ ਵਿੱਚ ਜਰਮਨੀ ਤੋਂ ਹਾਰਨ ਤੋਂ ਬਾਅਦ ਉਨ੍ਹਾਂ ਨੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ।

Samaj Weekly
ਸਮਾਜ ਵੀਕਲੀ

Editor-in-chief
Devinder Chander
+44 7878 456 484

Editorial Office
Samaj Weekly
Samaj Media Enterprise Ltd
46 Summer Road
Erdington,Birmingham UK
B23 6UR
+44 7878 456 484
+44 121 565 4810
info@samajweekly.com
samajweekly@gmail.com

ਹਰ ਪ੍ਰਕਾਰ ਦੇ ਵਪਾਰਕ ਅਤੇ ਕਲਾਸੀਫਾਈਡ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ।

## ਡੋਡਾ ’ਚ ਬੱਸ ’ਤੇ ਪੱਥਰ ਡਿੱਗਣ ਕਾਰਨ ਦੋ ਮੌਤਾਂ, ਕਈ ਜ਼ਖਮੀ



**ਡੋਡਾ :** 20 ਜੁਲਾਈ ਸੋਮਵਾਰ ਨੂੰ ਡੋਡਾ ਜ਼ਿਲ੍ਹੇ ਦੇ ਰਾਗੀ ਨਾਲੇ ਵਿੱਚ ਇੱਕ ਯਾਤਰੀ ਬੱਸ ਅਤੇ ਕਈ ਵਾਹਨਾਂ 'ਤੇ ਭਾਰੀ ਪੱਥਰ ਵੱਜਣ ਕਾਰਨ ਦੋ ਵਿਅਕਤੀਆਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ। ਅਧਿਕਾਰੀਆਂ ਨੇ ਦੱਸਿਆ ਕਿ ਪੱਥਰਾਂ ਅਤੇ ਮਲਬੇ ਦੇ ਅਚਾਨਕ ਖਿਸਕਣ ਨਾਲ ਹਾਈਵੇਅ 'ਤੇ ਵਾਹਨਾਂ ਵਿੱਚ ਫਸ ਗਏ, ਜਿਸ ਕਾਰਨ ਜਾਨੀ ਨੁਕਸਾਨ ਹੋਇਆ । ਬਚਾਅ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਅਤੇ ਜ਼ਖਮੀਆਂ ਨੂੰ ਇਲਾਜ ਲਈ ਨੇੜਲੇ ਹਸਪਤਾਲਾਂ ਵਿੱਚ ਭੇਜ ਦਿੱਤਾ। ਘਟਨਾ ਤੋਂ ਬਾਅਦ ਇਲ-ਾਕੇ ਵਿੱਚ ਚਿੱਕੜ ਖਿਸਕਣ ਅਤੇ ਲਗਾਤਾਰ ਪੱਥਰ ਡਿੱਗਣ ਕਾਰਨ ਹਾਈਵੇਅ ਨੂੰ ਆਵਾਜਾਈ ਲਈ ਬੰਦ ਕਰ ਦਿੱਤਾ ਗਿਆ ਹੈ।ਅਧਿਕਾਰੀਆਂ ਨੇ ਕਿਹਾ ਕਿ ਬਹਾਲੀ ਅਤੇ ਸਫਾਈ ਦਾ ਕੰਮ ਇਸ ਸਮੇਂ ਚੱਲ ਰਿਹਾ ਹੈ, ਪਰ ਮੌਜੂਦਾ ਮੌਸਮ ਦੇ ਹਾਲਾਤ ਨੂੰ ਦੇਖਦੇ ਹੋਏ ਇਸ ਵਿੱਚ ਕਾਫ਼ੀ ਸਮਾਂ ਲੱਗਣ ਦੀ ਸੰਭਾਵਨਾ ਹੈ। ਮੌਸਮ ਵਿੱਚ ਸੁਧਾਰ ਹੋਣ ਅਤੇ ਸੜਕ ਨੂੰ ਆਵਾਜਾਈ ਲਈ ਸੁਰੱਖਿਅਤ ਐਲਾਨੇ ਜਾਣ ਤੱਕ ਯਾਤਰੀਆਂ ਨੂੰ ਰਸਤੇ 'ਤੇ ਬੇਲੋੜੀ ਯਾਤਰਾ ਤੋਂ ਬਚਣ ਦੀ ਸਲਾਹ ਦਿੱਤੀ ਗਈ ਹੈ।

ਪੱਤਰਕਾਰਾਂ ਦੀ ਲੋੜ

ਇੰਗਲੈਂਡ ਦੇ ਹਰ ਇਲਾਕੇ ’ਚ ਪੱਤਰਕਾਰਾਂ ਦੀ ਲੋੜ ਹੈ, ਪੱਤਰਕਾਰਤਾ ਦਾ ਸ਼ੌਕ ਰੱਖਣ ਵਾਲੇ ਆਪਣੀ C.V. email: samajweekly@gmail.com ਉੱਤੇ ਭੇਜ ਸਕਦੇ ਹਨ।

Editor-in-chief : **Devinder Chander**

**Mob: 07878 456 484**

ਨੋਟ : ਪੱਤਰਕਾਰਤਾ ਦਾ ਤਜੁਰਬਾ ਰੱਖਣ ਵਾਲੇ ਨੂੰ ਪਹਿਲ ਦਿਤੀ ਜਾਵੇਗੀ।

# ਅਮਰੀਕਾ ਨੇ ਈਰਾਨ 'ਤੇ ਕੀਤੇ ਨਵੇਂ ਹਵਾਈ ਹਮਲੇ

**ਦੁਬਈ:** ਅਮਰੀਕਾ ਨੇ ਇੱਕ ਹੋਰ ਸੈਨਿਕ ਦੀ ਮੌਤ ਦੀ ਪੁਸ਼ਟੀ ਕਰਨ ਤੋਂ ਬਾਅਦ ਸੋਮਵਾਰ ਨੂੰ ਈਰਾਨ ਵਿਰੁੱਧ ਇੱਕ ਹੋਰ ਹਵਾਈ ਹਮਲਾ ਕੀਤਾ। ਇਸ ਦੌਰਾਨ, ਈਰਾਨ ਵੱਲੋਂ ਜਾਰਡਨ ਵੱਲ ਦਾਗੀ ਗਈ ਇੱਕ ਮਿਜ਼ਾਈਲ ਨੇ ਗੁਆਂਢੀ ਇਜ਼ਰਾਈਲ ਵਿੱਚ ਟਕਰਾਅ ਫੈਲਣ ਦਾ ਖ਼ਤਰਾ ਵਧਾ ਦਿੱਤਾ ਹੈ। ਪਿਛਲੇ ਮਹੀਨੇ ਹੋਏ ਅੰਤਰਿਮ ਜੰਗਬੰਦੀ ਸਮਝੌਤੇ ਦੇ ਟੁੱਟਣ ਤੋਂ ਬਾਅਦ ਦੋਵਾਂ ਦੇਸ਼ਾਂ ਵਿਚਕਾਰ ਤਣਾਅ ਫਿਰ ਸਿਖਰ 'ਤੇ ਪਹੁੰਚ ਗਿਆ ਹੈ, ਅਤੇ ਉਹ ਇੱਕ ਵਾਰ ਫਿਰ ਪੂਰੇ ਪੈਮਾਨੇ 'ਤੇ ਯੁੱਧ ਦੇ ਨੇੜੇ ਜਾਪਦੇ ਹਨ। ਇਸ ਟਕਰਾਅ ਨੇ ਹੋਰਮੁਜ਼ ਜਲਡਮਰੂ ਰਾਹੀਂ ਸ਼ਿਪਿੰਗ ਵਿੱਚ ਕਾਫ਼ੀ ਵਿਘਨ ਪਾਇਆ ਹੈ, ਜਿਸ ਨਾਲ ਵਿਸ਼ਵਵਿਆਪੀ ਊਰਜਾ ਸੰਕਟ ਹੋਰ ਵਧ ਗਿਆ ਹੈ। ਅਮਰੀਕੀ ਫੌਜ ਨੇ ਰਿਪੋਰਟ ਦਿੱਤੀ ਕਿ ਸ਼ਨੀਵਾਰ ਨੂੰ ਇਰਾਕ ਵਿੱਚ ਇੱਕ ਈਰਾਨੀ ਡਰੋਨ ਹਮਲੇ ਵਿੱਚ ਉਸਦਾ ਇੱਕ ਸੈਨਿਕ ਮਾਰਿਆ ਗਿਆ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ, "ਅਸੀਂ ਅੱਜ ਰਾਤ ਫਿਰ ਉਨ੍ਹਾਂ 'ਤੇ ਬਹੁਤ ਸ਼ਕਤੀਸ਼ਾਲੀ ਹਮਲਾ ਕੀਤਾ ਹੈ। ਅਸੀਂ ਇਹ ਕਾਰਵਾਈ ਆਪਣੇ ਸੈਨਿਕਾਂ ਦੀ ਮੌਤ ਦਾ ਬਦਲਾ ਲੈਣ ਲਈ ਕੀਤੀ ਹੈ।"



ਇਸ ਸੰਘਰਸ਼ ਵਿੱਚ ਹੁਣ ਤੱਕ 17 ਅਮਰੀਕੀ ਸੈਨਿਕ ਮਾਰੇ ਗਏ ਹਨ।ਇਸ ਤੋਂ ਪਹਿਲਾਂ ਐਤਵਾਰ ਨੂੰ, ਅਮਰੀਕੀ ਫੌਜ ਨੇ ਕਿਹਾ ਸੀ ਕਿ ਉਸਨੇ ਸ਼ੁੱਕਰਵਾਰ ਨੂੰ ਜਾਰਡਨ ਵਿੱਚ ਇੱਕ ਹਮਲੇ ਵਿੱਚ ਸੈਨਿਕਾਂ ਦੀ ਮੌਤ ਦੇ ਜਵਾਬ ਵਿੱਚ ਈਰਾਨ ਦੇ ਅਰਧ ਸੈਨਿਕ ਰੈਵੋਲਿਊਸ਼ਨਰੀ ਗਾਰਡ ਨੂੰ ਨਿਸ਼ਾਨਾ ਬਣਾਇਆ ਸੀ।ਅਮਰੀਕੀ ਫੌਜ ਨੇ ਕਿਹਾ ਕਿ ਉਸਦਾ ਉਦੇਸ਼ ਜਾਰਡਨ ਵਿੱਚ ਹੋਏ ਹਮਲੇ ਲਈ ਈਰਾਨ ਨੂੰ "ਤੁਰੰਤ ਸਜ਼ਾ" ਦੇਣਾ ਸੀ, ਜਿਸ ਵਿੱਚ ਦੋ ਅਮਰੀਕੀ ਸੈਨਿਕ ਮਾਰੇ ਗਏ ਸਨ, ਇੱਕ ਲਾਪਤਾ ਹੋ ਗਿਆ ਸੀ, ਅਤੇ ਚਾਰ ਹੋਰ ਜ਼ਖਮੀ ਹੋ ਗਏ ਸਨ।ਇਸ ਦੌਰਾਨ, ਬ੍ਰਿਟਿਸ਼ ਫੌਜ ਨੇ ਰਿਪੋਰਟ ਦਿੱਤੀ ਕਿ ਸੋਮਵਾਰ ਤੜਕੇ ਓਮਾਨ ਦੇ ਤੱਟ ਤੋਂ ਦੂਰ ਹੋਰਮੁਜ਼ ਜਲਡਮਰੂ ਵਿੱਚ ਇੱਕ ਜਹਾਜ਼ ਨੂੰ ਅੱਗ ਲੱਗ ਗਈ। ਯੂਨਾਈਟਿਡ ਕਿੰਗਡਮ ਮੈਰੀਟਾਈਮ ਟ੍ਰੇਡ ਆਪ੍ਰੇਸ਼ਨਜ਼ (ਯੂਕੇਐਮਟੀਓ) ਨੇ ਇਸ ਘਟਨਾ ਸੰਬੰਧੀ ਇੱਕ ਚੇਤਾਵਨੀ ਜਾਰੀ ਕੀਤੀ, ਜਿਸ ਵਿੱਚ ਕਿਹਾ ਗਿਆ ਹੈ ਕਿ ਅੱਗ ਲੱਗਣ ਦਾ ਕਾਰਨ ਅਜੇ ਪਤਾ ਨਹੀਂ ਲੱਗ ਸਕਿਆ ਹੈ।

## ਸੋਨੇ ਦੀਆਂ ਕੀਮਤਾਂ 'ਚ ਉਛਾਲ, ਚਾਂਦੀ ਵਿੱਚ ਗਿਰਾਵਟ ਦਾ ਸਿਲਸਿਲਾ ਜਾਰੀ

**ਨਵੀਂ ਦਿੱਲੀ:** ਮਜ਼ਬੂਤ ਗਲੋਬਲ ਰੁਝਾਨਾਂ ਦੇ ਵਿਚਕਾਰ ਰਾਸ਼ਟਰੀ ਰਾਜਧਾਨੀ ਵਿੱਚ ਸੋਮਵਾਰ ਨੂੰ ਸੋਨੇ ਦੀਆਂ ਕੀਮਤਾਂ ਵਿੱਚ 1,400 ਰੁਪਏ ਦਾ ਉਛਾਲ ਆਇਆ ਅਤੇ ਇਹ ਲਗਭਗ 1.47 ਲੱਖ ਰੁਪਏ ਪ੍ਰਤੀ 10 ਗ੍ਰਾਮ ਦੇ ਪੱਧਰ 'ਤੇ ਪਹੁੰਚ ਗਿਆ। ਆਲ ਇੰਡੀਆ ਸਰਾਫਾ ਐਸੋਸੀਏਸ਼ਨ ਨੇ ਕਿਹਾ ਕਿ 99.9 ਪ੍ਰਤੀਸ਼ਤ ਸ਼ੁੱਧਤਾ ਵਾਲਾ ਸੋਨਾ 1,400 ਰੁਪਏ ਵਧ ਕੇ 1,46,900 ਰੁਪਏ ਪ੍ਰਤੀ 10 ਗ੍ਰਾਮ (ਸਾਰੇ ਕਰਾਂ ਸਮੇਤ) 'ਤੇ ਪਹੁੰਚ ਗਿਆ, ਜਦੋਂ ਕਿ ਸ਼ੁੱਕਰਵਾਰ ਨੂੰ ਇਹ 1,45,500 ਰੁਪਏ ਪ੍ਰਤੀ 10 ਗ੍ਰਾਮ 'ਤੇ ਬੰਦ ਹੋਇਆ ਸੀ। ਹਾਲਾਂਕਿ, ਚਾਂਦੀ ਦੀਆਂ ਕੀਮਤਾਂ ਵਿੱਚ ਲਗਾਤਾਰ ਛੇਵੇਂ ਕਾਰੋਬਾਰੀ ਸੈਸ਼ਨ ਵਿੱਚ ਗਿਰਾਵਟ ਜਾਰੀ ਰਹੀ। ਚਾਂਦੀ 1,000 ਰੁਪਏ ਟੁੱਟ ਕੇ 2,21,500 ਰੁਪਏ ਪ੍ਰਤੀ ਕਿਲੋਗ੍ਰਾਮ (ਸਾਰੇ ਕਰਾਂ ਸਮੇਤ) ਰਹਿ ਗਈ। ਪਿਛਲੇ ਸੈਸ਼ਨ ਵਿੱਚ ਇਹ 2,22,500 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਬੰਦ ਹੋਈ ਸੀ। ਚਾਂਦੀ ਵਿੱਚ 10 ਜੁਲਾਈ ਤੋਂ ਬਾਅਦ ਹੁਣ ਤੱਕ ਕੁੱਲ 15,500 ਰੁਪਏ ਯਾਨੀ ਲਗਭਗ 6.5 ਪ੍ਰਤੀਸ਼ਤ ਦੀ ਗਿਰਾਵਟ ਆ ਚੁੱਕੀ ਹੈ।



ਸਰਰਾਫਾ ਕਾਰੋਬਾਰੀਆਂ ਨੇ ਕਿਹਾ ਕਿ ਪਿਛਲੇ ਹਫ਼ਤੇ ਦੀ ਤੇਜ਼ ਗਿਰਾਵਟ ਤੋਂ ਬਾਅਦ ਸੋਨੇ ਵਿੱਚ ਹੇਠਲੇ ਪੱਧਰ 'ਤੇ ਖਰੀਦਦਾਰੀ ਦੇਖਣ ਨੂੰ ਮਿਲੀ, ਜਿਸ ਨਾਲ ਇਸ ਦੀਆਂ ਕੀਮਤਾਂ ਨੂੰ ਸਹਾਰਾ ਮਿਲਿਆ। ਦੂਜੇ ਪਾਸੇ, ਚਾਂਦੀ 'ਚ ਬਿਕਵਾਲੀ (ਬਿਕਰੀ) ਦਾ ਦਬਾਅ ਬਣਿਆ ਰਿਹਾ, ਕਿਉਂਕਿ ਨਿਵੇਸ਼ਕ ਭੂ-ਰਾਜਨੀਤਿਕ ਜੋਖਮਾਂ ਅਤੇ ਅਮਰੀਕੀ ਫੈਡਰਲ ਰਿਜ਼ਰਵ ਦੁਆਰਾ ਵਿਆਜ ਦਰਾਂ ਨੂੰ ਉੱਚੇ ਪੱਧਰ 'ਤੇ ਬਣਾਏ ਰੱਖਣ ਦੀਆਂ ਸੰਭਾਵਨਾਵਾਂ ਦਾ ਅੰਦਾਜ਼ਾ ਲਗਾ ਰਹੇ ਹਨ। ਐਚ.ਡੀ.ਐਫ.ਸੀ. ਸਕਿਓਰਿਟੀਜ਼ ਦੇ ਸੀਨੀਅਰ ਵਿਸ਼ਲੇਸ਼ਕ (ਕਮੋਡਿਟੀ) ਸੌਮਿਲ ਗਾਂਧੀ ਨੇ ਕਿਹਾ, "ਅੰਤਰਰਾਸ਼ਟਰੀ ਬਾਜ਼ਾਰਾਂ ਤੋਂ ਸਕਾਰਾਤਮਕ ਸੰਕੇਤ ਮਿਲਣ ਅਤੇ ਪਿਛਲੇ ਹਫ਼ਤੇ ਦੀ ਗਿਰਾਵਟ ਤੋਂ ਬਾਅਦ ਸਸਤੇ ਪੱਧਰ 'ਤੇ ਖਰੀਦਦਾਰੀ ਆਉਣ ਨਾਲ ਸੋਮਵਾਰ ਨੂੰ ਸੋਨੇ ਵਿੱਚ ਤੇਜ਼ੀ ਆਈ।" ਉਨ੍ਹਾਂ ਕਿਹਾ ਕਿ ਅਮਰੀਕੀ ਡਾਲਰ 'ਚ ਨਰਮੀ ਨਾਲ ਵੀ ਵਿਦੇਸ਼ੀ ਖਰੀਦਦਾਰਾਂ ਲਈ ਸੋਨਾ ਜ਼ਿਆਦਾ ਆਕਰਸ਼ਕ ਬਣਿਆ। ਅੰਤਰਰਾਸ਼ਟਰੀ ਬਾਜ਼ਾਰ 'ਚ ਹਾਜ਼ਰ ਸੋਨਾ ਮਾਮੂਲੀ ਵਾਧੇ ਨਾਲ ਲਗਭਗ 4,020 ਡਾਲਰ ਪ੍ਰਤੀ ਔਂਸ 'ਤੇ ਕਾਰੋਬਾਰ ਕਰ ਰਿਹਾ ਸੀ।


SHAM LAL CHANDER

ID no. 921760

BUILDING MAINTENANCE HANDYMAN (CHECKATRADE)



Sham Lal Chander building maintenance handyman Under checkatrade platform is now available on your local London Area. They have fully trained and experienced tradesmen and do genuinely fast responses to all online enquiries. Their team are knowledgeable and providing on-time service. They have been providing remodelling, repairing and maintaining for over five years.

SPECIALITY:

PLUMBING : - Repairs/Replacement of Bathrooms accessories (sink, taps, tubs, showers, Toilets etc.

ELECTRICIAN :- Repairs/Replacement of all types of Sockets, Switches, Lamps, Fans, Cameras, Washing machines, Cookers, Alarms, Mount TV on walls, etc.

MASONRY WORK: - Plastering, skimming, Brick Work, Slabs Lying, Drive Ways, Roof maintenance etc.

CARPENTRY: - Laminate Flooring, Fencing, Flat Packs Assembling, Doors repairing/ replacing, Skirting, Decking, Selves making etc.

For more information please contact at www.checkatrade.com

Chander Consultants Limited, London, UK 07488841161

# ਆਈਏਐਸ ਵਿਵੇਕ ਚੰਦੈਲ ਨੇ ਸੰਭਾਲੀ ਨਗਰ ਨਿਗਮ ਬੱਦੀ ਦੇ ਕਮਿਸ਼ਨਰ ਦੀ ਕਮਾਨ

## ਬੱਦੀ ਨੂੰ ਦੇਸ਼ ਦਾ ਆਦਰਸ਼, ਸਾਫ਼-ਸੁਥਰਾ ਅਤੇ ਯੋਜਨਾਬੱਧ ਉਦਯੋਗਿਕ ਸ਼ਹਿਰ ਬਣਾਉਣ ਲਈ ਵਚਨਬੱਧ

**ਚੰਡੀਗੜ੍ਹ/ਬੱਦੀ (ਗੁਰਭਿੰਦਰ ਗੁਰੀ)** ਭਾਰਤੀ ਪ੍ਰਸ਼ਾਸਨਿਕ ਸੇਵਾ (ਆਈਏਐਸ) ਦੇ ਸੀਨੀਅਰ ਅਧਿਕਾਰੀ ਵਿਵੇਕ ਚੰਦੈਲ ਨੇ ਸੋਮਵਾਰ ਨੂੰ ਨਗਰ ਨਿਗਮ ਬੱਦੀ ਦੇ ਕਮਿਸ਼ਨਰ ਵਜੋਂ ਰਸਮੀ ਤੌਰ 'ਤੇ ਅਹੁਦਾ ਸੰਭਾਲ ਲਿਆ। ਹਿਮਾਚਲ ਪ੍ਰਦੇਸ਼ ਸਰਕਾਰ ਵੱਲੋਂ ਹਾਲ ਹੀ ਵਿੱਚ ਜਾਰੀ ਤਬਾਦਲਾ ਹੁਕਮਾਂ ਤਹਿਤ ਉਨ੍ਹਾਂ ਨੂੰ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸ ਤੋਂ ਪਹਿਲਾਂ ਉਹ ਸੋਲਨ ਦੇ ਵਧੀਕ ਡਿਪਟੀ ਕਮਿਸ਼ਨਰ (ਏਡੀਸੀ) ਅਤੇ ਬਿਲਾਸਪੁਰ ਵਿੱਚ ਮੱਛੀ ਪਾਲਣ ਵਿਭਾਗ ਦੇ ਨਿਰਦੇਸ਼ਕ ਵਜੋਂ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ। ਅਹੁਦਾ ਸੰਭਾਲਣ ਮੌਕੇ ਜਨ ਪ੍ਰਤੀਨਿਧੀਆਂ, ਸਮਾਜ ਸੇਵੀਆਂ, ਉਦਯੋਗਿਕ ਖੇਤਰ ਨਾਲ ਜੁੜੇ ਲੋਕਾਂ ਅਤੇ ਨਗਰ ਨਿਗਮ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਵਿਵੇਕ ਚੰਦੈਲ ਦਾ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ। ਹਾਜ਼ਰ ਲੋਕਾਂ ਨੇ ਉਮੀਦ ਜਤਾਈ ਕਿ ਉਨ੍ਹਾਂ ਦੇ ਪ੍ਰਸ਼ਾਸਨਿਕ ਤਜ਼ਰਬੇ ਨਾਲ ਬੱਦੀ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਮਿਲੇਗੀ ਅਤੇ ਸ਼ਹਿਰ



ਦੀਆਂ ਬੁਨਿਆਦੀ ਸਮੱਸਿਆਵਾਂ ਦੇ ਹੱਲ ਵੱਲ ਠੋਸ ਕਦਮ ਚੁੱਕੇ ਜਾਣਗੇ। ਸਾਬਕਾ ਵਿਧਾਇਕ ਵਿਨੋਦ ਚੰਦੈਲ, ਹੰਸਰਾਜ, ਸਮਾਜ ਸੇਵੀ ਸਵਾਸਤਿਕ ਗੌਤਮ, ਨਗਰ ਨਿਗਮ ਦੇ ਜੇਈ ਨਿਤਿਨ, ਜੈਦੇਵ ਅਤੇ ਹੋਰਨਾਂ ਨੇ ਕਿਹਾ ਕਿ ਵਿਵੇਕ ਚੰਦੈਲ ਦੀ ਨਿਯੁਕਤੀ ਨਾਲ ਨਗਰ ਨਿਗਮ ਦੀ ਕਾਰਗੁਜ਼ਾਰੀ ਹੋਰ ਪ੍ਰਭਾਵਸ਼ਾਲੀ ਬਣੇਗੀ ਅਤੇ ਬੀਬੀਐਨ ਖੇਤਰ ਦੇ ਵਿਕਾਸ ਕਾਰਜਾਂ ਨੂੰ ਨਵੀਂ ਦਿਸ਼ਾ ਮਿਲੇਗੀ। ਅਹੁਦਾ ਸੰਭਾਲਣ ਤੋਂ ਬਾਅਦ ਕਮਿਸ਼ਨਰ ਵਿਵੇਕ ਚੰਦੈਲ ਨੇ ਕਿਹਾ ਕਿ ਬੱਦੀ ਨੂੰ ਸਾਫ਼-ਸੁਥਰਾ, ਪ੍ਰਦੂਸ਼ਣ ਮੁਕਤ, ਆਧੁਨਿਕ ਅਤੇ ਯੋਜਨਾਬੱਧ ਸ਼ਹਿਰ ਵਜੋਂ ਵਿਕਸਤ ਕਰਨਾ ਉਨ੍ਹਾਂ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਉਦਯੋਗਿਕ ਅਤੇ ਰਿਹਾਇਸ਼ੀ ਖੇਤਰਾਂ ਦਾ ਸੰਤੁਲਿਤ ਵਿਕਾਸ, ਸਫ਼ਾਈ ਪ੍ਰਬੰਧ ਨੂੰ ਮਜ਼ਬੂਤ ਕਰਨਾ, ਆਵਾਜਾਈ ਪ੍ਰਬੰਧ ਵਿੱਚ ਸੁਧਾਰ, ਵਾਤਾਵਰਣ ਸੁਰੱਖਿਆ ਅਤੇ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਤੇਜ਼ੀ ਨਾਲ ਕੰਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਮੁੱਖ ਫਾਰਮਾ ਹੱਬ ਅਤੇ ਉਦਯੋਗਿਕ ਕੇਂਦਰ ਵਜੋਂ ਮਸ਼ਹੂਰ ਬੱਦੀ ਨੂੰ ਵਿਕਾਸ, ਸਫ਼ਾਈ ਅਤੇ ਸੁਚਾਰੂ ਸ਼ਹਿਰੀ ਪ੍ਰਬੰਧਨ ਦੇ ਖੇਤਰ ਵਿੱਚ ਦੇਸ਼ ਲਈ ਇੱਕ ਮਾਡਲ ਨਗਰ ਨਿਗਮ ਬਣਾਉਣ ਲਈ ਨਗਰ ਨਿਗਮ ਦੀ ਪੂਰੀ ਟੀਮ, ਉਦਯੋਗ ਜਗਤ ਅਤੇ ਆਮ ਲੋਕਾਂ ਦੇ ਸਹਿਯੋਗ ਨਾਲ ਨਤੀਜਾ-ਕੇਂਦਰਿਤ ਕੰਮ ਕੀਤਾ ਜਾਵੇਗਾ।

# ਪੱਤਰਕਾਰ ਆਤਮਾ ਸਿੰਘ ਲੋਹਟਬੱਦੀ ਨੂੰ ਪੁਲਿਸ ਵੱਲੋਂ ਹਿਰਾਸਤ ਵਿੱਚ ਲਏ ਜਾਣ 'ਤੇ ਉੱਠੇ ਸਵਾਲ, ਪ੍ਰੈੱਸ ਕਲੱਬ ਦੇ ਵਿਰੋਧ ਮਗਰੋਂ ਮੁਕੱਦਮਾ ਰੱਦ

**ਰਾਏਕੋਟ, 20 ਜੁਲਾਈ ( ਗੁਰਭਿੰਦਰ ਗੁਰੀ .) :** ਪੱਤਰਕਾਰ ਆਤਮਾ ਸਿੰਘ ਲੋਹਟਬੱਦੀ ਨੂੰ ਲੋਹਟਬੱਦੀ ਪੁਲਿਸ ਵੱਲੋਂ ਹਿਰਾਸਤ ਵਿੱਚ ਲਏ ਜਾਣ ਦੀ ਘਟਨਾ ਨੂੰ ਲੈ ਕੇ ਪੱਤਰਕਾਰ ਭਾਈਚਾਰੇ ਅਤੇ ਆਮ ਲੋਕਾਂ ਵਿੱਚ ਕਈ ਸਵਾਲ ਖੜ੍ਹੇ ਹੋ ਗਏ। ਇਸ ਕਾਰਵਾਈ ਦੀ ਜਾਣਕਾਰੀ ਮਿਲਣ ਉਪਰੰਤ ਪ੍ਰੈੱਸ ਕਲੱਬ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਇਸ ਦਾ ਤਿੱਖਾ ਵਿਰੋਧ ਕੀਤਾ ਅਤੇ ਇਸ ਮਾਮਲੇ ਨੂੰ ਪੱਤਰਕਾਰੀ ਦੀ ਆਜ਼ਾਦੀ ਨਾਲ ਜੋੜਦਿਆਂ ਤੁਰੰਤ ਦਖਲ ਦੀ ਮੰਗ ਕੀਤੀ। ਪ੍ਰੈੱਸ ਕਲੱਬ ਦੇ ਪ੍ਰਧਾਨ ਸੰਜੀਵ ਕੁਮਾਰ ਭੱਲਾ ਤੇ ਹੋਰਨਾਂ ਨੁਮਾਇੰਦਿਆਂ ਨੇ ਕਿਹਾ ਕਿ ਪੱਤਰਕਾਰ ਆਤਮਾ ਸਿੰਘ



ਲੋਹਟਬੱਦੀ ਨੂੰ ਬਿਨਾਂ ਠੋਸ ਕਾਰਨ ਹਿਰਾਸਤ ਵਿੱਚ ਲੈਣਾ ਲੋਕਤੰਤਰਿਕ ਕਦਰਾਂ-ਕੀਮਤਾਂ ਦੇ ਉਲਟ ਹੈ। ਉਨ੍ਹਾਂ ਮੰਗ ਕੀਤੀ ਕਿ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਪੱਤਰਕਾਰਾਂ ਦੇ ਅਧਿਕਾਰਾਂ ਦੀ ਰੱਖਿਆ ਯਕੀਨੀ ਬਣਾਈ ਜਾਵੇ। ਪ੍ਰੈੱਸ ਕਲੱਬ ਵੱਲੋਂ ਕੀਤੇ ਗਏ ਵਿਰੋਧ ਅਤੇ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਪੁਲਿਸ ਪ੍ਰਸ਼ਾਸਨ ਨੇ ਦਰਜ ਕੀਤਾ ਗਿਆ ਮੁਕੱਦਮਾ ਰੱਦ ਕਰ ਦਿੱਤਾ। ਇਸ ਫ਼ੈਸਲੇ ਤੋਂ ਬਾਅਦ ਪੱਤਰਕਾਰ ਭਾਈਚਾਰੇ ਨੇ ਰਾਹਤ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸੱਚਾਈ ਅਤੇ ਨਿਆਂ ਦੀ ਜਿੱਤ ਹੋਈ ਹੈ। ਪ੍ਰੈੱਸ ਕਲੱਬ ਦੇ ਅਹੁਦੇਦਾਰਾਂ ਨੇ ਕਿਹਾ ਕਿ ਉਹ ਭਵਿੱਖ ਵਿੱਚ ਵੀ ਪੱਤਰਕਾਰਾਂ ਦੇ ਹੱਕਾਂ ਅਤੇ ਪ੍ਰੈੱਸ ਦੀ ਆਜ਼ਾਦੀ ਦੀ ਰੱਖਿਆ ਲਈ ਹਮੇਸ਼ਾ ਅੱਗੇ ਰਹਿਣਗੇ।

# ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਵੱਲੋਂ ਪੱਤਰਕਾਰ ਖ਼ਿਲਾਫ਼ ਪੁਲੀਸ ਕਾਰਵਾਈ ਦੀ ਨਿੰਦਾ : ਪ੍ਰਧਾਨ – ਲਾਡੀ ਸਿੱਧੂ

## ਐੱਸ.ਡੀ.ਐੱਮ ਅਦਾਲਤ ਵਿੱਚ ਪੇਸ਼ੀ ਦੌਰਾਨ ਵਿਰੋਧ ਬਾਅਦ ਪੱਤਰਕਾਰ ਆਤਮਾ ਸਿੰਘ ਰਿਹਾਅ

**ਰਾਏਕੋਟ, 20 ਜੁਲਾਈ ਗੁਰਭਿੰਦਰ ਗੁਰੀ।** ਖ਼ੁਫ਼ੀਆ ਵਿਭਾਗ ਦੀ ਗ਼ਲਤ ਰਿਪੋਰਟ ਦੇ ਅਧਾਰ 'ਤੇ ਚੰਡੀਗੜ੍ਹ ਤੋਂ ਛਪਦੇ ਪੰਜਾਬੀ ਅਖ਼ਬਾਰ ਦੇ ਰਾਏਕੋਟ ਤੋਂ ਪੱਤਰਕਾਰ ਆਤਮਾ ਸਿੰਘ ਦੀ ਰਾਏਕੋਟ (ਸਦਰ) ਪੁਲੀਸ ਵੱਲੋਂ ਗ਼ੈਰ-ਕਾਨੂੰਨੀ ਗ੍ਰਿਫ਼ਤਾਰੀ ਦੀ ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਨੇ ਜ਼ੋਰਦਾਰ ਨਿੰਦਾ ਕੀਤੀ ਹੈ। ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਤਹਿਸੀਲ ਰਾਏਕੋਟ ਦੇ ਪ੍ਰਧਾਨ ਹਰਪ੍ਰੀਤ ਸਿੰਘ ਲਾਡੀ ਸਿੱਧੂ ਅਤੇ ਸੀਟੂ ਦੇ ਸੂਬਾਈ ਆਗੂ ਦਲਜੀਤ ਕੁਮਾਰ ਗੋਰਾ ਵੱਲੋਂ ਤਿੱਖੇ ਵਿਰੋਧ ਤੋਂ ਬਾਅਦ ਪੱਤਰਕਾਰ ਆਤਮਾ ਸਿੰਘ ਲੋਹਟਬੱਦੀ ਨੂੰ ਰਿਹਾਅ ਕਰ ਦਿੱਤਾ ਗਿਆ। ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਤਹਿਸੀਲ ਰਾਏਕੋਟ ਦੇ ਚੇਅਰਮੈਨ ਕੰਵਰਪਾਲ ਆਹਲੂਵਾਲੀਆ, ਪ੍ਰਧਾਨ ਹਰਪ੍ਰੀਤ ਸਿੰਘ ਲਾਡੀ ਸਿੱਧੂ



ਅਤੇ ਜਨਰਲ ਸਕੱਤਰ ਦਲਵਿੰਦਰ ਸਿੰਘ ਰਛੀਨ ਨੇ ਪੁਲੀਸ ਕਾਰਵਾਈ ਨੂੰ ਗ਼ੈਰਵਾਜਬ ਕਰਾਰ ਦਿੱਤਾ ਹੈ ਅਤੇ ਉਨ੍ਹਾਂ ਕਿਹਾ ਕਿ ਪੱਤਰਕਾਰਾਂ ਨਾਲ ਅਜਿਹਾ ਵਿਵਹਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਯੂਨੀਅਨ ਆਗੂਆਂ ਨੇ ਪੱਤਰਕਾਰਾਂ ਦੀ ਆਜ਼ਾਦੀ ਅਤੇ ਮਰਿਆਦਾ ਦੀ ਰਾਖੀ ਲਈ ਇੱਕਜੁੱਟਤਾ ਦਾ ਸੱਦਾ ਦਿੱਤਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਕਿਸੇ ਵੀ ਪੱਤਰਕਾਰ ਖ਼ਿਲਾਫ਼ ਇਸ ਤਰ੍ਹਾਂ ਦੀ ਕਾਰਵਾਈ ਦੁਹਰਾਈ ਗਈ ਤਾਂ ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਵੱਲੋਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

# ਦਵਾਈ ਨੂੰ ਕੇਵਲ ਸਮਰੱਥ ਡਾਕਟਰ ਦੀ prescripiton ਦੇ ਆਧਾਰ 'ਤੇ ਹੀ ਦੇਣ ਦਾ ਹੁਕਮ: ਜ਼ਿਲ੍ਹਾ ਮੈਜਿਸਟਰੇਟ

**ਨਵਾਂਸ਼ਹਿਰ, 20 ਜੁਲਾਈ(ਮਨੋਰੰਜਨ ਕਾਲੀਆ )**

ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਅੰਦਰ Pregabailn ਦਵਾਈ ਨੂੰ ਕੇਵਲ ਸਮਰੱਥ ਡਾਕਟਰ ਦੀ prescripiton ਦੇ ਆਧਾਰ 'ਤੇ ਹੀ ਅਤੇ ਮਿੱਥੇ ਹੋਏ ਸਮੇਂ ਲਈ ਹੀ ਫਾਰਮੇਸੀ ਵੱਲੋਂ ਦੇਣ ਦਾ ਹੁਕਮ ਜਾਰੀ ਕੀਤਾ ਹੈ। ਉਨ੍ਹਾਂ ਆਪਣੇ ਹੁਕਮ ਵਿੱਚ ਸਪੱਸ਼ਟ ਕੀਤਾ ਹੈ ਕਿ ਇਸ ਦੇ ਨਾਲ ਹੀ ਫਾਰਮੇਸੀ ਵੱਲੋਂ Pregabailn ਦਾ ਮੁਕੰਮਲ ਰਿਕਾਰਡ ਰੱਖਿਆ ਜਾਵੇ। ਇਹ ਹੁਕਮ ਤੁਰੰਤ ਲਾਗੂ ਹੋ ਕੇ 16 ਸਤੰਬਰ 2026 ਤੱਕ ਲਾਗੂ ਰਹੇਗਾ।

The Samaj Weekly and people associated with it are not responsible for any claims made by the advisers and don't endorse any product or service advertising Samaj Weekly. Please consult your lawyer before buying hiring/contracting through the ads published in the newspaper. The Samaj Weekly is business of selling space and claims made by the advertisers are not tested/confirmed by any source.

# ਸੈਕਰਡ ਹਾਰਟ ਕਾਨਵੈਂਟ ਸਕੂਲ, ਰਾਏਕੋਟ ਦੀਆਂ ਵਿਦਿਆਰਥਣਾਂ ਨੇ ਕਬੱਡੀ ਵਿੱਚ ਰਚਿਆ ਇਤਿਹਾਸ, ਨੌ ਖਿਡਾਰਨੀਆਂ ਨੈਸ਼ਨਲ ਪੱਧਰ ਲਈ ਚੁਣੀਆਂ ਗਈਆਂ

**ਰਾਏਕੋਟ ( ਗੁਰਭਿੰਦਰ ਗੁਰੀ )–** ਸੈਕਰਡ ਹਾਰਟ ਕਾਨਵੈਂਟ ਸਕੂਲ, ਰਾਏਕੋਟ ਦੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕਰ ਰਹੇ ਹਨ।

12 ਜੁਲਾਈ 2026 ਨੂੰ ਮਹਾਪ੍ਰਗਿਆ ਸਕੂਲ, ਜਗਰਾਓਂ ਵਿਖੇ ਕਰਵਾਏ ਗਏ ਸੀ.ਆਈ.ਐਸ.ਸੀ.ਈ. (ਛੀਸ਼ਛਓ) ਜੋਨਲ ਫੁੱਟਬਾਲ ਟੂਰਨਾਮੈਂਟ ਵਿੱਚ ਸਕੂਲ ਦੀ ਅੰਡਰ-14 ਮੁੰਡਿਆਂ ਦੀ ਫੁੱਟਬਾਲ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਤੀਜਾ ਸਥਾਨ ਹਾਸਲ ਕੀਤਾ।

ਇਸ ਤੋਂ ਇਲਾਵਾ ਗੁਰੂ ਗੋਬਿੰਦ ਇੰਟਰਨੈਸ਼ਨਲ ਸਕੂਲ, ਭਦੌੜ (ਬਰਨਾਲਾ) ਵਿਖੇ ਹੋਏ ਸੀ.ਆਈ.ਐਸ.ਸੀ.ਈ. (ਛੀਸ਼ਛਓ) ਰੀਜਨਲ ਕਬੱਡੀ ਟੂਰਨਾਮੈਂਟ ਵਿੱਚ ਸਕੂਲ ਦੀਆਂ ਵਿਦਿਆਰਥਣਾਂ ਨੇ ਵੀ ਬਿਹਤਰੀਨ ਪ੍ਰਦਰਸ਼ਨ ਕੀਤਾ। ਅੰਡਰ-14 ਅਤੇ ਅੰਡਰ-17 ਵਰਗ ਦੀਆਂ ਟੀਮਾਂ ਨੇ ਤੀਜਾ ਸਥਾਨ, ਜਦਕਿ ਅੰਡਰ-19 ਟੀਮ ਨੇ ਦੂਜਾ ਸਥਾਨ ਹਾਸਲ ਕੀਤਾ।

ਸਕੂਲ ਲਈ ਸਭ ਤੋਂ ਮਾਣ ਵਾਲੀ ਗੱਲ ਇਹ ਰਹੀ ਕਿ ਅੰਡਰ-14, ਅੰਡਰ-17 ਅਤੇ ਅੰਡਰ-19 ਵਰਗਾਂ ਵਿੱਚੋਂ ਕੁੱਲ ਨੌ ਵਿਦਿਆਰਥਣਾਂ ਦੀ ਚੋਣ ਰਾਸ਼ਟਰੀ ਪੱਧਰ ਦੀ ਕਬੱਡੀ ਪ੍ਰਤੀਯੋਗਿਤਾ ਲਈ ਹੋਈ ਹੈ।ਨੈਸ਼ਨਲ ਪੱਧਰ ਲਈ ਚੁਣੀਆਂ ਗਈਆਂ ਵਿਦਿਆਰਥਣਾਂ ਦੇ ਨਾਮ ਇਸ ਪ੍ਰਕਾਰ ਹਨ—

ਅੰਡਰ-14: ਹਰਜੋਤ ਕੌਰ (ਜਮਾਤ ਅੱਠਵੀਂ, ਡੇਜ਼ੀ), ਗੁਨੀਤ ਕੌਰ ਢਿੱਲੋਂ (ਜਮਾਤ ਸੱਤਵੀਂ, ਡੇਜ਼ੀ) ਅਤੇ ਰਵਰੀਤ ਕੌਰ (ਜਮਾਤ ਸੱਤਵੀਂ, ਰੋਜ਼)। ਅੰਡਰ-17: ਏਕਮਪ੍ਰੀਤ ਕੌਰ (ਜਮਾਤ ਦਸਵੀਂ, ਡਾਹਲੀਆ) ਅਤੇ ਜਪਜੀਤ ਕੌਰ (ਜਮਾਤ ਨੌਵੀਂ, ਲੋਟਸ)। ਅੰਡਰ-19: ਸਾਨਪ੍ਰੀਤ ਕੌਰ (ਜਮਾਤ ਬਾਰਹਵੀਂ, ਸਾਇੰਸ), ਲਵਲੀਨ ਕੌਰ (ਜਮਾਤ ਗਿਆਰਹਵੀਂ, ਸਾਇੰਸ), ਰਵਲੀਨ ਕੌਰ (ਜਮਾਤ ਗਿਆਰਹਵੀਂ, ਸਾਇੰਸ) ਅਤੇ ਮਨਮੀਤ ਕੌਰ (ਜਮਾਤ ਗਿਆਰਹਵੀਂ, ਸਾਇੰਸ)।



**ਸਿਸਟਰ ਬਲੇਜ਼ੀ ਸਕੂਲ ਦਾ ਨਾਮ ਰੌਸ਼ਨ ਕਰਨ ਵਾਲੇ ਵਿਦਿਆਰਥੀਆਂ ਨਾਲ।**

ਇਸ ਸ਼ਾਨਦਾਰ ਉਪਲਬਧੀ 'ਤੇ ਸਕੂਲ ਦੇ ਡਾਇਰੈਕਟਰ ਰੈਵ. ਫਾਦਰ ਵਿਲਸਨ ਪੀਟਰ ਅਤੇ ਪ੍ਰਿੰਸੀਪਲ ਸਿਸਟਰ ਬਲੇਜ਼ੀ ਨੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਗੁਰਤੇਜ ਸਿੰਘ, ਜਸਪ੍ਰੀਤ ਸਿੰਘ ਅਤੇ ਮੈਡਮ ਜਸਪ੍ਰੀਤ ਕੌਰ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਸਫਲਤਾ ਪੂਰੇ ਸਕੂਲ ਪਰਿਵਾਰ ਲਈ ਮਾਣ ਅਤੇ ਖੁਸ਼ੀ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਸਕੂਲ ਵਿਦਿਆਰਥੀਆਂ ਦੇ ਬਹੁਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਵਿਦਿਆਰਥੀ ਇਸੇ ਤਰ੍ਹਾਂ ਨਵੀਆਂ ਉੱਚਾਈਆਂ ਹਾਸਲ ਕਰਦੇ ਰਹਿਣਗੇ।

# ਪੰਜਾਬੀ ਲਿਖਾਰੀ ਸਭਾ ਕੈਲਗਰੀ ਨੇ ਰਾਜਿੰਦਰ ਕੌਰ ਚੋਹਕਾ ਦੀ ਕਿਤਾਬ 'ਲੋਕ ਗੀਤਾਂ ਦਾ ਪਰਾਗਾ' ਲੋਕ ਅਰਪਣ ਕੀਤੀ



**ਕੈਨੇਡਾ ਕੈਲਗਰੀ (ਹਰਜਿੰਦਰ ਪਾਲ ਛਾਬੜਾ)**

ਦਵਿੰਦਰ ਮਲਹਾਂਸ: ਪੰਜਾਬੀ ਲਿਖਾਰੀ ਸਭਾ ਕੈਲਗਰੀ ਦੀ ਜੁਲਾਈ ਮਹੀਨੇ ਦੀ ਮੀਟਿੰਗ ਪ੍ਰਧਾਨ ਰਣਜੀਤ ਸਿੰਘ,ਰਾਜਿੰਦਰ ਕੌਰ ਚੋਹਕਾ ਅਤੇ ਜਗਦੀਸ਼ ਸਿੰਘ ਚੋਹਕਾ ਦੀ ਪ੍ਰਧਾਨਗੀ ਹੇਠ ਹੋਈ । ਜਨਰਲ ਸਕੱਤਰ ਦਵਿੰਦਰ ਮਲਹਾਂਸ ਨੇ ਉੱਘੀ ਲੇਖਿਕਾ ਇਕਬਾਲ ਕੌਰ ਸੌਂਦ ਜੀ ਦਾ ਸ਼ੋਕ ਮਤਾ ਸਾਂਝਾ ਕੀਤਾ ਅਤੇ ਸਰਧਾਂਜਲੀ ਭੇਂਟ ਕੀਤੀ । ਮੀਟਿੰਗ ਦਾ ਆਗਾਜ਼ ਮਨਮੋਹਣ ਸਿੰਘ ਬਾਠ ਨੇ ਆਪਣੇ ਸੁਰੀਲੀ ਅਵਾਜ਼ ਨਾਲ ਕੀਤਾ ।ਮੋਹਣ ਸਿੰਘ ਪਪਰਾਲਾ ਅਤੇ ਹਰਮਿੰਦਰਪਾਲ ਸਿੰਘ ਨੇ ਗੀਤਾਂ ਰਾਹੀਂ ਸਰੋਤਿਆਂ ਨੂੰ ਕੀਲਿਆ ।ਇੰਜ.ਜੀਰ ਸਿੰਘ ਬਰਾੜ ਅਤੇ ਅਜੈਬ ਸਿੰਘ ਭੰਗੂ ਨੇ ਆਪਣੇ ਵਿਚਾਰਾਂ ਨਾਲ ਸਾਂਝ ਪਾਈ ।ਸਰਬਜੀਤ ਉੱਪਲ ਅਤੇ ਹਰਭਜਨ ਸਿੰਘ ਨੇ ਕਵਿਤਾਵਾਂ ਪੇਸ਼ ਕੀਤੀਆਂ ।

ਤਰਲੋਚਨ ਸਿੰਘ ਸੈਂਭੀ ਨੇ ਆਪਣਾ ਗੀਤ ਹਰਮੋਨੀਅਮ ਨਾਲ ਪੇਸ਼ ਕੀਤਾ । ਮਾਸਟਰ ਬਚਿੱਤਰ ਸਿੰਘ ਗਿੱਲ ਨੇ ਮਿਰਜੇ ਤੇ ਕਵਿਸਰੀ ਸੁਣਾ ਕੇ ਵਾਹਵਾ ਖੱਟੀ ।

ਹਰੀਪਾਲ ਨੇ 'ਅਲਬਰਟਾ ਦੇ ਵੱਖ ਹੋਣ ਵਾਰੇ ' ਵਿਸਥਾਰ ਪੂਰਵਕ ਲੇਖ ਪੜ੍ਹਿਆ ।ਜਿਸ ਵਿੱਚ ਅਲਬਰਟਾ ਦੇ ਵੱਖ ਹੋਣ ਉਪਰੰਤ ਭਾਰੀ ਨੁਕਸਾਨਾਂ ਤੋਂ ਜਾਣੂ ਕਰਵਾਉਂਦਿਆਂ, ਅਕਤੂਬਰ ਮਹੀਨੇ ਵਿੱਚ ਰਫੈਂਡਮ ਵੋਟ ਵਿੱਚ ਹਿੱਸਾ ਲੈਣ ਲਈ ਪੁਰਜ਼ੋਰ ਅਪੀਲ ਕੀਤੀ । ਇਸ ਉਪਰੰਤ ਰਾਜਿੰਦਰ ਕੌਰ ਚੋਹਕਾ ਦੀ ਕਿਤਾਬ 'ਲੋਕ ਗੀਤਾਂ ਦਾ ਪਰਾਗਾ ' ਲੋਕ ਅਰਪਣ ਕੀਤੀ ਗਈ ।ਪੰਜਾਬੀ ਲਿਖਾਰੀ ਸਭਾ ਦੇ ਮੀਤ ਪ੍ਰਧਾਨ ਜੋਰਾਵਰ ਨੇ ਪੇਪਰ ਪੜ੍ਹਿਆ ।ਉਸਨੇ ਪੇਪਰ ਪੜਦਿਆਂ ਕਿਹਾ ਕਿ " ਇਹ 599 ਸਫਿਆਂ ਦੀ ਕਿਤਾਬ ਇੱਕ ਸਾਂਭਣਯੋਗ ਸਭਿਆਚਾਰਕ ਖਜ਼ਾਨਾ ਹੈ।ਜਿਸ ਵਿੱਚ ਆਮ ਜੀਵਨ ਨਾਲ ਜੁੜਿਆ ਹਰ ਪੱਖ ਅਤੇ ਉਸ ਵੇਲੇ ਦੇ ਸਿਰਜੇ ਗੀਤ ਬੋਲੀਆਂ ਆਦਿ ਨੂੰ ਬਹੁਤ ਵਿਸਥਾਰ ਨਾਲ ਉਜਾਗਰ ਕੀਤਾ ਗਿਆ ਹੈ।"



ਰਾਜਿੰਦਰ ਕੌਰ ਚੋਹਕਾ ਨੇ ਆਪਣੀ ਕਿਤਾਬ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਹ ਕਿਤਾਬ ਲੰਮੇ ਸਮੇ ਦੀ ਮਿਹਨਤ ਤੋਂ ਬਾਅਦ ਹੋਂਦ ਵਿੱਚ ਆਈ।ਸਹਿ-ਸੰਪਾਦਕ ਜਗਦੀਸ਼ ਸਿੰਘ ਚੋਹਕਾ ਨੇ ਇਸ ਕਿਤਾਬ ਵਾਰੇ ਆਪਣੇ ਵਿਚਾਰ ਸਾਂਝੇ ਕੀਤੇ।ਉਨ੍ਹਾਂ ਨੇ ਇਸ ਪੁਸਤਕ ਨੂੰ ਤਰਤੀਬਵਾਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ।

ਐਮ.ਐਲ.ਏ.ਇਰਫਾਨ ਸਾਵਿਰ ਅਤੇ ਐਮ.ਐਲ.ਏ.ਗੁਰਿੰਦਰ ਬਰਾੜ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਲੇਖਿਕਾ ਨੂੰ ਮੁਬਾਰਕਬਾਦ ਦਿੰਦਿਆਂ ਆਪਣੀ ਹਾਜ਼ਰੀ ਲਗਵਾਈ ।



ਜਗਤਾਰ ਜਗਰਾਓਂ ਨੇ ਕਵਿਤਾ ਪੇਸ਼ ਕੀਤੀ ।ਪਰਮਜੀਤ ਕੌਰ ਨੇ ਸੁਹਾਗ ਸੁਣਾਏ।ਲਹਿੰਦੇ ਪੰਜਾਬ ਤੋਂ ਮਲਿਕ ਆਰਿਫ ਨੇ ਵਾਰਿਸ ਸ਼ਾਹ ਦੀ ਹੀਰ ਗਾ ਕੇ ਰੰਗ ਬੰਨ੍ਹਿਆ ।

ਇੰਨਾਂ ਤੋਂ ਇਲਾਵਾ ਪਰਗਟ ਸਿੰਘ ਰਾਏ,ਜਸਵਿੰਦਰ ਸਿੰਘ ਗਿੱਲ,ਇੰਕਾ ਦੇ ਪ੍ਰਧਾਨ ਮੇਜਰ ਸਿੰਘ ਧਾਲੀਵਾਲ, ਬਲਵੀਰ ਗੋਰਾ,ਜਸਵੀਰ ਸਿੰਘ ਸਿਹੋਤਾ, ਮੰਗਲ ਚੱਠਾ ਅਤੇ ਸੁਖਵੀਰ ਸਿੰਘ ਗਰੇਵਾਲ਼ ਨੇ ਹਾਜ਼ਰੀ ਲਗਵਾਈ । ਜਗਤਾਰ ਜਗਰਾਓਂ ਨੇ ਚਾਹ-ਪਾਣੀ ਅਤੇ ਫੋਟੋਗ੍ਰਾਫੀ ਦੀ ਸੇਵਾ ਨਿਭਾਈ ।ਆਖਿਰ ਵਿੱਚ ਪ੍ਰਧਾਨ ਰਣਜੀਤ ਸਿੰਘ ਨੇ ਸਾਰਿਆ ਦਾ ਧੰਨਵਾਦ ਕੀਤਾ ਅਤੇ ਅਗਲੇ ਮਹੀਨੇ ਦੀ ਮੀਟਿੰਗ ਵਾਰੇ ਜਾਣਕਾਰੀ ਸਾਂਝੀ ਕੀਤੀ ਜੋ ਕਿ 15 ਅਗਸਤ 2026 ਨੂੰ ਕੋਸੋ ਹਾਲ ਵਿਖੇ 2 ਵਜੇ ਸ਼ੁਰੂ ਹੋਵੇਗੀ । ਹੋਰ ਜਾਣਕਾਰੀ ਲਈ ਪ੍ਰਧਾਨ ਰਣਜੀਤ ਸਿੰਘ ਨੂੰ 825 735 1466 ਜਨਰਲ ਸਕੱਤਰ ਦਵਿੰਦਰ ਮਲਹਾਂਸ ਨੂੰ 403 993 2201 ਤੇ ਸੰਪਰਕ ਕੀਤਾ ਜਾ ਸਕਦਾ ਹੈ ।

# ਅਵਤਾਰ ਸਿੰਘ ਖੰਡਾ ਦੇ ਮਾਤਾ ਬੀਬੀ ਚਰਨਜੀਤ ਕੌਰ ਦਾ ਗੁਰੂ ਨਾਨਕ ਗੁਰਦੁਆਰਾ ਸਮੈਦਿਕ ਵਿਖੇ ਭਰਵਾਂ ਸਨਮਾਨ



**ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ ਅਤੇ ਬੀਬੀ ਚਰਨਜੀਤ ਕੌਰ ਦੇ ਆਉਣ ਨੂੰ ਭਾਵੁਕ ਅਤੇ ਇਤਿਹਾਸਕ ਪਲ ਕਰਾਰ ਦਿੱਤਾ।ਅਵਤਾਰ ਸਿੰਘ ਖੰਡਾ ਦੇ ਮਾਤਾ ਬੀਬੀ ਚਰਨਜੀਤ ਕੌਰ ਦਾ ਸਨਮਾਨ ਕਰਦੇ ਹੋਏ ਗੁਰੂ ਘਰ ਦੇ ਪ੍ਰਬੰਧਕ.**
**ਤਸਵੀਰ :- ਸੁਖਜਿੰਦਰ ਸਿੰਘ ਢੱਡੇ**

**ਲੈਸਟਰ(ਇੰਗਲੈਂਡ ),,** 20 ਜੁਲਾਈ (ਸੁਖਜਿੰਦਰ ਸਿੰਘ ਢੱਡੇ) – ਗੁਰੂ ਨਾਨਕ ਗੁਰਦੁਆਰਾ ਸਮੈਦਿਕ ਵਿਖੇ ਐਤਵਾਰ, 19 ਜੁਲਾਈ ਨੂੰ ਸਹੀਦ ਭਾਈ ਅਵਤਾਰ ਸਿੰਘ ਖੰਡਾ ਦੇ ਮਾਤਾ ਬੀਬੀ ਚਰਨਜੀਤ ਕੌਰ ਦੇ ਸਨਮਾਨ ਵਿਚ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਹਜ਼ੂਰੀ ਵਿਚ ਹੋਏ ਇਸ ਸਮਾਗਮ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਸੰਗਤਾਂ ਅਤੇ ਸੇਵਾਦਾਰਾਂ ਵੱਲੋਂ ਬੀਬੀ ਚਰਨਜੀਤ ਕੌਰ ਦਾ ਨਿੱਘਾ ਸਵਾਗਤ ਕਰਦਿਆਂ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਜਤਿੰਦਰ ਸਿੰਘ, ਸਾਬਕਾ ਮੁੱਖ ਸੇਵਾਦਾਰ ਭਾਈ ਕੁਲਦੀਪ ਸਿੰਘ ਦਿਓਲ, ਜਨਰਲ ਸਕੱਤਰ ਭਾਈ ਪਰਮਜੀਤ ਸਿੰਘ ਢਿੱਲੋਂ, ਮੀਤ ਜਨਰਲ ਸਕੱਤਰ ਭਾਈ ਇਕਬਾਲ ਸਿੰਘ, ਕਮੇਟੀ ਮੈਂਬਰ ਭਾਈ ਜਸਵਿੰਦਰ ਸਿੰਘ ਬੰਕਾ ਅਤੇ ਹੋਰਨਾਂ ਪ੍ਰਬੰਧਕਾਂ ਤੇ ਸੇਵਾਦਾਰਾਂ ਨੇ ਬੀਬੀ ਚਰਨਜੀਤ ਕੌਰ ਦਾ ਸਨਮਾਨ ਕੀਤਾ।

ਬੁਲਾਰਿਆਂ ਨੇ ਇਸ ਮੌਕੇ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੀ ਸ਼ਹਾਦਤ ਤੋਂ ਬਾਅਦ ਪਰਿਵਾਰ ਵੱਲੋਂ ਝੱਲੇ ਗਏ ਔਖੇ ਸਮੇਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪਰਿਵਾਰ ਨੇ ਆਖ਼ਰੀ ਦਰਸ਼ਨਾਂ ਲਈ ਹਰ ਸੰਭਵ ਯਤਨ ਕੀਤਾ, ਪਰ ਵੀਜ਼ਾ ਸਬੰਧੀ ਰੁਕਾਵਟਾਂ ਕਾਰਨ ਮਾਤਾ ਜੀ ਅਤੇ ਪਰਿਵਾਰਕ ਮੈਂਬਰ ਸਮੇਂ ਸਿਰ ਨਹੀਂ ਪਹੁੰਚ ਸਕੇ, ਜਿਸ ਕਾਰਨ ਪਰਿਵਾਰ ਨੂੰ ਭਾਰੀ ਮਾਨਸਿਕ ਪੀੜਾ ਦਾ ਸਾਹਮਣਾ ਕਰਨਾ ਪਿਆ।

ਉਨ੍ਹਾਂ ਦੱਸਿਆ ਕਿ ਬੀਬੀ ਚਰਨਜੀਤ ਕੌਰ ਨੂੰ ਇੰਗਲੈਂਡ ਲਿਆਉਣ ਲਈ ਗੁਰੂ ਨਾਨਕ ਗੁਰਦੁਆਰਾ ਸਮੈਦਿਕ ਵੱਲੋਂ ਸਪਾਂਸਰਸ਼ਿਪ ਦੀ ਕਾਰਵਾਈ ਸਾਬਕਾ ਮੁੱਖ ਸੇਵਾਦਾਰ ਭਾਈ ਕੁਲਦੀਪ ਸਿੰਘ ਦਿਓਲ ਦੇ ਕਾਰਜਕਾਲ ਦੌਰਾਨ ਆਰੰਭੀ ਗਈ ਸੀ, ਜਦਕਿ ਮੌਜੂਦਾ ਮੁੱਖ ਸੇਵਾਦਾਰ ਭਾਈ ਜਤਿੰਦਰ ਸਿੰਘ ਦੀ ਅਗਵਾਈ ਹੇਠ ਇਹ ਉਪਰਾਲਾ ਸਿਰੇ ਚੜ੍ਹਿਆ।

ਸਮਾਗਮ ਉਪਰੰਤ ਗੁਰਦੁਆਰਾ ਸਾਹਿਬ ਦੇ ਵਿਹੜੇ ਵਿਚ ਚੱਲ ਰਹੇ ਬੱਚਿਆਂ ਦੇ ਪ੍ਰੋਗਰਾਮ ਦੌਰਾਨ ਵੀ ਬੀਬੀ ਚਰਨਜੀਤ ਕੌਰ ਨੇ ਸ਼ਮੂਲੀਅਤ ਕੀਤੀ ਅਤੇ ਜੇਤੂ ਬੱਚਿਆਂ ਨੂੰ ਇਨਾਮਾਂ ਨਾਲ ਸਨਮਾਨਿਤ ਕੀਤਾ। ਇਸ ਮੌਕੇ ਉਨ੍ਹਾਂ ਭਾਵੁਕ ਹੁੰਦਿਆਂ ਕਿਹਾ ਕਿ ਜਿਸ ਗੁਰੂ ਘਰ ਨਾਲ ਉਨ੍ਹਾਂ ਦੇ ਪੁੱਤਰ ਦੀਆਂ ਯਾਦਾਂ ਜੁੜੀਆਂ ਹੋਈਆਂ ਹਨ, ਉੱਥੇ ਮੱਥਾ ਟੇਕ ਕੇ ਉਨ੍ਹਾਂ ਨੂੰ ਅਥਾਹ ਸਕੂਨ ਪ੍ਰਾਪਤ ਹੋਇਆ। ਉਨ੍ਹਾਂ ਸੰਗਤਾਂ ਦਾ ਧੰਨਵਾਦ ਕਰਦਿਆਂ ਆਸ ਪ੍ਰਗਟਾਈ ਕਿ ਅੱਗੇ ਵੀ ਉਨ੍ਹਾਂ ਨੂੰ ਇਸੇ ਤਰ੍ਹਾਂ ਸਹਿਯੋਗ ਅਤੇ ਪਿਆਰ ਮਿਲਦਾ ਰਹੇ।

# ਆਰ ਸੀ ਐੱਫ਼ ਇੰਪਲਾਈਜ਼ ਯੂਨੀਅਨ ਵੱਲੋਂ ਵਿਦਿਆਰਥੀਆਂ ਉੱਤੇ ਹੋਏ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ





**ਕਪੂਰਥਲਾ, 20 ਜੁਲਾਈ ( ਕੌੜਾ )-** ਰੇਲ ਕੋਚ ਫੈਕਟਰੀ (ਆਰ ਸੀ ਐੱਫ਼) ਇੰਪਲਾਈਜ਼ ਯੂਨੀਅਨ ਨੇ ਦਿੱਲੀ ਦੇ ਜੰਤਰ-ਮੰਤਰ 'ਤੇ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਸ਼ਾਂਤਮਈ ਢੰਗ ਨਾਲ ਧਰਨਾ-ਪ੍ਰਦਰਸ਼ਨ ਅਤੇ ਭੁੱਖ ਹੜਤਾਲ ਕਰ ਰਹੇ ਵਿਦਿਆਰਥੀਆਂ ਅਤੇ ਨੌਜਵਾਨਾਂ ਉੱਤੇ ਕੇਂਦਰ ਸਰਕਾਰ ਅਤੇ ਦਿੱਲੀ ਪੁਲਿਸ ਵੱਲੋਂ ਕੀਤੇ ਗਏ ਬੇਰਹਿਮ ਲਾਠੀਚਾਰਜ ਦੀ ਤਿੱਖੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਯੂਨੀਅਨ ਨੇ ਇਸ ਪੁਲਿਸ ਕਾਰਵਾਈ ਨੂੰ ਲੋਕਤੰਤਰ ਉੱਤੇ ਸਿੱਧਾ ਹਮਲਾ ਅਤੇ ਸਰਕਾਰ ਦਾ ਸਖਤ ਤਾਨਾਸ਼ਾਹੀ ਰਵੱਈਆ ਕਰਾਰ ਦਿੱਤਾ ਹੈ। ਦੇਸ਼ ਭਰ ਤੋਂ ਇਕੱਠੇ ਹੋਏ ਇਹ ਨੌਜਵਾਨ ਵਿਦਿਆਰਥੀ ਨੀਟ ਪ੍ਰੀਖਿਆ ਵਿੱਚ ਵੱਡੇ ਪੱਧਰ 'ਤੇ ਹੋਈਆਂ ਬੇਨਿਯਮੀਆਂ ਖ਼ਿਲਾਫ਼ ਇਨਸਾਫ਼ ਦੀ ਮੰਗ ਕਰ ਰਹੇ ਸਨ। ਇਸ ਦੇ ਨਾਲ ਹੀ ਉਹ ਲੱਦਾਖ ਦੇ ਵਾਤਾਵਰਣ, ਸੱਭਿਆਚਾਰ ਅਤੇ ਸੰਵਿਧਾਨਕ ਅਧਿਕਾਰਾਂ ਦੀ ਰੱਖਿਆ ਲਈ ਸੰਘਰਸ਼ ਕਰ ਰਹੇ ਪ੍ਰਸਿੱਧ ਸਿੱਖਿਆ ਸਾਸ਼ਤਰੀ ਅਤੇ ਸਮਾਜ ਸੁਧਾਰਕ ਸੋਨਮ ਵਾਂਗਚੁਕ ਦੇ ਸਮਰਥਨ ਵਿੱਚ ਸਤਿਆਗ੍ਰਹ 'ਤੇ ਬੈਠੇ ਹੋਏ ਸਨ।

ਇਸ ਘਟਨਾ 'ਤੇ ਆਪਣਾ ਤਿੱਖਾ ਵਿਰੋਧ ਦਰਜ ਕਰਵਾਉਂਦੇ ਹੋਏ ਆਰਸੀਐਫ਼ ਇੰਪਲਾਈਜ਼ ਯੂਨੀਅਨ ਦੇ ਜਨਰਲ ਸਕੱਤਰ ਸਰਬਜੀਤ ਸਿੰਘ ਨੇ ਕਿਹਾ ਕਿ ਆਪਣੇ ਹੱਕਾਂ ਅਤੇ ਦੇਸ਼ ਦੇ ਸੁਨਹਿਰੇ ਭਵਿੱਖ ਦੀ ਰੱਖਿਆ ਲਈ ਆਵਾਜ਼ ਉਠਾ ਰਹੇ ਬੇਕਸੂਰ ਵਿਦਿਆਰਥੀਆਂ ਉੱਤੇ ਲਾਠੀਆਂ ਵਰਸਾਉਣਾ ਸਰਕਾਰ ਦੀ ਬੌਖਲਾਹਟ ਅਤੇ ਤਾਨਾਸ਼ਾਹੀ ਸੋਚ ਨੂੰ ਪੂਰੀ ਤਰ੍ਹਾਂ ਬੇਨਕਾਬ ਕਰਦਾ ਹੈ। ਨੀਟ ਪ੍ਰੀਖਿਆ ਘੋਟਾਲਾ ਦੇਸ਼ ਦੇ ਲੱਖਾਂ ਹੋਣਹਾਰ ਨੌਜਵਾਨਾਂ ਦੇ ਭਵਿੱਖ ਨਾਲ ਜੁੜਿਆ ਬਹੁਤ ਹੀ ਸੰਵੇਦਨਸ਼ੀਲ ਮਾਮਲਾ ਹੈ, ਜਦਕਿ ਸੋਨਮ ਵਾਂਗਚੁਕ ਦੇਸ਼ ਦੀਆਂ ਸਰਹੱਦਾਂ, ਵਾਤਾਵਰਣ ਅਤੇ ਸੰਵਿਧਾਨਕ ਅਧਿਕਾਰਾਂ ਦੀ ਗੱਲ ਕਰ ਰਹੇ ਹਨ। ਭਾਰਤ ਵਰਗੇ ਮਹਾਨ ਲੋਕਤੰਤਰਿਕ ਦੇਸ਼ ਵਿੱਚ ਸ਼ਾਂਤਮਈ ਢੰਗ ਨਾਲ ਵਿਰੋਧ ਪ੍ਰਦਰਸ਼ਨ ਕਰਨਾ ਹਰ ਨਾਗਰਿਕ ਦਾ ਮੌਲਿਕ ਅਤੇ ਸੰਵਿਧਾਨਕ ਅਧਿਕਾਰ ਹੈ। ਨੌਜਵਾਨਾਂ ਦੀ ਇਸ ਜਾਇਜ਼ ਆਵਾਜ਼ ਨੂੰ ਪੁਲਿਸ ਦੇ ਜ਼ੋਰ ਅਤੇ ਲਾਠੀਆਂ ਦੇ ਬਲ 'ਤੇ ਦਬਾਉਣ ਦੀ ਕੋਸ਼ਿਸ਼ ਕਦੇ ਵੀ ਕਾਮਯਾਬ ਨਹੀਂ ਹੋ ਸਕਦੀ। ਆਰਸੀਐਫ਼ ਇੰਪਲਾਈਜ਼ ਯੂਨੀਅਨ ਇਸ ਮੁਸ਼ਕਲ ਅਤੇ ਸੰਘਰਸ਼ ਭਰੇ ਸਮੇਂ ਵਿੱਚ ਪੂਰੀ ਮਜ਼ਬੂਤੀ ਨਾਲ ਵਿਦਿਆਰਥੀਆਂ ਅਤੇ ਸੋਨਮ ਵਾਂਗਚੁਕ ਦੇ ਨਾਲ ਖੜ੍ਹੀ ਹੈ।

ਇਸੇ ਕੜੀ ਵਿੱਚ ਸਰਕਾਰ ਦੀਆਂ ਦਮਨਕਾਰੀ ਨੀਤੀਆਂ 'ਤੇ ਤਿੱਖਾ ਹਮਲਾ ਕਰਦੇ ਹੋਏ ਆਰ ਸੀ ਐਫ਼ ਇੰਪਲਾਈਜ਼ ਯੂਨੀਅਨ ਦੇ ਪ੍ਰਧਾਨ ਅਮਰੀਕ ਸਿੰਘ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਇਹ ਬਹੁਤ ਹੀ ਸ਼ਰਮਨਾਕ ਅਤੇ ਅਫ਼ਸੋਸਜਨਕ ਸਥਿਤੀ ਹੈ ਕਿ ਜਦੋਂ ਦੇਸ਼ ਦੇ ਭਵਿੱਖ ਦੇ ਡਾਕਟਰਾਂ, ਵਿਗਿਆਨੀਆਂ ਅਤੇ ਹੋਣਹਾਰ ਨੌਜਵਾਨਾਂ ਨੂੰ ਇਨਸਾਫ਼ ਮਿਲਣਾ ਚਾਹੀਦਾ ਸੀ, ਉਸ ਵੇਲੇ ਸਰਕਾਰ ਉਨ੍ਹਾਂ 'ਤੇ ਬੇਰਹਿਮੀ ਨਾਲ ਪੁਲਿਸ ਬਲ ਦੀ ਵਰਤੋਂ ਕਰ ਰਹੀ ਹੈ। ਸੋਨਮ ਵਾਂਗਚੁਕ ਦੇ ਸਮਰਥਨ ਵਿੱਚ ਸਤਿਆਗ੍ਰਹ ਕਰ ਰਹੇ ਵਿਦਿਆਰਥੀ ਸਿਰਫ਼ ਲੱਦਾਖ ਹੀ ਨਹੀਂ, ਸਗੋਂ ਪੂਰੇ ਦੇਸ਼ ਦੇ ਲੋਕਤੰਤਰਿਕ ਅਤੇ ਸੰਵਿਧਾਨਕ ਮੁੱਲਾਂ ਦੀ ਰੱਖਿਆ ਲਈ ਸੰਘਰਸ਼ ਕਰ ਰਹੇ ਸਨ। ਉਨ੍ਹਾਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਸਰਕਾਰ ਨੂੰ ਨੌਜਵਾਨਾਂ ਉੱਤੇ ਇਸ ਤਰ੍ਹਾਂ ਦੀਆਂ ਦਮਨਕਾਰੀ ਨੀਤੀਆਂ ਤੁਰੰਤ ਬੰਦ ਕਰਣੀਆਂ ਚਾਹੀਦੀਆਂ ਹਨ। ਲਾਠੀਚਾਰਜ ਲਈ ਜ਼ਿੰਮੇਵਾਰ ਪੁਲਿਸ ਅਧਿਕਾਰੀਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ, ਜ਼ਖ਼ਮੀ ਵਿਦਿਆਰਥੀਆਂ ਦਾ ਮੁਫ਼ਤ ਇਲਾਜ ਯਕੀਨੀ ਬਣਾਇਆ ਜਾਵੇ ਅਤੇ ਨੀਟ ਪ੍ਰੀਖਿਆ ਵਿੱਚ ਹੋਈਆਂ ਸਾਰੀਆਂ ਬੇਨਿਯਮੀਆਂ ਦੀ ਨਿਰਪੱਖ ਜਾਂਚ ਕਰਵਾ ਕੇ ਵਿਦਿਆਰਥੀਆਂ ਦੀਆਂ ਮੰਗਾਂ ਤੁਰੰਤ ਮੰਨੀਆਂ ਜਾਣ। ਇਸ ਦੇ ਨਾਲ ਹੀ ਗ੍ਰਿਫ਼ਤਾਰ ਕੀਤੇ ਗਏ ਸਾਰੇ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।

ਯੂਨੀਅਨ ਦੇ ਦੋਵੇਂ ਸਿਰਮੌਰ ਆਗੂਆਂ ਨੇ ਸਪੱਸ਼ਟ ਸ਼ਬਦਾਂ ਵਿੱਚ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਨੌਜਵਾਨਾਂ, ਵਿਦਿਆਰਥੀਆਂ ਅਤੇ ਆਮ ਲੋਕਾਂ ਦੀ ਲੋਕਤੰਤਰਿਕ ਆਵਾਜ਼ ਨੂੰ ਇਸੇ ਤਰ੍ਹਾਂ ਤਾਨਾਸ਼ਾਹੀ ਰਵੱਈਏ ਨਾਲ ਕੁਚਲਣ ਦੀ ਕੋਸ਼ਿਸ਼ ਜਾਰੀ ਰਹੀ ਤਾਂ ਦੇਸ਼ ਦਾ ਸਮੂਹ ਮਜ਼ਦੂਰ, ਕਿਸਾਨ ਅਤੇ ਕਰਮਚਾਰੀ ਵਰਗ ਚੁੱਪ ਨਹੀਂ ਬੈਠੇਗਾ। ਆਰ ਸੀ ਐੱਫ਼ ਇੰਪਲਾਈਜ਼ ਯੂਨੀਅਨ ਦੇਸ਼ ਭਰ ਦੇ ਹੋਰ ਜਨ ਸੰਗਠਨਾਂ ਨੂੰ ਇਸ ਨਾ ਇਨਸਾਫੀ ਅਤੇ ਤਾਨਾਸ਼ਾਹੀ ਦੇ ਵਿਰੁੱਧ ਇੱਕ ਵਿਸ਼ਾਲ ਅਤੇ ਨਿਰਣਾਇਕ ਅੰਦੋਲਨ ਖੜ੍ਹਾ ਕਰਨ ਦੀ ਅਪੀਲ ਕਰਦੀ ਹੈ ਤਾਂ ਜੋ ਸਰਕਾਰ ਅਤੇ ਪ੍ਰਸ਼ਾਸਨ ਨੂੰ ਇਸ ਤਰ੍ਹਾਂ ਦੇ ਤਸ਼ਦੱਦ ਕਰਨ ਤੋਂ ਰੋਕਿਆ ਜਾ ਸਕੇ।

# ਬਸਪਾ ਆਗੂ ਖੁਸ਼ੀ ਰਾਮ ਨੰਗਲ ਨੇ ਗੰਭੀਰਤਾ ਨਾਲ ਉਠਾਇਆ ਸ਼ੱਕੀ ਮਾਮਲਾ

## ਖਬਰ ਛਪਦੇ ਹੀ ਹਰਕਤ ਚ ਆਇਆ ਵਿਭਾਗ

**ਫਿਲੌਰ( ਚਰਨਜੀਤ ਸੱਲ੍ਹਾ )**ਵਿਧਾਨ ਸਭਾ ਹਲਕਾ ਫਿਲੌਰ ਵਿੱਚ 25 ਸਾਲਾ ਨੌਜਵਾਨ ਲੜਕੀ ਦੀ ਭੇਦਭਰੇ ਹਾਲਾਤਾਂ ਵਿੱਚ ਹੋਈ ਮੌਤ ਦੇ ਮਾਮਲੇ ਨੂੰ ਲੈ ਕੇ ਅਜੀਤ ਅਖ਼ਬਾਰ ਵਿੱਚ ਪ੍ਰਮੁੱਖਤਾ ਨਾਲ ਖ਼ਬਰ ਪ੍ਰਕਾਸ਼ਿਤ ਹੋਣ ਤੋਂ ਬਾਅਦ ਪੁਲਿਸ ਵਿਭਾਗ ਹਰਕਤ ਵਿੱਚ ਆ ਗਿਆ ਹੈ। ਪੁਲਿਸ ਦੇ ਉੱਚ ਅਧਿਕਾਰੀਆਂ ਮੁਤਾਬਕ ਇਸ ਮਾਮਲੇ ਦੀ ਹਰ ਪੱਖ ਤੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਜਲਦ ਹੀ ਸੱਚਾਈ ਨੂੰ ਲੋਕਾਂ ਸਾਹਮਣੇ ਲਿਆਂਦਾ ਜਾਵੇਗਾ।

ਇਸ ਦੁਖਦਾਈ ਘਟਨਾ ਵਿੱਚ ਮ੍ਰਿਤਕ ਲੜਕੀ ਅਤੇ ਉਸ ਦੇ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਬਹੁਜਨ ਸਮਾਜ ਪਾਰਟੀ ਦੇ ਆਗੂ ਖੁਸ਼ੀ ਰਾਮ ਵੱਲੋਂ ਨਿਭਾਈ ਜਾ ਰਹੀ ਭੂਮਿਕਾ ਸ਼ਲਾਘਾਯੋਗ ਹੈ। ਜੇਕਰ ਉਹ ਇਸ ਮਾਮਲੇ ਨੂੰ ਗੰਭੀਰਤਾ ਨਾਲ ਨਾ ਉਠਾਉਂਦੇ ਤਾਂ ਸੰਭਵ ਸੀ ਕਿ ਇਸ ਨੂੰ ਸਿਰਫ਼ ਰੇਲ ਗੱਡੀ ਦੀ ਫੇਟ ਵੱਜਣ ਕਾਰਨ ਹੋਈ ਇੱਕ ਆਮ ਮੌਤ ਮੰਨ ਕੇ ਫਾਈਲ ਬੰਦ ਕਰ ਦਿੱਤੀ ਜਾਂਦੀ।



**ਮ੍ਰਿਤਕ ਅਨੂ ਰਾਣੀ ਦੀ ਪੁਰਾਣੀ ਤਸਵੀਰ**

ਖੁਸ਼ੀ ਰਾਮ ਨੇ ਨਾ ਸਿਰਫ਼ ਇਸ ਮਾਮਲੇ ਨੂੰ ਪ੍ਰਮੁੱਖਤਾ ਨਾਲ ਉਠਾਇਆ, ਸਗੋਂ ਮ੍ਰਿਤਕ ਲੜਕੀ ਨੂੰ ਇਨਸਾਫ ਦਿਵਾਉਣ ਲਈ ਲਗਾਤਾਰ ਆਵਾਜ਼ ਵੀ ਬੁਲੰਦ ਕੀਤੀ। ਉਨ੍ਹਾਂ ਦੇ ਯਤਨਾਂ ਤੋਂ ਬਾਅਦ ਹੀ ਪੁਲਿਸ ਵਿਭਾਗ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਸ਼ੁਰੂ ਕੀਤੀ ਗਈ ਹੈ ਅਤੇ ਕਈ ਅਹਿਮ ਕੜੀਆਂ ਜੁੜਨ ਦੀ ਸੰਭਾਵਨਾ ਪ੍ਰਗਟਾਈ ਜਾ ਰਹੀ ਹੈ। ਉਮੀਦ ਹੈ ਕਿ ਜਲਦ ਹੀ ਇਸ ਮਾਮਲੇ ਦੀ ਪੂਰੀ ਸੱਚਾਈ ਲੋਕਾਂ ਦੀ ਕਚਹਿਰੀ ਵਿੱਚ ਰੱਖੀ ਜਾਵੇਗੀ ਅਤੇ ਪੀੜਤ ਪਰਿਵਾਰ ਨੂੰ ਇਨਸਾਫ ਮਿਲੇਗਾ। ਇਸ ਨੇਕ ਉਪਰਾਲੇ ਲਈ ਖੁਸ਼ੀ ਰਾਮ ਨੰਗਲ ਦਾ ਦਿਲੋਂ ਧੰਨਵਾਦ।

# ਇੰਜੀ. ਸਵਰਨ ਸਿੰਘ ਨੂੰ ਹਲਕਾ ਇੰਚਾਰਜ ਬਣਾਉਣ ਦੀ ਉੱਠੀ ਮੰਗ

- **ਜੈਕਾਰਿਆਂ ਦੀ ਗੂੰਜ ਵਿਚ ਵੱਡੀ ਗਿਣਤੀ ਵਿੱਚ ਅਕਾਲੀ ਵਰਕਰਾਂ ਨੇ ਕੀਤੀ ਆਵਾਜ਼ ਬੁਲੰਦ**
- **24 ਦੀ ਵਹੀਰ ਯਾਤਰਾ ਵਿੱਚ ਸ਼੍ਰੋਮਣੀ ਅਕਾਲੀ ਦਲ ਹਲਕਾ ਸੁਲਤਾਨਪੁਰ ਲੋਧੀ ਕਰੇਗਾ ਵੱਡੀ ਗਿਣਤੀ ਵਿੱਚ ਸ਼ਮੂਲੀਅਤ – ਇੰਜੀ. ਸਵਰਨ ਸਿੰਘ**

**ਕਪੂਰਥਲਾ , 20 ਜੁਲਾਈ ( ਕੌੜਾ )** – ਵਿਧਾਨ ਸਭਾ ਹਲਕਾ ਸੁਲਤਾਨਪੁਰ ਲੋਧੀ ਦੇ ਅਕਾਲੀ ਦਲ ਦੇ ਟਕਸਾਲੀ ਆਗੂਆਂ , ਸਰਗਰਮ ਅਕਾਲੀ ਵਰਕਰਾਂ , ਸਰਪੰਚਾਂ,ਪੰਚਾਂ, ਨੰਬਰਦਾਰਾਂ ਆਦਿ ਦੀ ਵਿਸ਼ੇਸ਼ ਮੀਟਿੰਗ ਹੋਈ । ਜਿਸਦੀ ਪ੍ਰਧਾਨਗੀ ਸ਼੍ਰੋਮਣੀ ਅਕਾਲੀ ਦਲ ਦੇ ਪੀ.ਏ.ਸੀ. ਮੈਂਬਰ ਇੰਜ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਤੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਗੁਰਪ੍ਰੀਤ ਕੌਰ ਰੂਹੀ ਮੈਂਬਰ ਵਰਕਿੰਗ ਕਮੇਟੀ ਸ਼੍ਰੋਮਣੀ ਅਕਾਲੀ ਦਲ ਨੇ ਕੀਤੀ । ਮੀਟਿੰਗ ਵਿਚ ਸ਼੍ਰੋਮਣੀ ਅਕਾਲੀ ਦਲ ਦੀ ਮਜਬੂਤੀ ਸਬੰਧੀ ਜਿੱਥੇ ਵਿਚਾਰ ਵਟਾਂਦਰਾ ਕੀਤਾ ਗਿਆ , ਉੱਥੇ ਹਲਕਾ ਸੁਲਤਾਨਪੁਰ ਲੋਧੀ ਦੀ ਸਮੁੱਚੇ ਆਗੂਆਂ ਤੇ ਸਰਗਰਮ ਵਰਕਰਾਂ ਵੱਲੋਂ ਜੈਕਾਰੇ ਗੂੰਜਾ ਕੇ ਇੰਜ. ਸਵਰਨ ਸਿੰਘ ਨੂੰ ਵਿਧਾਨ ਸਭਾ ਹਲਕਾ ਸੁਲਤਾਨਪੁਰ ਲੋਧੀ ਦੀ ਵਾਗਡੋਰ ਸੰਭਾਲਣ ਲਈ ਮਤਾ ਪਾਸ ਕੀਤਾ ਗਿਆ ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਅਪੀਲ ਕੀਤੀ ਕਿ ਸਵਰਗੀ ਸਰਦਾਰ ਆਤਮਾ ਸਿੰਘ ਜੀ ਸਾਬਕਾ ਖਜਾਨਾ ਮੰਤਰੀ ਦੇ ਪਰਿਵਾਰ ਨੂੰ ਪਾਰਟੀ ਦੀ ਟਿਕਟ ਦੇ ਕੇ ਆ ਰਹੀਆਂ ਵਿਧਾਨ ਸਭਾ ਚੋਣਾਂ ਵਿਚ ਚੋਣ ਮੈਦਾਨ ਵਿੱਚ ਉਤਾਰਿਆ ਜਾਵੇ ਤਾਂ ਜੋ ਪਾਰਟੀ ਦੀ ਜਿੱਤ ਹੋ ਸਕੇ ।

ਇਸ ਸਮੇ ਵੱਖ ਵੱਖ ਬੁਲਾਰਿਆਂ ਨੇ ਪਾਰਟੀ ਪ੍ਰਧਾਨ ਨੂੰ ਇਹ ਵੀ ਅਪੀਲ ਕੀਤੀ ਕਿ ਹਲਕੇ ਤੋਂ ਬਾਹਰੀ ਉਮੀਦਵਾਰ ਸਾਡੇ ਤੇ ਪਿਛਲੀ ਇਲੈਕਸ਼ਨ ਵਾਂਗ ਨਾ ਥੋਪਿਆ ਜਾਵੇ ਤੇ ਹਲਕੇ ਵਿਚ ਪਾਰਟੀ ਵਰਕਰਾਂ ਨਾਲ ਸਦਾ ਖੜ੍ਹੇ ਹੋ ਸਕਣ ਵਾਲੇ ਸਰਦਾਰ ਆਤਮਾ ਸਿੰਘ ਦੇ ਪਰਿਵਾਰ ਚੋ ਇੰਜ. ਸਵਰਨ ਸਿੰਘ ਨੂੰ ਹਲਕਾ ਇੰਚਾਰਜ ਬਣਾਇਆ ਜਾਵੇ । ਇਸ ਸਮੇ ਮੀਟਿੰਗ ਦੌਰਾਨ ਸਮੂਹ ਅਕਾਲੀ ਆਗੂਆਂ ਤੇ ਵਰਕਰਾਂ ਨੇ ਦੋਵੇਂ ਹੱਥ ਖੜੇ ਕਰਕੇ ਇੰਜ. ਸਵਰਨ ਸਿੰਘ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਹਲਕਾ ਇੰਚਾਰਜ ਬਿਨਾ ਦੇਰੀ ਐਲਾਨ ਕਰਵਾਉਣ ਲਈ ਪਾਰਟੀ ਪ੍ਰਧਾਨ ਸਰਦਾਰ ਬਾਦਲ ਨੂੰ ਮਿਲਣ ਲਈ ਮਤਾ ਵੀ ਪਾਸ ਕੀਤਾ ਗਿਆ । ਪਾਰਟੀ ਪ੍ਰਧਾਨ ਤੋਂ ਇਹ ਵੀ ਮੰਗ ਕੀਤੀ ਕਿ ਪਾਰਟੀ ਵੱਲੋਂ ਪਿੰਡ ਪਿੰਡ ਅਕਾਲੀ ਵਰਕਰਾਂ ਕੋਲੋ ਪੁੱਛ ਪੜਤਾਲ ਕੀਤੀ ਜਾਵੇ ਤੇ ਸਾਫ ਸੁਥਰੇ ਅਕਸ਼ ਵਾਲੇ ਪੜ੍ਹੇ ਲਿਖੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੇ ਰਿਟਾ. ਐਡੀਸ਼ਨਲ ਐਸ.ਈ. ਨੂੰ ਹੀ ਹਲਕੇ ਦੀ ਕਮਾਂਡ ਦਿੱਤੀ ਜਾਵੇ ।

ਬੁਲਾਰਿਆਂ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਗੁਰਪ੍ਰੀਤ ਕੌਰ ਰੂਹੀ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਰਹੇ ਸਾਬਕਾ ਖਜਾਨਾ ਮੰਤਰੀ ਸਵ. ਸਰਦਾਰ ਆਤਮਾ ਸਿੰਘ ਜੀ ਦੀ ਦੋਹਤੀ ਹੈ ਤੇ ਇੰਜ. ਸਵਰਨ ਸਿੰਘ ਬੀਬੀ ਗੁਰਪ੍ਰੀਤ ਕੌਰ ਦੇ ਪਤੀ ਹਨ ਤੇ ਬਹੁਤ ਹੀ ਮਿੱਠ ਬੋਲੜੇ ਈਮਾਨਦਾਰ ਅਕਾਲੀ ਆਗੂ ਹਨ ਤੇ ਪਾਰਟੀ ਲਈ ਸਾਬਕਾ ਸਿੱਖਿਆ ਮੰਤਰੀ ਡਾ. ਉਪਿੰਦਰਜੀਤ ਕੌਰ ਦੀ ਅਗਵਾਈ ਹੇਠਾਂ ਸ਼ਾਨਦਾਰ ਸੇਵਾਵਾਂ ਨਿਭਾਉਂਦੇ ਆ ਰਹੇ ਹਨ ।



ਇਸ ਸਮੇ ਮੀਟਿੰਗ ਬੀਬੀ ਗੁਰਪ੍ਰੀਤ ਕੌਰ ਰੂਹੀ ਮੈਂਬਰ ਸ਼੍ਰੋਮਣੀ ਕਮੇਟੀ , ਚੇਅਰਮੈਨ ਜਥੇ ਸੁਰਜੀਤ ਸਿੰਘ ਢਿੱਲੋਂ , ਜਥੇ ਹਰਜਿੰਦਰ ਸਿੰਘ ਲਾਡੀ ਮੈਂਬਰ ਪੀ.ਏ.ਸੀ. ਸ਼੍ਰੋਮਣੀ ਅਕਾਲੀ ਦਲ, ਜਥੇ ਕੁਲਦੀਪ ਸਿੰਘ ਬੂਲੇ ਪ੍ਰਧਾਨ ਦੋਆਬਾ ਜੋਨ ਸ਼੍ਰੋਮਣੀ ਅਕਾਲੀ ਦਲ ਐਸ.ਸੀ. ਵਿੰਗ , ਜਥੇ ਗੁਰਦਿਆਲ ਸਿੰਘ ਬੂਹ ਸਾਬਕਾ ਸਰਪੰਚ ਮੈਂਬਰ ਪੀ.ਏ.ਸੀ. ਅਕਾਲੀ ਦਲ, ਜਥੇ ਸੁਰਿੰਦਰ ਸਿੰਘ ਦੇਸਲ ਦਿਹਾਤੀ ਜਿਲਾ ਪ੍ਰਧਾਨ ਅਕਾਲੀ ਦਲ ਐਸ ਸੀ ਵਿੰਗ, ਸਰਪੰਚ ਮੋਹਨ ਸਿੰਘ ਮਿਰਜਾਪੁਰ , ਸੀਨੀਅਰ ਆਗੂ ਜਥੇ ਬਲਬੀਰ ਸਿੰਘ ਮੱਲ ਗੁਜਾਰ, ਸੀਨੀਅਰ ਅਕਾਲੀ ਆਗੂ ਜਥੇ ਸਰਵਣ ਸਿੰਘ ਚੰਦੀ ਬੂਲਪੁਰ , ਮੈਨੇਜਰ ਜਥੇ ਜਰਨੈਲ ਸਿੰਘ ਬੂਲੇ , ਜਥੇ ਭਜਨ ਸਿੰਘ ਫੌਜੀ ਕਾਲੋਨੀ, ਨੰਬਰਦਾਰ ਮਾਸਟਰ ਰਣਜੀਤ ਸਿੰਘ ਬਿਧੀਪੁਰ ਸੀਨੀਅਰ ਅਕਾਲੀ ਆਗੂ, ਜਥੇ ਜਸਬੀਰ ਸਿੰਘ ਸਾਬਕਾ ਸਰਪੰਚ , ਨੰਬਰਦਾਰ ਮਨਜੀਤ ਸਿੰਘ ਜੰਮੂ , ਆਰ.ਏ. ਜਥੇ ਦਿਆਲ ਸਿੰਘ ਦੀਪੇਵਾਲ, ਜਥੇਦਾਰ ਜਸਵੀਰ ਸਿੰਘ, ਜਥੇਦਾਰ ਇੰਦਰ ਸਿੰਘ ਲਾਟੀਆਂਵਾਲ, ਜਥੇ ਪਰਮਜੀਤ ਸਿੰਘ ਦੁਰਗਾਪੁਰ ,ਜਥੇ ਚਰਨਜੀਤ ਸਿੰਘ ਸਹੋਤਾ ਤਲਵੰਡੀ ਚੌਧਰੀਆਂ ਸਲਾਹਕਾਰ ਐਸ.ਸੀ. ਵਿੰਗ ਪੰਜਾਬ , ਪ੍ਰਿੰਸੀਪਲ ਮੋਹਨ ਸਿੰਘ ਸੁਲਤਾਨਪੁਰ , ਜਥੇ. ਅਜਾਇਬ ਸਿੰਘ ਫੱਤੂਵਾਲ, ਜਥੇਦਾਰ ਗੁਰਚਰਨ ਸਿੰਘ ਆਹਲੀ , ਜਥੇ ਅਜੀਤ ਸਿੰਘ ਤੋਤੀ, ਪ੍ਰਿੰਸੀਪਲ ਕਰਨੈਲ ਸਿੰਘ , ਜਥੇ ਮਨਜੀਤ ਸਿੰਘ, ਬਲਵੀਰ ਸਿੰਘ , ਜਥੇ ਪ੍ਰਗਟ ਸਿੰਘ ਸ਼ਾਲਾਪੁਰ,ਚੇਅਰਮੈਨ ਬਲਬੀਰ ਸਿੰਘ ਪੱਕੇ ਕੋਠੇ, ਸੁਰਜੀਤ ਸਿੰਘ ਕੋਠੇ, ਸਰਵਣ ਸਿੰਘ ਚੰਦੀ, ਬਲਦੇਵ ਸਿੰਘ ਫੱਤੂਢਿੰਗਾ, ਬੀਬੀ ਸਤਵੰਤ ਕੌਰ ,ਬੀਬੀ ਸਿਮਰਨ ਧੀਰ ਸਾਬਕਾ ਕੌਂਸਲਰ ਸੁਲਤਾਨਪੁਰ, ਬੀਬੀ ਨੀਲਮ ਖੁਰਦਾ ਸਾਬਕਾ ਸਰਪੰਚ, ਬੀਬੀ ਬਲਜੀਤ ਕੌਰ ਕਮਾਲਪੁਰ, ਜਥੇਦਾਰ ਬਲਵੀਰ ਸਿੰਘ, ਜਥੇ ਜੋਗਿੰਦਰ ਸਿੰਘ ਦੰਦੂਪੁਰ, ਹਰਨੇਕ ਸਿੰਘ ਸੂਫੀਆ ਨੰਗਲ , ਗੁਰਤੇਜ ਸਿੰਘ ਨੰਬਰਦਾਰ , ਬਲਵਿੰਦਰ ਸਿੰਘ ਦੇਸਲ, ਸੁਰਿੰਦਰ ਸਿੰਘ , ਕਾਰਜ ਸਿੰਘ ਸਰਪੰਚ ਤਕੀਆ , ਰਘਬੀਰ ਸਿੰਘ ਪ੍ਰਧਾਨ ਮਾਤਾ ਸੁਲੱਖਣੀ ਸੇਵਾ ਸੋਸਾਇਟੀ , ਜਥੇ ਗੁਰਦਿਆਲ ਸਿੰਘ, ਜਥੇ ਸੋਹਣ ਸਿੰਘ ਖਿੰਡਾ, ਜਥੇਦਾਰ ਬਲਦੇਵ ਸਿੰਘ ਬੂਲਪੁਰ ਸਰਪੰਚ, ਜਥੇ ਅਜੀਤ ਸਿੰਘ, ਜਸਵਿੰਦਰ ਸਿੰਘ , ਹਰਚਰਨ ਸਿੰਘ ਉੱਚਾ , ਮਨਦੀਪ ਸਿੰਘ ਉੱਚਾ,ਤਰਲੋਚਨ ਸਿੰਘ ਉੱਚਾ, ਕੁਲਦੀਪ ਸਿੰਘ ਉੱਚਾ, ਜਰਨੈਲ ਸਿੰਘ ਨਵਾਂ ਠੱਟਾ, ਸੀਨੀਅਰ ਯੂਥ ਆਗੂ ਜਥੇ ਭੁਪਿੰਦਰ ਸਿੰਘ ਮਾਛੀਜੋਆ, ਜਥ ਸੰਪੂਰਨ ਸਿੰਘ, ਜਥੇ ਜਸਵਿੰਦਰ ਸਿੰਘ, ਜਥੇ ਹਰਜਿੰਦਰ ਸਿੰਘ , ਜਥੇ ਕੁਲਵੀਰ ਸਿੰਘ ਸ਼ੇਰਪੁਰ ਸਿੱਧਾ, ਜਤਿੰਦਰ ਸਿੰਘ ਡੇਰਾ ਸ਼ਹੀਦਾਂ , ਸੁਖਦੇਵ ਸਿੰਘ ਲਾਡੀ ਮਹੀਜੀਤਪੁਰ ਸਾਬਕਾ ਮੈਂਬਰ ਬਲਾਕ ਸੰਮਤੀ ਸੁਲਤਾਨਪੁਰ ਲੋਧੀ ,ਨੰਬਰਦਾਰ ਸੁਰਿੰਦਰਪਾਲ ਸਿੰਘ ਨੇ ਸੰਬੋਧਨ ਕੀਤਾ ਤੇ ਸਾਰੇ ਹੀ ਬੁਲਾਰਿਆਂ ਨੇ ਇੰਜ. ਸਵਰਨ ਸਿੰਘ ਨੂੰ ਵਿਧਾਨ ਸਭਾ ਹਲਕਾ ਸੁਲਤਾਨਪੁਰ ਲੋਧੀ ਤੋਂ ਡਟ ਕੇ ਮੂਹਰੇ ਹੋ ਕੇ ਕੰਮ ਕਰਨ ਤੇ ਪਾਰਟੀ ਲਈ ਆਪਣਾ ਸਾਰਾ ਸਮਾਂ ਦੇਣ ਦੀ ਵੀ ਅਪੀਲ ਕੀਤੀ । ਸਮੂਹ ਅਕਾਲੀ ਆਗੂਆਂ ਨੇ ਕਿਹਾ ਕਿ ਜਲਦੀ ਹੀ ਉਹ ਸਾਰੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਮੀਟਿੰਗ ਕਰਨਗੇ ਤੇ ਆਪਣੀਆਂ ਭਾਵਨਾਵਾਂ ਬਾਰੇ ਜਾਣਕਾਰੀ ਦੇਣਗੇ ।

ਇਸ ਸਮੇ ਇੰਜ. ਸਵਰਨ ਸਿੰਘ ਨੇ ਸਮੂਹ ਪਾਰਟੀ ਆਗੂਆਂ ਦਾ ਧੰਨਵਾਦ ਕਰਦੇ ਕਿਹਾ ਕਿ ਪਾਰਟੀ ਲਈ ਟਿਕਟ ਦੀ ਮੰਗ ਕਰਨਾ ਸਾਰੇ ਹੀ ਆਗੂਆਂ ਦਾ ਅਧਿਕਾਰ ਹੈ ਤੇ ਇਹ ਵੀ ਕਿਹਾ ਕਿ ਮੈ ਪਹਿਲਾਂ ਵੀ ਮੀਟਿੰਗਾਂ ਵਿਚ ਕਹਿ ਚੁੱਕਾ ਹਾਂ ਜਿਸਨੂੰ ਵੀ ਪਾਰਟੀ ਟਿਕਟ ਦੇਵੇਗੀ ਅਸੀ ਉਸਨੂੰ ਹੀ ਜਿਤਾਉਣ ਲਈ ਸਾਰੇ ਇੱਕਜੁਟ ਹੋ ਕੇ ਮਿਹਨਤ ਕਰੀਏ ।


ਇੰਜ. ਸਵਰਨ ਸਿੰਘ ਨੇ ਆਪਣੇ ਸੰਬੋਧਨ ਵਿਚ ਸੂਬਾ ਸਰਕਾਰ ਦੀ ਕਾਰਗੁਜ਼ਾਰੀ ਦੀ ਸਖਤ ਨਿਖੇਧੀ ਕਰਦੇ ਕਿਹਾ ਕਿ ਜੋ ਗੁਰੂ ਦੋਖੀ ਭਗਵੰਤ ਮਾਨ ਨੇ ਕੀਤਾ ਹੈ ਉਸਨੂੰ ਕੋਈ ਵੀ ਸਿੱਖ ਬਰਦਾਸ਼ਤ ਨਹੀਂ ਕਰ ਸਕਦਾ । ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਜੀ ਦੀ ਅਗਵਾਈ ਵਿੱਚ 24 ਤਾਰੀਖ਼ ਨੂੰ ਜੋ ਵਹੀਰ ਯਾਤਰਾ ਸ਼ੁਰੂ ਹੋਣ ਜਾ ਰਹੀ ਹੈ, ਉਸ ਲਈ ਸ਼੍ਰੋਮਣੀ ਅਕਾਲੀ ਦਲ ਹਲਕਾ ਸੁਲਤਾਨਪੁਰ ਲੋਧੀ ਤੋਂ ਪੂਰਾ ਸਹਿਯੋਗ ਵੀ ਦੇਵੇਗਾ ਅਤੇ ਸ਼ਮੂਲੀਅਤ ਵੀ ਕਰੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਹੁਣ ਤਾਂ ਕੇਲੇ ਵੇਚਣ ਵਾਲਾ ਗਰੀਬ ਕਿਰਤੀ ਕਾਮਾ ਵੀ ਲੁੱਟਿਆ ਜਾ ਰਿਹਾ ਹੈ ਤੇ ਸਾਡੀਆਂ ਮਾਵਾਂ-ਭੈਣਾਂ ਵੀ ਸੁਰੱਖਿਅਤ ਨਹੀ ਹਨ। ਗ਼ੈਰ ਸਮਜਿਕ ਤੱਤਾਂ ਵੱਲੋਂ ਸ਼ਰੇਆਮ ਦਿਨ-ਦਿਹਾੜੇ ਉਨ੍ਹਾਂ ਨਾਲ ਹੱਥੋਪਾਈ ਕੀਤੀ ਜਾ ਰਹੀ ਹੈ, ਕੰਨਾਂ ਦੀਆਂ ਵਾਲੀਆਂ, ਮੋਬਾਈਲ ਫ਼ੋਨ ਅਤੇ ਪਰਸ ਤੇ ਵਹੀਕਲ ਆਦਿ ਹੋਰ ਸਮਾਨ ਖੋਹ ਕੇ ਲੁਟੇਰੇ ਫ਼ਰਾਰ ਹੋ ਜਾਂਦੇ ਹਨ।

ਉਨ੍ਹਾਂ ਕਿਹਾ ਕਿ ਜਿੱਥੇ ਔਰਤਾਂ ਦੀ ਹਿਫ਼ਾਜ਼ਤ ਤੇ ਗਰੀਬਾਂ ਦੀ ਰੋਟੀ ਖਤਰੇ ਵਿੱਚ ਹੈ, ਉੱਥੇ ਕਾਨੂੰਨ ਵਿਵਸਥਾ ਅਤੇ ਸਰਕਾਰੀ ਪ੍ਰਸ਼ਾਸਨ ਦਾ ਅੰਦਾਜ਼ਾ ਸਹਿਜੇ ਹੀ ਲਗਾਇਆ ਜਾ ਸਕਦਾ ਹੈ।

ਇਸ ਸਮੇ ਇੰਜ. ਸਵਰਨ ਸਿੰਘ ਨੇ ਅਕਾਲੀ ਆਗੂਆਂ ਨੂੰ ਇਹ ਵੀ ਸਪੱਸ਼ਟ ਕੀਤਾ ਕਿ ਹੁਣ ਮੈ ਮੰਨ ਬਣਾ ਲਿਆ ਹੈ ਕਿ ਹਰ ਹਾਲਤ ਵਿਚ ਆਖਰੀ ਸਾਹ ਤੱਕ ਅਕਾਲੀ ਦਲ ਦੀ ਮਜਬੂਤੀ ਲਈ ਤੇ ਆਪਣੇ ਵਰਕਰਾਂ ਨੂੰ ਇਨਸਾਫ਼ ਦਿਵਾਉਣ ਲਈ ਡਟ ਕੇ ਕੰਮ ਕਰਾਂਗਾ ।

# ਚੰਡੀਗੜ੍ਹ ਅਤੇ ਦਿੱਲੀ 'ਚ ਜ਼ਬਰ ਢਾਹੁਣ ਦਾ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਤਿੱਖਾ ਵਿਰੋਧ

**ਜਲੰਧਰ (ਸਤਨਾਮ ਸਿੰਘ ਸਹੂੰਗੜਾ)** ਅੱਜ ਦੇ ਦਿਨ 20 ਜੁਲਾਈ 1965 ਭਾਰਤ ਮਾਂ ਦੇ ਮਹਾਨ ਸਪੂਤ ਬੁਟਕੇਸ਼ਵਰ ਦੱਤ ਦਾ ਸਦੀਵੀ ਵਿਛੋੜਾ ਹੋਇਆ ਉਸ ਦਿਨ ਸ਼ਹੀਦ ਭਗਤ ਸਿੰਘ ਦੇ ਸਾਥੀ ਬੀ.ਕੇ. ਦੱਤ ਨੂੰ ਸਿਜਦਾ ਕਰਨ ਦੀ ਬਜਾਏ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਦੀ ਨਾਮਵਰ ਯੂਨੀਵਰਸਿਟੀ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਅਤੇ ਮੁਲਕ ਦੀ ਰਾਜਧਾਨੀ ਨਵੀਂ ਦਿੱਲੀ ਦੇ ਜੰਤਰ ਮੰਤਰ ਵਿਖੇ ਜੁੜੇ ਲੋਕਾਂ ਦੀ ਆਵਾਜ਼ ਸੁਣਨ ਦੀ ਬਜਾਏ ਬੋਲ਼ੇ ਹਾਕਮ ਲਾਠੀਆਂ, ਅੱਥਰੂ ਗੈਸ ਦੇ ਗੋਲ਼ੇ ਵਰ੍ਹਾ ਕੇ ਅਤੇ ਧੜਾ ਧੜ ਗ੍ਰਿਫ਼ਤਾਰੀਆਂ ਕਰਕੇ ਸ਼ਹੀਦਾਂ ਦਾ ਅਪਮਾਨ ਕਰ ਰਹੇ ਹਨ। ਇਹ ਕਹਿਣਾ ਹੈ ਦੇਸ ਭਗਤ ਯਾਦਗਾਰ ਕਮੇਟੀ ਦਾ। ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਨਾਲ਼ ਵਾਅਦਾ-ਖ਼ਿਲਾਫ਼ੀ ਕਰਦੇ ਹੋਏ ਚੰਡੀਗੜ੍ਹ ਪ੍ਰਸਾਸ਼ਨ ਅਤੇ ਯੂਨੀਵਰਸਿਟੀ ਅਧਿਕਾਰੀਆਂ ਨੇ ਭਗਵਾਂ ਸੰਸਥਾਵਾਂ ਦਾ ਸਮਾਗਮ ਕਰਨ ਦਾ ਚੁਪਕੇ ਜਿਹੇ ਯਤਨ ਕੀਤਾ ਅਤੇ ਵਿਦਿਆਰਥੀਆਂ ਵੱਲੋਂ ਵਿਰੋਧ ਕਰਨ 'ਤੇ ਉਹਨਾਂ ਨੂੰ ਘੜੀਸ ਕੇ ਥਾਣੇ ਲਿਜਾਇਆ ਗਿਆ। ਜ਼ਬਰਦਸਤ ਵਿਰੋਧ ਹੋਣ 'ਤੇ ਵਿਦਿਆਰਥੀਆਂ ਨੂੰ ਭਾਵੇਂ ਛੱਡ ਦਿੱਤਾ ਪਰ ਸਾਧਵੀ ਰਿਤੰਬਰਾ ਅਤੇ ਸ਼ਾਂਤੀ ਕੁਮਾਰੀ ਵਰਗਿਆਂ ਨੂੰ ਯੂਨੀਵਰਸਿਟੀ ਅੰਦਰ ਆਉਣ ਅਤੇ ਫ਼ਿਰਕੂ ਜ਼ਹਿਰ ਦਾ ਛੱਟਾ ਦੇਣ ਵਾਲੀਆਂ ਸੰਸਥਾਵਾਂ ਨੂੰ ਪ੍ਰਸਾਸ਼ਨ ਵੱਲੋਂ ਪਲਕਾਂ 'ਤੇ ਬਿਠਾਉਣ ਲਈ ਤਰਲੋ ਮੱਛੀ ਹੋਣਾ ਤਿੱਖੇ ਸੁਆਲ ਖੜ੍ਹੇ ਕਰ ਰਿਹਾ ਹੈ। ਇਉਂ ਹੀ ਜੰਤਰ ਮੰਤਰ ਨਵੀਂ ਦਿੱਲੀ ਵਿਦਿਆਰਥੀਆਂ ਅਤੇ ਲੋਕਾਂ ਦੀ ਆਵਾਜ਼ ਨੂੰ ਡੰਡੇ ਦੇ ਜ਼ੋਰ ਬੰਦ ਕਰਾਉਣ ਲਈ ਭਾਜਪਾ ਹਕੂਮਤ ਦਾ ਪੱਬਾਂ ਭਾਰ ਹੋਣਾ ਦਰਸਾਉਂਦਾ ਹੈ ਕਿ ਭਾਰਤ ਅੰਦਰ ਇਹ ਕੇਹੀ ਜਮਹੂਰੀਅਤ ਹੈ। ਚੰਡੀਗੜ੍ਹ ਅਤੇ ਨਵੀਂ ਦਿੱਲੀ ਅੱਜ ਦੀਆਂ ਇਹਨਾਂ ਤਾਜ਼ਾ ਘਟਨਾਵਾਂ ਤੇ ਆਜ਼ਾਦੀ ਸੰਗਰਾਮ ਦੀ ਵਾਰਸ ਸੰਸਥਾ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕਮੇਟੀ ਤਰਫ਼ੋਂ ਤਿੱਖੀ ਰੋਸ ਪ੍ਰਤੀਕਿਰਿਆ ਦਾ ਪ੍ਰਗਟਾਵਾ ਕਰਦਿਆਂ ਇਸਨੂੰ ਜਮਹੂਰੀ ਹੱਕਾਂ ਉਪਰ ਬੁਲਡੋਜ਼ਰ ਚਲਾਉਣਾ ਦੱਸਿਆ ਹੈ। ਦੇਸ਼ ਭਗਤ ਕਮੇਟੀ ਦਾ ਕਹਿਣਾ ਹੈ ਕਿ ਫ਼ਿਰਕੂ ਤਾਕਤਾਂ ਦੀ ਪਿੱਠ ਥਾਪੜਨਾ ਅਤੇ ਜਮਹੂਰੀ ਤਾਕਤਾਂ ਦੀ ਜ਼ੁਬਾਨਬੰਦੀ ਕਰਨਾ, ਅੱਗੇ ਵਧਦੇ ਫ਼ਿਰਕੂ ਫਾਸ਼ੀ ਹੱਲੇ ਦਾ ਪ੍ਰਤੀਕ ਹੈ, ਜਿਸਨੂੰ ਦੇਸ਼ ਵਾਸੀ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।



# ਆਦਰਸ਼ ਸਕੂਲ ਜੰਡਿਆਲਾ ਵਿਖੇ ਅਧਿਆਪਕਾਂ ਵਲੋਂ ਹੱਕੀ ਮੰਗਾਂ ਮਨਾਉਣ ਲਈ ਲਗਾਇਆ ਧਰਨਾ

## ਸਰਕਾਰ ਨਾਲ 30-35 ਮੀਟਿੰਗਾਂ ਕਰਨ ਦਾ ਕੋਈ ਅਸਰ ਨਹੀਂ ਹੋਇਆ-ਮੁਲਾਜਮ ਯੂਨੀਅਨ

**ਬੰਗਾ 20 ਜੁਲਾਈ (ਚਰਨਜੀਤ ਸੱਲ੍ਹਾ):-** ਆਦਰਸ਼ ਸਕੂਲ ਟੀਚਿੰਗ ਨਾਨ ਟੀਚਿੰਗ ਮੁਲਾਜਮ ਯੂਨੀਅਨ ਪੰਜਾਬ ਵਲੋਂ ਹੱਕੀ ਮੰਗਾਂ ਮੰਨਾਉਣ ਲਈ ਲਈ ਅੱਜ ਆਦਰਸ਼ ਸਕੂਲ ਜੰਡਿਆਲਾ ਵਿਖੇ ਧਰਨਾ ਲਗਾਇਆ ਗਿਆ। ਇਸ ਮੌਕੇ ਟੀਚਰ ਜਸਵਿੰਦਰ ਕੌਰ ਅਤੇ ਮਾਇਆ ਨੇ ਸਾਂਝੇ ਤੌਰ ਤੇ ਕਿਹਾ ਕਿ ਅਸੀਂ 2012 ਤੋਂ ਇਨ੍ਹਾ ਸਕੂਲਾਂ ਵਿੱਚ ਸੇਵਾਵਾਂ ਨਿਭਾਅ ਰਹੇ ਹਾਂ ਪਰ ! ਸਾਨੂੰ ਸਿਰਫ 10 ਹਜਾਰ ਰੂਪਏ ਤਨਖਾਹ ਹੀ ਦਿੱਤੀ ਜਾਂਦੀ ਹੈ । ਐਨੀ ਮਹਿੰਗਾਈ ਵਿੱਚ ਇੰਨੀ ਕੁ ਤਨਖਾਹ ਨਾਲ ਘਰ ਪਰਿਵਾਰ ਚਲਾਉਣਾ ਬਹੁਤ ਔਖਾ ਹੈ। ਉਨ੍ਹਾ ਕਿਹਾ ਕਿ ਸਿੱਖਿਆ ਮੰਤਰੀ ਪੰਜਾਬ ਨਾਲ ਵੀ ਤਕਰੀਬਨ 30-35 ਮੀਟਿੰਗਾਂ ਹੋ ਚੁੱਕੀਆ ਹਨ ਅਤੇ ਇਸ ਸਬੰਧੀ ਉਹ ਸੰਗਰੂਰ, ਪਟਿਆਲਾ, ਲੁਧਿਆਣਾ, ਬਰਨਾਲਾ ਆਦਿ ਥਾਵਾਂ ਤੇ ਰੋਸ ਰੈਲੀਆ ਕਰ ਚੁੱਕੇ ਹਨ। ਪਰ ਪੰਜਾਬ ਸਰਕਾਰ ਦੇ ਕੰਨਾਂ ਤੇ ਜੂੰ ਤੱਕ ਨਹੀਂ ਸਰਕਦੀ । ਉਨ੍ਹਾਂ ਦੱਸਿਆ ਕਿ ਉਨ੍ਹਾਂ ਵਲੋਂ ਦੁੱਖੀ ਹੋ ਕੇ ਇਹ ਧਰਨਾ ਲਗਾਇਆ ਹੈ ਜੋ ਲਗਾਤਾਰ ਚਲੇਗਾ ਜਦ ਤੱਕ ਸਰਕਾਰ ਸਾਡੀਆ ਮੰਗਾਂ ਨਹੀਂ ਮੰਨਦੀ। ਜੇ ਸਰਕਾਰ ਨੇ ਸਾਡੀ ਹੱਕੀ ਮੰਗਾਂ ਵੱਲ



ਧਿਆਨ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਟੀਚਰ ਨੀਲਮ ਹੀਉਂ ਨੇ ਕਿਹਾ ਇਹ ਸੰਘਰਸ਼ ਹੱਕੀ ਮੰਗਾਂ ਮੰਨੇ ਜਾਣ ਤੱਕ ਜਾਰੀ ਰਹੇਗਾ। ਲੋੜ ਪੈਣ ਤੇ ਉਹ ਚੱਕਾ ਜਾਮ ਕਰਨ ਦਾ ਰੁੱਖ ਵੀ ਅਪਣਾ ਸਕਦੇ ਹਨ। ਇਸ ਮੌਕੇ ਜਸਵਿੰਦਰ ਸਿੰਘ ਮਹਿਮੀ ਮੈਂਬਰ ਸਕੂਲ ਮੈਨੇਜਮੈਂਟ ਕਮੇਟੀ, ਪ੍ਰਿੰਸੀਪਲ ਅਮਿਤ ਕੌਂਸਲ, ਸੋਮ ਨਾਥ ਪ੍ਰਧਾਨ ਟੀਚਰ-ਮਾਪੇ ਯੂਨੀਅਨ, ਸਰਪੰਚ ਸੁਖਵਿੰਦਰ ਸਿੰਘ ਆਦਿ ਨੇ ਟੀਚਰਾਂ ਦੇ ਹੱਕ ਵਿੱਚ ਨਾਅਰਾ ਮਾਰਦੇ ਹੋਏ ਕਿਹਾ ਕਿ ਟੀਚਰਾਂ ਦੀ ਮੰਗ ਬਿਲਕੁਲ ਜਾਇਜ਼ ਹੈ। ਇੰਨੀ ਘੱਟ ਤਨਖਾਹ ਨਾਲ ਅੱਜ ਕੱਲ੍ਹ ਮਹਿੰਗਾਈ ਦੇ ਯੁੱਗ ਵਿਚ ਗੁਜਾਰਾ ਕਰਨਾ ਅਸੰਭਵ ਹੈ। ਉਨ੍ਹਾਂ ਕਿਹਾ ਕਿ ਉਹ ਸਾਰੇ ਟੀਚਰਾਂ ਦੀ ਮੰਗ ਦਾ ਸਮਰਥਨ ਕਰਦੇ ਹਨ । ਉਨ੍ਹਾਂ ਸੰਯੁਕਤ ਰੂਪ ਵਿਚ ਕਿਹਾ ਕਿ ਸਰਕਾਰ ਟੀਚਰਾਂ ਨੂੰ ਸਰਕਾਰੀ ਸਕੂਲਾਂ ਦੇ ਬਰਾਬਰ ਤਨਖਾਹ ਲਾਗੂ ਕਰੇ। ਇਸ ਮੌਕੇ ਗਗਨਦੀਪ ਕੌਰ,ਸਮਾਜ ਸੇਵਕ ਨਰੇਸ਼ ਕੁਮਾਰ,ਗੁਰਮੀਤ ਕੌਰ, ਗੁਰਪ੍ਰੀਤ ਕੌਰ, ਹਰਜਿੰਦਰ ਕੁਮਾਰ, ਜਗਵੀਰ ਸਿੰਘ ਰਾਣਾ,ਜਸਵੀਰ ਕੌਰ, ਜਸਵਿੰਦਰ ਕੌਰ,ਕੰਚਨ ਬਾਲਾ, ਮਨਵੀਰ ਸਿੰਘ, ਮਨਪ੍ਰੀਤ ਸਿੰਘ, ਅਮਨਦੀਪ ਕੌਰ, ਅਵਤਾਰ ਸਿੰਘ, ਬਲਜੀਤ ਕੌਰ,ਚੰਦਰ ਸ਼ੇਖਰ,ਦੀਪਕ ਕੁਮਾਰ,.ਮੋਨਿਕਾ, ਮਾਇਆ ਰਾਣੀ,ਰਾਜ ਕੁਮਾਰੀ,ਪ੍ਰਦੀਨ,ਰੇਖਾ ਰਾਣੀ, ਸਰਬਜੀਤ ਕੌਰ, ਊਸਾ ਰਾਣੀ,ਜਸਵਿੰਦਰ ਕੌਰ ਅਤੇ ਯੂਨੀਅਨ ਦੇ ਸਮੂਹ ਮੈਂਬਰ ਆਦਿ ਹਾਜਰ ਸਨ ।

# ਵਿਦਿਆਰਥੀਆਂ ਅਤੇ ਨੌਜਵਾਨਾਂ ਦੇ ਸ਼ਾਂਤਮਈ ਸੰਘਰਸ਼ 'ਤੇ ਲਾਠੀਚਾਰਜ ਅਤੇ ਦਮਨ ਦੀ ਸੀਪੀਆਈ ਲੁਧਿਆਣਾ ਵੱਲੋਂ ਸਖ਼ਤ ਨਿਖੇਧੀ

**ਲੁਧਿਆਣਾ (ਕਰਨੈਲ ਸਿੰਘ ਐੱਮ.ਏ.)** ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੀ ਲੁਧਿਆਣਾ ਜ਼ਿਲ੍ਹਾ ਇਕਾਈ ਜੰਤਰ-ਮੰਤਰ, ਪਟੇਲ ਚੌਕ, ਜਨਪਥ, ਰਾਇਸੀਨਾ ਰੋਡ ਅਤੇ ਦਿੱਲੀ ਦੇ ਹੋਰ ਇਲਾਕਿਆਂ ਵਿੱਚ ਪੇਪਰ ਲੀਕ, ਰਾਸ਼ਟਰੀ ਸਿੱਖਿਆ ਨੀਤੀ (ਐਨਈਪੀ), ਬੇਰੁਜ਼ਗਾਰੀ ਆਦਿ ਦੇ ਖ਼ਿਲਾਫ਼ ਅਤੇ ਭਾਰਤ ਦੇ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰ ਰਹੇ ਵਿਦਿਆਰਥੀਆਂ ਅਤੇ ਨੌਜਵਾਨਾਂ 'ਤੇ ਮੋਦੀ ਸਰਕਾਰ ਵੱਲੋਂ ਲਾਠੀਚਾਰਜ ਕਰਨ ਅਤੇ ਅੱਥਰੂ ਗੈਸ ਦੇ ਗੋਲੇ ਛੱਡਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ। ਇਹ ਵਿਰੋਧ ਪ੍ਰਦਰਸ਼ਨ ਕਾਕਰੋਚ ਜਨਤਾ ਪਾਰਟੀ ਦੇ ਸੱਦੇ 'ਤੇ ਕੀਤਾ ਗਿਆ ਸੀ, ਜਿਸ ਨੂੰ ਦੇਸ਼ ਭਰ ਦੀਆਂ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਨੌਜਵਾਨ ਜਥੇਬੰਦੀਆਂ ਦਾ ਸਮਰਥਨ ਪ੍ਰਾਪਤ ਸੀ। ਜੰਤਰ-ਮੰਤਰ ਅਤੇ ਇਸ ਦੇ ਆਲੇ-ਦੁਆਲੇ ਵਿਦਿਆਰਥੀਆਂ, ਨੌਜਵਾਨਾਂ ਅਤੇ ਉਨ੍ਹਾਂ ਦੇ ਮਾਪਿਆਂ ਦੀ ਬੇਮਿਸਾਲ ਭੀੜ ਇਕੱਠੀ ਹੋਈ। ਉਹ ਪਿਛਲੇ



21 ਦਿਨਾਂ ਤੋਂ ਭੁੱਖ ਹੜਤਾਲ ਅਤੇ ਧਰਨੇ 'ਤੇ ਬੈਠੇ ਹੋਏ ਹਨ, ਪਰ ਮੋਦੀ ਸਰਕਾਰ ਨੇ ਦੇਸ਼ ਦੇ ਨੌਜਵਾਨਾਂ ਦੀ ਆਵਾਜ਼ ਸੁਣਨ ਦੀ ਕੋਈ ਕੋਸ਼ਿਸ਼ ਨਹੀਂ ਕੀਤੀ। ਅੱਜ ਦੇ ਪ੍ਰਦਰਸ਼ਨ ਵਿੱਚ ਇੱਕ ਲੱਖ ਤੋਂ ਵੱਧ ਵਿਦਿਆਰਥੀਆਂ ਅਤੇ ਨੌਜਵਾਨਾਂ ਦੀ ਸ਼ਮੂਲੀਅਤ ਦੇਸ਼ ਦੀ ਨਵੀਂ ਪੀੜ੍ਹੀ ਦੀਆਂ ਭਾਵਨਾਵਾਂ ਦੀ ਨੁਮਾਇੰਦਗੀ ਕਰਦੀ ਹੈ। ਭਾਰਤ ਸਰਕਾਰ ਨੂੰ ਇਹ ਸਮਝ ਲੈਣਾ ਚਾਹੀਦਾ ਹੈ ਕਿ ਲੋਕਾਂ ਦੀ ਆਵਾਜ਼ ਪ੍ਰਤੀ ਬਹਿਰੇ ਬਣੇ ਰਹਿਣ ਦਾ ਰਵੱਈਆ ਹੁਣ ਹੋਰ ਨਹੀਂ ਚੱਲੇਗਾ। ਅੱਜ ਦਾ ਵਿਸ਼ਾਲ ਪ੍ਰਦਰਸ਼ਨ ਅਤੇ ਨੌਜਵਾਨਾਂ ਦਾ ਦ੍ਰਿੜ੍ਹ ਸੰਕਲਪ ਇਸ ਗੱਲ ਦਾ ਸਪੱਸ਼ਟ ਸੰਦੇਸ਼ ਹੈ। ਸੀਪੀਆਈ ਲੁਧਿਆਣਾ ਮੰਗ ਕਰਦੀ ਹੈ ਕਿ ਲੋਕਾਂ ਦੇ ਲੋਕਤੰਤਰੀ ਅਤੇ ਸ਼ਾਂਤਮਈ ਸੰਘਰਸ਼ਾਂ 'ਤੇ ਹੋ ਰਹੇ ਦਮਨ ਅਤੇ ਜਬਰ ਨੂੰ ਤੁਰੰਤ ਬੰਦ ਕੀਤਾ ਜਾਵੇ। ਤਾਨਾਸ਼ਾਹੀ ਅਤੇ ਗੈਰ-ਲੋਕਤੰਤਰੀ ਕਾਰਵਾਈਆਂ ਨੂੰ ਫੌਰੀ ਤੌਰ 'ਤੇ ਰੋਕਿਆ ਜਾਵੇ। ਆਗੂਆਂ ਨੇ ਅੱਗੇ ਮੰਗ ਕੀਤੀ ਹੈ ਕਿ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੂੰ ਤੁਰੰਤ ਮੰਤਰੀ ਮੰਡਲ ਤੋਂ ਹਟਾਇਆ ਜਾਵੇ। ਦਿੱਲੀ ਪੁਲਿਸ ਵੱਲੋਂ ਪ੍ਰਦਰਸ਼ਨ ਦੌਰਾਨ ਹਿਰਾਸਤ ਵਿੱਚ ਲਏ ਗਏ ਏਆਈਐਸਐਫ (ਅੀਸ਼ਢ), ਏਆਈਵਾਈਐਫ (AIYF) ਅਤੇ ਹੋਰ ਵਿਦਿਆਰਥੀ ਤੇ ਨੌਜਵਾਨ ਜਥੇਬੰਦੀਆਂ ਦੇ ਸਾਰੇ ਕਾਰਕੁਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।ਵਿਦਿਆਰਥੀਆਂ ਅਤੇ ਨੌਜਵਾਨਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਬਿਨਾਂ ਦੇਰੀ ਸਵੀਕਾਰ ਕੀਤਾ ਜਾਵੇ। ਬਿਆਨ ਜਾਰੀ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਸਕੱਤਰ ਡੀ ਪੀ ਮੌੜ, ਜ਼ਿਲ੍ਹਾ ਸਹਾਇਕ ਸਕੱਤਰ ਚਮਕੌਰ ਸਿੰਘ, ਐਮ ਐਸ ਭਾਟੀਆ ਅਤੇ ਡਾ: ਰਜਿੰਦਰ ਪਾਲ ਸਿੰਘ ਔਲਖ, ਡਾਕਟਰ ਅਰੁਣ ਮਿੱਤਰਾ, ਰਮੇਸ਼ ਰਤਨ, ਵਿਜੇ ਕੁਮਾਰ ਅਤੇ ਕੇਵਲ ਸਿੰਘ ਬਨਵੈਤ ਸ਼ਾਮਿਲ ਹਨ।

# ਅਮਰੀਕਾ ਦੇ ਪ੍ਰਸਿੱਧ ਅਟਾਰਨੀ ਐਟ ਲਾਅ ਸ੍ਰ: ਜਸਪ੍ਰੀਤ ਸਿੰਘ ਦਾ ਹਰਿਆਣਾ ਕਮੇਟੀ ਵੱਲੋਂ ਗੁਰਦੁਆਰਾ ਨਾਢਾ ਸਾਹਿਬ ਵਿਖੇ ਅੱਜ ਕੀਤਾ ਗਿਆ ਵਿਸ਼ੇਸ਼ ਸਨਮਾਨ

**ਲੁਧਿਆਣਾ (ਕਰਨੈਲ ਸਿੰਘ ਐੱਮ.ਏ.)** ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਬ ਦਫ਼ਤਰ ਗੁਰਦੁਆਰਾ ਨਾਢਾ ਸਾਹਿਬ ਪੰਚਕੂਲਾ ਵਿਖੇ ਅਮਰੀਕਾ ਦੇ ਪ੍ਰਸਿੱਧ ਸਮਾਜ ਸੇਵੀ ਅਤੇ ਕਾਨੂੰਨੀ ਸਲਾਹਕਾਰ ਸ੍ਰ: ਜਸਪ੍ਰੀਤ ਸਿੰਘ ਅਟਾਰਨੀ ਐਟ ਲਾਅ ਦਾ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿੱਚ ਨਿੱਘਾ ਸਵਾਗਤ ਅਤੇ ਵਿਸ਼ੇਸ਼ ਸਨਮਾਨ ਕੀਤਾ ਗਿਆ । ਇਸ ਸਮੇਂ ਸ਼੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਵਾਈਸ ਚਾਂਸਲਰ ਪ੍ਰੋਫ਼ੈਸਰ ਕਰਮਜੀਤ ਸਿੰਘ ਦਾ ਵੀ ਸਨਮਾਨ ਕੀਤਾ ਗਿਆ । ਸਨਮਾਨ ਤੋਂ ਪਹਿਲਾਂ ਉਹਨਾਂ ਨੇ ਗੁਰਦੁਆਰਾ ਸਾਹਿਬ ਮੱਥਾ ਟੇਕਿਆ ਅਤੇ ਕੜਾਹ ਪ੍ਰਸਾਦ ਪ੍ਰਾਪਤ ਕੀਤਾ । ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕਿ ਪੰਜਾਬ ਦੀ ਧਰਤੀ ਤੋਂ ਵਿਦਿਆ ਪ੍ਰਾਪਤ ਕਰਨ ਉਪਰੰਤ ਉੱਚ ਵਿਦਿਆ ਅਮਰੀਕਾ ਦੀ ਧਰਤੀ ਤੇ ਪ੍ਰਾਪਤ ਕਰਕੇ ਆਪਣੇ ਭਾਰਤ ਦੇਸ਼ ਦੇ ਲੋਕਾਂ ਦੀ ਬਹੁਤ ਵੱਡੀ ਕਾਨੂੰਨੀ ਮੱਦਦ ਸ੍ਰ: ਜਸਪ੍ਰੀਤ ਸਿੰਘ ਨੇ ਪਿਛਲੇ ਲੰਬੇ ਸਮੇਂ ਤੋਂ ਕੀਤੀ ਹੈ, 10 ਹਜ਼ਾਰ ਦੇ ਕਰੀਬ ਲੋਕਾਂ ਨੂੰ ਉਥੋਂ ਦੀ ਨਾਗਰਿਕਤਾ ਦਿਵਾ ਕੇ 15 ਹਜ਼ਾਰ ਕੇਸਾਂ ਨੂੰ ਅੱਜ ਵੀ ਹੈਂਡਲ ਕੀਤਾ ਜਾ ਰਿਹਾ ਹੈ । ਜਥੇਦਾਰ ਦਾਦੂਵਾਲ ਨੇ ਕਿਹਾ ਕਿ ਕਾਨੂੰਨੀ ਸੇਵਾਵਾਂ ਦੇਣ ਦੇ ਨਾਲ-ਨਾਲ ਸ੍ਰ: ਜਸਪ੍ਰੀਤ ਸਿੰਘ ਧਾਰਮਿਕ, ਸਿੱਖਿਆ, ਰਾਜਨੀਤੀ ਦੇ ਖੇਤਰ ਵਿੱਚ ਵੀ ਵਿਸ਼ੇਸ਼ ਯੋਗਦਾਨ ਪਾਉਂਦੇ ਹਨ ਤੇ ਲੋੜਵੰਦਾਂ ਦੀ ਮੁਫ਼ਤ ਵੀ ਮੱਦਦ ਕਰਦੇ ਹਨ। ਪਿਛਲੇ ਸਮੇਂ ਸ੍ਰ: ਜਸਪ੍ਰੀਤ ਸਿੰਘ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਇੱਕ ਚੇਅਰ ਵੀ ਸਥਾਪਿਤ ਕਰਵਾਈ ਗਈ ਹੈ ਤੇ ਪੰਜ ਕਰੋੜ ਰੁਪਏ ਦੇਣ ਦਾ ਵੀ ਐਲਾਨ ਕੀਤਾ ਗਿਆ ਹੈ । ਸ੍ਰ: ਜਸਪ੍ਰੀਤ ਸਿੰਘ ਜੀ ਨੇ



ਸਨਮਾਨ ਲਈ ਜਿੱਥੇ ਹਰਿਆਣਾ ਕਮੇਟੀ ਦਾ ਧੰਨਵਾਦ ਕੀਤਾ ਉਥੇ ਜਥੇਦਾਰ ਦਾਦੂਵਾਲ ਜੀ ਵੱਲੋਂ ਦੇਸ਼ ਵਿਦੇਸ਼ ਵਿੱਚ ਕੀਤੇ ਜਾ ਰਹੇ ਧਰਮ ਪ੍ਰਚਾਰ ਪ੍ਰਸਾਰ ਲਈ ਉਹਨਾਂ ਦੀ ਸ਼ਲਾਘਾ ਕੀਤੀ । ਅੱਜ ਉਹਨਾਂ ਦਾ ਸਨਮਾਨ ਕਰਨ ਲਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸ੍ਰ: ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ, ਸ੍ਰ: ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ ਪੰਚਕੂਲਾ, ਸ੍ਰ: ਦੀਦਾਰ ਸਿੰਘ ਨਲਵੀ ਮੈਂਬਰ ਸ਼ਾਹਬਾਦ ਮਾਰਕੰਡਾ, ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ ਮੈਂਬਰ, ਐਡਵੋਕੇਟ ਗੁਰਤੇਜ ਸਿੰਘ ਮੈਂਬਰ ਅੰਬਾਲਾ, ਸ੍ਰ: ਰਜਿੰਦਰ ਸਿੰਘ ਬਰਾੜਾ ਮੈਂਬਰ, ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ, ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ, ਸ੍ਰ: ਭੁਪਿੰਦਰ ਸਿੰਘ ਸੈਣੀ ਮੈਂਬਰ ਪ੍ਰਤੀਨਿਧ, ਕੈਪਟਨ ਦਿਲਬਾਗ ਸਿੰਘ ਸਜ਼ਾਦਪੁਰ, ਸ੍ਰ: ਬੇਅੰਤ ਸਿੰਘ ਨਲਵੀ ਸਾਬਕਾ ਮੈਂਬਰ, ਸਕੱਤਰ ਸਰਬਜੀਤ ਸਿੰਘ ਜੰਮੂ, ਮੈਨੇਜਰ ਪਰਮਜੀਤ ਸਿੰਘ ਸ਼ੇਰਗੜ, ਹੈਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਜੀਤ ਸਿੰਘ, ਐਡਵੋਕੇਟ ਰਸਪਿੰਦਰ ਸਿੰਘ ਸੋਹੀ, ਐਡਵੋਕੇਟ ਅਦਿੱਤਿਆ ਬਾਦਵਾਰ, ਕੁਲਦੀਪ ਸਿੰਘ ਸੋਹੀ, ਸ੍ਰ: ਰਵਿੰਦਰ ਸਿੰਘ ਸੋਨੂੰ, ਜਸਵਿੰਦਰ ਸਿੰਘ ਬਿੱਟਾ ਅੰਬਾਲਾ ਵੀ ਇਸ ਸਮੇਂ ਹਾਜ਼ਰ ਸਨ।

# ਆਮ ਆਦਮੀ ਦੀ ਹਾਲਤ

ਬਿਨ ਲਾਲਚ 'ਤੋਂ ਕੌਣ ਕਿਸੇ ਦੀ ,
ਕਰਦਾ ਭਲਾਂ ਵਕਾਲਤ ਹੈ ।
ਦੌਲਤ ਵਾਲ਼ੇ ਸਮਝਣ ਸਾਡੀ ,
ਮੁੱਠੀ ਵਿੱਚ ਅਦਾਲਤ ਹੈ ।
ਘਿਓ ਖਿਚੜੀ ਹਨ ਨੇਤਾ ਅਫ਼ਸਰ,
ਲੱਠਮਾਰ ਤੇ ਵਿਉਪਾਰੀ ;
ਪਰਜਾ ਤੰਤਰ ਵਿੱਚ ਪਰਜਾ ਦੀ ,
ਸਭ 'ਤੋਂ ਮਾੜੀ ਹਾਲਤ ਹੈ ।



**ਮੂਲ ਚੰਦ ਸ਼ਰਮਾ ਪ੍ਰਧਾਨ ,**
**ਪੰਜਾਬੀ ਸਾਹਿਤ ਸਭਾ ਧੂਰੀ**
**ਜ਼ਿਲ੍ਹਾ ਸੰਗਰੂਰ ।**
9914836037

## ਗ਼ਜ਼ਲ

ਸਿਸਕਦੇ ਤੇ ਵਿਲਕਦੇ , ਅਰਮਾਨ ਮੇਰੇ ਵਹਿ ਗਏ।
ਮੇਰੀਆਂ ਅੱਖਾਂ ਸਾਹਮਣੇ,ਮੇਰੇ ਹੀ ਮਹਿਲ ਢਹਿ ਗਏ।
ਮਾਣ ਜਿਸ ਤੇ ਸੀ ਮੈਨੂੰ, ਕਿ ਉਹ ਮੇਰਾ ਬਣੇਗਾ,
ਉਹ ਵੀ ਪਰ੍ਹਾਂ ਪਰ੍ਹਾਂ ਹਟੇ,ਦਿਸਣੋਂ ਵੀ ਹੁਣ ਰਹਿ ਗਏ।
ਸ਼ਾਲਾ! ਮੇਰੇ ਪਿਆਰ ਨੇ, ਮੈਨੂੰ ਏਦਾਂ ਰੋਲਿਆ,
ਕੀ ਪਹੁੰਚਣਾ ਸੀ ਮੰਜ਼ਲੇ ,ਜਦ ਹਾਰ ਕੇ ਹੀ ਬਹਿ ਗਏ।
ਖ਼ੁਦਾ ਦੀ ਕਸਮ ਮੈਨੂੰ, ਬਿਰਹਾ ਮੇਰਾ ਸਾਥ ਦਿੱਤਾ,
ਜੀਦੇ ਸਹਾਰੇ ਨਾਲ ਨਾਲ, ਇਹ ਸਾਰੇ ਗ਼ਮ ਸਹਿ ਗਏ।
ਨਹੀਂ ਤੇ ਖ਼ਾਕ ਪਾਕ ਹੋ, ਰੁਲਦਾ ਉਹਦੇ ਪੈਰਾਂ ਹੇਠ,
ਹੁਣ ਤੇ ਮੈਨੂੰ ਹੋਸ਼ ਹੈ, ਅੰਗ ਹਿੱਲਣੋਂ ਹੀ ਨੇ ਰਹਿ ਗਏ।
'ਸੁਰਜੀਤ' ਏਸ ਰਾਹ ਤੇ, ਹਸਤੀ ਮਿਟਾਉਣੀ ਪੈਂਦੀ ਹੈ,
ਅਗਲੇ ਜਹਾਨ ਮਿਲਾਂਗੇ,ਕੀ ਹੋਇਆ ਹੁਣ ਰਹਿ ਗਏ?



**ਸੁਰਜੀਤ ਸਿੰਘ ਭੁੱਲਰ**

# ਚੇਅਰਮੈਨ ਬਨਾਮ ਜਾਤ

ਜਾਤਾਂ ਵਾਲੀ,ਕਰ ਕੇ ਸਿਰਜਣਾ,
ਮੰਨੂਵਾਦ ਨੇ ਪਾਈਆਂ ਵੰਡੀਆਂ ।

ਪਾੜੇ ਨੂੰ, ਹੋਰ ਕਰ ਰਹੇ ਪੱਕਾ,
ਚੇਅਰਮੈਨ ਦੀਆਂ,ਦੇ ਕੇ ਝੰਡੀਆਂ।

ਸੁਣਿਆਂ ਅਹੁਦੇ,ਮੁੱਲ ਮਿਲਦੇ ਨੇ,
ਚੁੱਪ ਕੀਤੇ,ਇਹ ਲੱਗਣ ਮੰਡੀਆਂ।

ਹੋਰ ਸਾਨੂੰ, ਬਰਬਾਦ ਕਰਨਗੇ,
ਜੇ ਆਪਾਂ ਨਾ, ਸਮਝਾਂ ਚੰਡੀਆਂ।

ਧਰਮ,ਜਾਤ ਨੂੰ, ਉਹ ਉਭਾਰਨ,
ਜਿਹੜੇ ਸੋਚਾਂ ਨੇ,ਰੱਖਦੇ ਲੰਡੀਆਂ।

ਉਹ ਅੱਗੇ ਵੱਲ ਨੂੰ, ਹੋਰ ਵਧਣਗੇ,
ਜੇ ਫੁੱਟ ਪਾਊ,ਨਾ ਨੀਤੀਆਂ ਭੰਡੀਆਂ।

ਏਕੇ ਵਾਲਾ, ਰਾਹ ਕੋਈ ਘੜੀਏ,
ਨਵੀਆਂ ਨਾ,ਬਣਾਈਏ ਡੰਡੀਆਂ।

ਜਸਵੀਰ ਮੋਰੋਂ,ਭਲਾ ਕਰਨ ਨਾ,
ਪਾੜੇ ਪਾਉਣ,ਵਾਲੀਆਂ ਝੰਡੀਆਂ।



**ਜਸਵੀਰ ਸਿੰਘ ਮੋਰੋਂ**
**ਐਨ.ਆਰ. ਆਈ.ਕਲੋਨੀ, ਬੰਗਾ, ਜਿਲਾ ਸ਼ਹੀਦ ਭਗਤ ਸਿੰਘ ਨਗਰ ,ਪੰਜਾਬ**

# ਪੱਗ ਅੰਦਰਲੇ ਸਿਰ ਦੀ ਪਰਖ ਜ਼ਰੂਰੀ ਹੈ

ਲੁੱਟਦੇ ਭੇਸ ਧਾਰ ਕੇ ਢਾਣੇ ਠੱਗਾਂ ਦੇ,
ਸਾਧ ਨਹੀਂ ਹੋ ਜਾਂਦੇ ਸਾਊ ਰੰਗ ਪੱਗਾਂ ਦੇ।


ਪੱਗ ਅੰਦਰਲੇ ਸਿਰ ਦੀ ਪਰਖ ਜ਼ਰੂਰੀ ਹੈ,
ਆਖੇ ਨਾ ਲੱਗ ਤੁਰ ਪਈਂ ਮਗਰੇ ਵੱਗਾਂ ਦੇ।

ਘੁਣ ਦੀ ਫ਼ਿਤਰਤ ਹੈ, ਉਹ ਜੰਗਲ ਖਾਂਦਾ ਹੈ,
ਨਾ ਮੁਥਾਜ ਹੋ ਬਹਿ ਜਾਈਂ ਕਬਜ਼ੇ ਅੱਗਾਂ ਦੇ।

ਹੋ ਚੁਕੰਨਾ ਤੁਰੀਂ, ਇਹ ਰਸਤਾ ਬਿਖੜਾ ਹੈ,
ਨੋਚ ਲੈਣ ਇਹ ਸੋਹਣੇ ਚਿਹਰੇ ਨੱਗਾਂ ਦੇ।


ਬਾਹਰੋਂ ਕੋਈ ਚੜ੍ਹ ਧਾਵੀ ਹੁਣ ਨਾ ਆਉਂਦੇ,
ਅੰਦਰੋਂ ਅੰਦਰੀਂ ਜ਼ਹਿਰ ਚੜ੍ਹੇ ਵਿੱਚ ਰੱਗਾਂ ਦੇ।

ਪਿਆਦੇ ਬਣ ਕੇ ਮੂਹਰੇ ਲੱਗੇ ਫਿਰਦੇ ਜੋ,
ਰੱਤ ਚੂਸਣ ਦੇ ਚਸਕੇ ਗਿੱਝੇ ਮੱਗਾਂ ਦੇ।



**ਦੀਪ ਸੰਧੂ**
**+61 459 966 392**

# ਜਨਮ-ਦਿਨ ਮੁਬਾਰਕ



**ਕੈਮ ਅਰੋੜਾ (ਫਿਲਮੀ ਕਲਾਕਾਰ)**
**ਵਾਸੀ ---- ਲੁਧਿਆਣਾ**

# 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਮਾਲਕਾਨਾ ਹੱਕ ਸਰਟੀਫਿਕੇਟ ਵੰਡੇ

## "ਪੰਜਾਬ ਦਾ ਇਕੋ ਨਾਅਰਾ - ਭਗਵੰਤ ਮਾਨ ਦੁਬਾਰਾ": ਲੋਕ ਮਿਲਣੀਆਂ ਦੌਰਾਨ ਪਿੰਡਾਂ ਵਿੱਚ ਲੋਕਾਂ ਦਾ ਭਰਵਾਂ ਹੁੰਗਾਰਾ

**ਲਾਲੜੂ, 20 ਜੁਲਾਈ: (ਸੰਜੀਵ ਸਿੰਘ ਸੈਣੀ)** ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ "ਪੰਜਾਬ ਦਾ ਇਕੋ ਨਾਅਰਾ - ਭਗਵੰਤ ਮਾਨ ਦੁਬਾਰਾ" ਮੁਹਿੰਮ ਤਹਿਤ ਪਿੰਡ ਸਰਸੀਣੀ, ਸਾਧਾਪੁਰ, ਖਜੂਰ ਮੰਡੀ, ਡੰਗਡੇਹਰਾ ਅਤੇ ਟਿਵਾਣਾ ਵਿਖੇ ਲੋਕ ਮਿਲਣੀਆਂ ਕੀਤੀਆਂ ਗਈਆਂ। ਇਸ ਮੌਕੇ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਪੰਜਾਬ ਸਰਕਾਰ ਦੀਆਂ ਲੋਕ-ਭਲਾਈ ਨੀਤੀਆਂ ਅਤੇ ਵਿਕਾਸ ਕਾਰਜਾਂ ਪ੍ਰਤੀ ਆਪਣਾ ਪੂਰਾ ਵਿਸ਼ਵਾਸ ਪ੍ਰਗਟਾਇਆ। ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਅਤੇ ਸੂਬੇ ਦੇ ਸਰਵਪੱਖੀ ਵਿਕਾਸ ਲਈ ਇਤਿਹਾਸਕ ਫ਼ੈਸਲੇ ਲੈ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨਾ ਅਤੇ ਲੋਕਾਂ ਨੂੰ ਉਨ੍ਹਾਂ ਦੇ ਹੱਕ ਪ੍ਰਦਾਨ ਕਰਨਾ ਮਾਨ ਸਰਕਾਰ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਦੱਸਿਆ ਕਿ ਖਜੂਰ ਮੰਡੀ ਵਿਖੇ ਲਗਭਗ 72



ਪਰਿਵਾਰਾਂ ਨੂੰ "ਮੇਰਾ ਘਰ ਮੇਰੇ ਨਾਮ" ਸਕੀਮ ਤਹਿਤ ਮਾਲਕਾਨਾ ਹੱਕ ਸਰਟੀਫਿਕੇਟ ਵੰਡੇ ਗਏ। ਉਨ੍ਹਾਂ ਕਿਹਾ ਕਿ ਇਸ ਸਕੀਮ ਰਾਹੀਂ ਸਾਲਾਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਪਰਿਵਾਰਾਂ ਨੂੰ ਕਾਨੂੰਨੀ ਮਾਲਕੀ ਦਾ ਹੱਕ ਮਿਲਿਆ ਹੈ, ਜੋ ਆਮ ਲੋਕਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਦੇਣ ਵੱਲ ਪੰਜਾਬ ਸਰਕਾਰ ਦਾ ਇੱਕ ਇਤਿਹਾਸਕ ਅਤੇ ਲੋਕ-ਪੱਖੀ ਕਦਮ ਹੈ। ਲੋਕ ਮਿਲਣੀਆਂ ਦੌਰਾਨ ਵਿਧਾਇਕ ਰੰਧਾਵਾ ਨੇ ਲੋਕਾਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਤੁਰੰਤ ਨਿਪਟਾਰੇ ਲਈ ਲੋੜੀਂਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਲੋਕਾਂ ਦੇ ਘਰ-ਘਰ ਤੱਕ ਪਹੁੰਚ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਸਮੇਂ ਸਿਰ ਹੱਲ ਕਰਨਾ ਅਤੇ ਵਿਕਾਸ ਦੀ ਰਫ਼ਤਾਰ ਨੂੰ ਹੋਰ ਤੇਜ਼ ਕਰਨਾ ਹੈ। ਇਸ ਮੌਕੇ ਪਿੰਡ ਸਰਸੀਣੀ ਤੋਂ ਸਰਪੰਚ ਗੁਰਵਿੰਦਰ ਕੌਰ (ਪਤਨੀ ਮਨਜੀਤ ਸਿੰਘ), ਸਾਧਾਪੁਰ ਤੋਂ ਗੁਲਸ਼ਨ ਕੁਮਾਰ, ਡੰਗਡੇਹਰਾ ਤੋਂ ਦਵਿੰਦਰ ਸਿੰਘ, ਟਿਵਾਣਾ ਤੋਂ ਅਵਤਾਰ ਸਿੰਘ, ਬਲਾਕ ਸੰਮਤੀ ਮੈਂਬਰ ਸੁਰਿੰਦਰ ਕੌਰ (ਪਤਨੀ ਕੇਸਰ ਸਿੰਘ), ਬਲਾਕ ਪ੍ਰਧਾਨ ਗੁਰਵਿੰਦਰ ਸਿੰਘ, ਸਬੰਧਤ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਨੇ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਸਬੰਧੀ ਦਾਣਾ ਮੰਡੀ ਬੰਗਾ ਵਿਖੇ 24 ਜੁਲਾਈ ਨੂੰ ਹੋਣ ਵਾਲੇ ਜ਼ਿਲ੍ਹਾ ਪੱਧਰੀ ਕੀਰਤਨ ਦਰਬਾਰ ਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ

## ਸੰਗਤਾਂ ਲਈ ਪਾਣੀ, ਪਾਰਕਿੰਗ, ਸਫਾਈ, ਮੈਡੀਕਲ ਅਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ ਦੇ ਦਿੱਤੇ ਨਿਰਦੇਸ਼

**ਸ਼ਹੀਦ ਭਗਤ ਸਿੰਘ ਨਗਰ, 20 ਜੁਲਾਈ(ਜਤਿੰਦਰ ਪਾਲ ਸਿੰਘ ਕਲੇਰ )** ਪੰਜਾਬ ਸਰਕਾਰ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਪੱਧਰੀ ਕੀਰਤਨ ਦਰਬਾਰ 24 ਜੁਲਾਈ ਨੂੰ ਦਾਣਾ ਮੰਡੀ ਬੰਗਾ ਵਿਖੇ ਕਰਵਾਇਆ ਜਾਵੇਗਾ। ਇਸ ਸਮਾਗਮ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਦੇ ਮੀਟਿੰਗ ਹਾਲ ਵਿਖੇ ਜ਼ਿਲ੍ਹਾ ਅਧਿਕਾਰੀਆਂ ਦੀ ਰੀਵਿਊ ਮੀਟਿੰਗ ਕੀਤੀ ਅਤੇ ਅਧਿਕਾਰੀਆਂ ਨੂੰ ਮਿਥੇ ਸਮੇਂ ਵਿੱਚ ਪੁਖਤਾ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਨੇ ਮੀਟਿੰਗ ਦੌਰਾਨ ਦੱਸਿਆ ਕਿ ਭਾਈ ਦਵਿੰਦਰ ਸਿੰਘ ਸੋਢੀ ਲੁਧਿਆਣੇ ਵਾਲੇ ਅਤੇ ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ, ਸ੍ਰੀ ਹਰਮਿੰਦਰ ਸਾਹਿਬ ਵਲੋਂ ਕੀਰਤਨ ਕੀਤਾ ਜਾਵੇਗਾ। ਭਾਈ ਗੁਰਮੀਤ ਸਿੰਘ ਕਥਾ ਵਿਚਾਰ ਕਰਨਗੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੂਰਾ ਸਾਲ ਵੱਖ-ਵੱਖ ਹੋਰ ਵੀ ਪ੍ਰੋਗਰਾਮ ਕੀਤੇ ਜਾਣਗੇ। ਜਿਸ ਅਧੀਨ ਖਾਸ ਤੌਰ ਉੱਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ



ਨੂੰ ਸਮਰਪਿਤ ਜਿਲ੍ਹੇ ਵਿੱਚ 6.5 ਲੱਖ ਬੂਟੇ ਲਗਾਏ ਜਾਣਗੇ। ਇਸ ਦੇ ਨਾਲ ਹੀ ਸਕੂਲਾਂ ਅਤੇ ਕਾਲਜਾਂ ਵਿਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਅਤੇ ਧਾਰਮਿਕ ਵਿਚਾਰਾਂ ਨੂੰ ਵਿਦਿਆਰਥੀਆਂ ਤੱਕ ਪਹੁਚਾਉਣ ਲਈ ਸੈਮੀਨਾਰ, ਲੇਖ ਤੇ ਪੇਂਟਿੰਗ ਮੁਕਾਬਲੇ ਵੀ ਕਰਵਾਏ ਜਾ ਰਹੇ ਹਨ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਕੀਰਤਨ ਦਰਬਾਰ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਵਾਲੀਆਂ ਸੰਗਤਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ। ਇਸ ਲਈ ਪੀਣ ਵਾਲੇ ਪਾਣੀ, ਛਾਂ, ਬੈਠਣ, ਸਾਊਂਡ ਸਿਸਟਮ, ਬਿਜਲੀ ਅਤੇ ਸਫਾਈ ਦੇ ਪੁਖਤਾ ਪ੍ਰਬੰਧ ਕੀਤੇ ਜਾਣ। ਪਾਰਕਿੰਗ ਲਈ ਅਲੱਗ ਤੋਂ ਥਾਂ ਨਿਰਧਾਰਤ ਕਰਕੇ ਟ੍ਰੈਫਿਕ ਪੁਲਿਸ ਦੀ ਡਿਊਟੀ ਲਗਾਈ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਮਾਨਤਾ, ਭਾਈਚਾਰੇ ਅਤੇ ਸਮਾਜਿਕ ਨਿਆਂ ਦਾ ਸੰਦੇਸ਼ ਦਿੱਤਾ ਸੀ। ਉਨ੍ਹਾਂ ਸਮੂਹ ਧਾਰਮਿਕ, ਸਮਾਜਿਕ ਅਤੇ ਸਵੈ-ਸੇਵੀ ਸੰਸਥਾਵਾਂ ਸਮੇਤ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਪਵਿੱਤਰ ਸਮਾਗਮ ਨੂੰ ਸਫਲ ਬਣਾਉਣ ਲਈ ਪ੍ਰਸ਼ਾਸਨ ਦਾ ਸਹਿਯੋਗ ਕਰਨ ਅਤੇ ਵੱਧ ਤੋਂ ਵੱਧ ਗਿਣਤੀ ਵਿਚ 24 ਜੁਲਾਈ ਨੂੰ ਵਿਸ਼ਾਲ ਕੀਰਤਨ ਦਰਬਾਰ ਵਿਖੇ ਪਹੁੰਚਣ। ਉਨ੍ਹਾ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਸਬੰਧੀ ਵਿਸ਼ਾਲ ਕੀਰਤਨ ਦਰਬਾਰ ਉਪਰੰਤ ਸੰਗਤ ਲਈ ਲੰਗਰ ਦੀ ਸੇਵਾ ਵੀ ਕੀਤੀ ਜਾ ਰਹੀ ਹੈ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਸੰਜੀਵ ਸ਼ਰਮਾ, ਐਸ.ਡੀ.ਐਮ. ਨਵਾਂਸ਼ਹਿਰ ਅਨਮਜਯੋਤ ਕੌਰ, ਸਹਾਇਕ ਕਮਿਸ਼ਨਰ ਜਨਰਲ ਰਮਨਜੀਤ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਨਿਧੀ ਸਿਨਹਾ, ਆਰ.ਟੀ.ਏ ਇੰਦਰਪਾਲ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ।

## ਸੁਖਬੀਰ ਬਾਦਲ ਦੀ ਪੇਸ਼ੀ ਮੌਕੇ ਗੁਰਪ੍ਰੀਤ ਗੁੱਜਰ ਰੈਲਮਾਜਰਾ ਨੇ ਦਿਖਾਈ ਤਾਕਤ: ਕਿਹਾ- "ਅਸੀਂ ਚਟਾਨ ਵਾਂਗ ਪ੍ਰਧਾਨ ਨਾਲ ਖੜ੍ਹੇ, 2027 ਵਿੱਚ ਅਕਾਲੀ ਦਲ ਦੀ ਸਰਕਾਰ ਬਣਨਾ ਤੈਅ"

**ਬਲਾਚੌਰ , 20 ਜੁਲਾਈ (ਜਤਿੰਦਰ ਪਾਲ ਸਿੰਘ ਕਲੇਰ ):** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅੱਜ ਐਸ.ਆਈ.ਟੀ. ਅੱਗੇ ਪੇਸ਼ੀ ਦੌਰਾਨ ਪਾਰਟੀ ਆਗੂਆਂ ਤੇ ਵਰਕਰਾਂ ਦਾ ਜੋਸ਼ ਵੇਖਣਯੋਗ ਸੀ। ਇਸ ਦੌਰਾਨ ਹਲਕਾ ਬਲਾਚੌਰ ਤੋਂ ਸ਼੍ਰੋਮਣੀ ਅਕਾਲੀ ਦਲ(ਬਾਦਲ) ਦੇ ਸੀਨੀਅਰ ਆਗੂ ਗੁਰਪ੍ਰੀਤ ਗੁੱਜਰ ਰੈਲਮਾਜਰਾ ਨੇ ਆਪਣੇ ਸਾਥੀਆਂ ਸਮੇਤ ਸੁਖਬੀਰ ਸਿੰਘ ਬਾਦਲ ਨਾਲ ਮੁਲਾਕਾਤ ਕੀਤੀ ਅਤੇ ਪਾਰਟੀ ਲੀਡਰਸ਼ਿਪ ਪ੍ਰਤੀ ਆਪਣੀ ਅਟੁੱਟ ਵਫ਼ਾਦਾਰੀ ਦਾ ਪ੍ਰਗਟਾਵਾ ਕੀਤਾ।

- "ਹਰ ਔਖੀ ਘੜੀ ਵਿੱਚ ਅਸੀਂ ਪ੍ਰਧਾਨ ਦੇ ਨਾਲ"

ਇਸ ਮੌਕੇ ਗੁਰਪ੍ਰੀਤ ਗੁੱਜਰ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਅਸੀਂ ਹਰ ਔਖੀ ਸਥਿਤੀ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਚੱਟਾਨ ਵਾਂਗ ਖੜ੍ਹੇ ਹਾਂ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦਾ ਇੱਕ-ਇੱਕ ਵਰਕਰ ਅੱਜ ਸੁਖਬੀਰ ਬਾਦਲ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਸਾਥ ਨਿਰੰਤਰ ਜਾਰੀ ਰਹੇਗਾ। ਵਰਕਰਾਂ ਦੇ ਇਸ ਇਕੱਠ ਨੇ ਸਾਬਤ ਕਰ ਦਿੱਤਾ ਕਿ ਪਾਰਟੀ ਵਰਕਰ ਆਪਣੇ ਲੀਡਰ ਦੀ



ਅਗਵਾਈ ਵਿੱਚ ਪੂਰਾ ਵਿਸ਼ਵਾਸ ਰੱਖਦੇ ਹਨ।- "ਝੂਠੇ ਇਲਜ਼ਾਮਾਂ ਦਾ ਲਿਆ ਜਾਵੇਗਾ ਹਿਸਾਬ"

ਆਮ ਆਦਮੀ ਪਾਰਟੀ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਗੁਰਪ੍ਰੀਤ ਗੁੱਜਰ ਰੈਲਮਾਜਰਾ ਨੇ ਕਿਹਾ ਕਿ 'ਆਪ' ਸਰਕਾਰ ਵੱਲੋਂ ਲਗਾਏ ਗਏ ਸਾਰੇ ਇਲਜ਼ਾਮ ਝੂਠੇ ਅਤੇ ਬੇਬੁਨਿਆਦ ਹਨ, ਜਿਨ੍ਹਾਂ ਦਾ ਸਮਾਂ ਆਉਣ 'ਤੇ ਪੂਰਾ ਹਿਸਾਬ ਲਿਆ ਜਾਵੇਗਾ। ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨਾ ਬਿਲਕੁਲ ਤੈਅ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਸਭ ਜਾਣਦੀ ਹੈ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਲੋਕ ਇਸ ਝੂਠੀ ਸਿਆਸਤ ਨੂੰ ਮੂੰਹਤੋੜ ਜਵਾਬ ਦੇਣਗੇ।

- ਸੱਚਾਈ ਦੀ ਜਿੱਤ ਹੋਵੇਗੀ: ਗੁਰਪ੍ਰੀਤ ਗੁੱਜਰ

ਆਪਣੇ ਸੰਬੋਧਨ ਦੌਰਾਨ ਗੁਰਪ੍ਰੀਤ ਗੁੱਜਰ ਰੈਲਮਾਜਰਾ ਨੇ ਭਰੋਸਾ ਪ੍ਰਗਟਾਇਆ ਕਿ ਸਾਨੂੰ ਆਪਣੀ ਪਾਰਟੀ, ਪਰਮਾਤਮਾ ਅਤੇ ਦੇਸ਼ ਦੇ ਕਾਨੂੰਨ ਉੱਤੇ ਪੂਰਾ ਭਰੋਸਾ ਹੈ। ਉਨ੍ਹਾਂ ਕਿਹਾ ਕਿ ਝੂਠ ਦੀ ਉਮਰ ਛੋਟੀ ਹੁੰਦੀ ਹੈ ਅਤੇ ਅੰਤ ਵਿੱਚ ਸੱਚਾਈ ਦੀ ਜਿੱਤ ਜ਼ਰੂਰ ਹੋਵੇਗੀ। ਇਸ ਮੌਕੇ ਗੁਰਪ੍ਰੀਤ ਗੁੱਜਰ ਰੈਲਮਾਜਰਾ ਦੇ ਨਾਲ ਹਰਪ੍ਰੀਤ ਬਾਠ, ਦਲਜੀਤ ਸਿੰਘ ਹਨੀ ਕੱਕੜ ਰੋਪੜ੍ਹ , ਬਲਵਿੰਦਰ ਸਰਪੰਚ (ਆਸਰੋਂ), ਸ਼ਮਸ਼ੇਰ ਸਿੰਘ ਅਤੇ ਗੁਰਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਅਤੇ ਆਗੂ ਹਾਜ਼ਰ ਸਨ, ਜਿਨ੍ਹਾਂ ਨੇ ਪਾਰਟੀ ਪ੍ਰਧਾਨ ਦੇ ਹੱਕ ਵਿੱਚ ਆਪਣੀ ਆਵਾਜ਼ ਬੁਲੰਦ ਕੀਤੀ।

# ਐਲ.ਬੀ.ਸੀ.ਟੀ. ਵੱਲੋਂ ਰੁੱਖ ਲਗਾਓ ਮੁਹਿੰਮ ਲਗਾਤਾਰ ਜਾਰੀ : ਇੰਸ. ਬਾਰੋਲੀਆ

**ਕੋਟਕਪੂਰਾ ਸਕੂਲ ’ਚ ਲਗਾਏ ਪੌਦੇ**

**ਫ਼ਰੀਦਕੋਟ (ਸ਼ਿਵਨਾਥ )** ਪ੍ਰਮੁੱਖ ਗੈਰ ਸਰਕਾਰੀ ਅਤੇ ਗੈਰ ਰਾਜਨੀਤਕ ਸਮਾਜ ਸੇਵੀ ਸੰਸਥਾ ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਵੱਲੋਂ ਵਣ ਮਹਾਂ ਉਤਸਵ ਨੂੰ ਸਮਰਪਿਤ ਰੁੱਖ ਲਗਾਓ ਮੁਹਿੰਮ ਲਗਾਤਾਰ ਜਾਰੀ ਹੈ। ਟਰੱਸਟ ਵੱਲੋਂ ਜਿਲ੍ਹੇ ਦੇ ਵੱਖ-ਵੱਖ ਸਕੂਲਾਂ ਵਿੱਚ ਸਦਾਬਹਾਰ ਫੁੱਲਾਂ ਵਾਲੇ ਅਤੇ ਸਜਾਵਟੀ ਪੌਦੇ ਲਗਾਏ ਜਾ ਰਹੇ ਹਨ। ਇਸੇ ਲੜੀ ਅਧੀਨ ਅੱਜ ਜਿਲ੍ਹੇ ਦੇ ਡਾ. ਹਰੀ ਸਿੰਘ ਸੇਵਕ ਸਕੂਲ ਆਫ ਐਮੀਨੈਂਸ ਕੋਟਕਪੂਰਾ ਵਿਖੇ ਟਰੱਸਟ ਦੀ ਉੱਚ ਪੱਧਰੀ ਟੀਮ ਵੱਲੋਂ 51 ਪੌਦੇ ਲਗਾਏ ਗਏ। ਇਸ ਉੱਚ ਪੱਧਰੀ ਟੀਮ ਵਿੱਚ ਟਰੱਸਟ ਸੰਸਥਾਪਕ ਜਗਦੀਸ਼ ਰਾਏ ਢੋਸੀਵਾਲ,ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਇੰਸ. ਰਮੇਸ਼ ਕੁਮਾਰ ਬਾਰੋਲੀਆ,ਪ੍ਰੈਸ ਸਕੱਤਰ ਸ਼ਿਵ ਨਾਥ ਦਰਦੀ ਆਦਿ ਮੌਜੂਦ ਸਨ। ਰੁੱਖ ਲਗਾਉਣ ਦੀ ਇਹ ਰਸਮ ਟਰੱਸਟ ਸੰਸਥਾਪਕ ਸ੍ਰੀ ਢੋਸੀਵਾਲ , ਸ੍ਰੀ ਬਾਰੋਲੀਆ, ਸ੍ਰੀ ਦਰਦੀ ਅਤੇ ਸਕੂਲ ਪ੍ਰਿੰਸੀਪਲ ਪੰਨਾ ਲਾਲ ਪੀ.ਈ.ਐੱਸ.-1 ਵੱਲੋਂ ਸਾਂਝੇ ਤੌਰ ’ਤੇ ਅਦਾ ਕੀਤੀ ਗਈ। ਇਸ ਮੌਕੇ ਸ੍ਰੀ ਢੋਸੀਵਾਲ ਨੇ ਕਿਹਾ ਕਿ ਰੁੱਖ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਅਹਿਮ ਰੋਲ ਅਦਾ ਕਰਦੇ ਹਨ ਅਤੇ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ। ਰੁੱਖ ਲਗਾਉਣ ਦੀ ਰਸਮ ਤੋਂ ਬਾਅਦ ਵਾਤਾਵਰਣ ਪ੍ਰੇਮੀ ਸੀਨੀਅਰ ਮੀਤ ਪ੍ਰਧਾਨ ਇੰਸ. ਬਾਰੋਲੀਆ ਨੇ ਕਿਹਾ ਕਿ ਦੁਨੀਆ ਦੀ ਸਭ ਤੋਂ ਕੀਮਤੀ ਚੀਜ਼ ਲੱਕੜ ਹੈ ਜੋ ਕਿ ਸਿਰਫ਼ ਦਰਖ਼ਤਾਂ ਤੋਂ ਹੀ ਪ੍ਰਾਪਤ ਹੁੰਦੀ ਹੈ। ਸੰਸਾਰ ਵਿੱਚ ਹਰ ਚੀਜ਼ ਖਰੀਦੀ ਜਾ ਸਕਦੀ ਹੈ ਪਰੰਤੂ ਜਿਉਂਦੀ ਲੱਕੜ ਸਿਰਫ਼ ਦਰੱਖਤਾਂ ਤੋਂ ਹੀ ਪ੍ਰਾਪਤ ਕੀਤੀ ਜਾ ਸਕਦੀ ਹੈ। ਉਨ੍ਹਾਂ ਨੇ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਕੀਤੀ। ਸਕੂਲ ਪ੍ਰਿੰਸੀਪਲ ਪੰਨਾ ਲਾਲ ਪੀ.ਈ.ਐੱਸ-1 ਨੇ ਟਰੱਸਟ ਦੇ ਸਮੁੱਚੇ ਆਗੂਆਂ ਦਾ ਧੰਨਵਾਦ ਕਰਦੇ ਹੋਏ ਸੰਸਥਾ ਵੱਲੋਂ ਛੇੜੀ ਗਈ ਰੁੱਖ ਲਗਾਉ ਮੁਹਿੰਮ ਦੀ ਪੁਰਜ਼ੋਰ ਸ਼ਬਦਾਂ ਵਿੱਚ ਸ਼ਲਾਘਾ ਕੀਤੀ ਹੈ। ਉਨ੍ਹਾਂ ਨੇ ਟਰੱਸਟ ਵੱਲੋਂ ਸਮਾਜ ਸੇਵਾ ਦੇ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦੇ ਹੋਏ ਫਰੀਦਕੋਟ ਜਿਲ੍ਹੇ ਦੀ ਸਮੁੱਚੀ ਟੀਮ ਨੂੰ ਵਧਾਈ ਦਿੱਤੀ। ਅੱਜ ਇੱਥੇ ਟਰੱਸਟ ਦੇ ਮੁੱਖ ਦਫਤਰ ਤੋਂ ਉਕਤ ਜਾਣਕਾਰੀ ਦਿੰਦੇ ਹੋਏ ਇੰਸ. ਬਾਰੋਲੀਆ ਨੇ ਦੱਸਿਆ ਹੈ ਕਿ ਅੱਜ ਸਕੂਲ ਵਿੱਚ ਰੁੱਖ ਲਗਾਓ ਮੁਹਿੰਮ ਮੌਕੇ ਸਕੂਲ ਸਟਾਫ ਦੇ ਗੁਰਜੰਟ ਸਿੰਘ ਖੁਰਮੀ ਐੱਨ ਐੱਸ ਕਿਊ ਐੱਫ, ਪਰਮਜੀਤ ਕੌਰ,ਨੇਹਾ ਗੁਪਤਾ, ਮੀਨੂ ਬਾਲਾ ਅਤੇ ਰਾਜ ਕੁਮਾਰ ਸੀ.ਐਮ.(ਕੈਂਪਸ ਮੈਨੇਜਰ) ਆਦਿ ਸਮੇਤ ਸਕੂਲੀ ਵਿਦਿਆਰਥੀ ਮੌਜੂਦ ਸਨ।


ਟਰੱਸਟ ਵੱਲੋਂ ਸਕੂਲ ਵਿੱਚ ਪੌਦੇ ਲਗਾਉਣ ਸਮੇਂ ਟਰੱਸਟ ਆਗੂ, ਸਕੂਲ ਸਟਾਫ ਅਤੇ ਵਿਦਿਆਰਥੀ।

# ਸੀਨੀਅਰ ਪੱਤਰਕਾਰ ਸੰਜੇ ਰਾਠੀ: ਪੱਤਰਕਾਰ ਭਾਈਚਾਰੇ ਦੇ ਹੱਕਾਂ ਲਈ ਸੰਘਰਸ਼ਸ਼ੀਲ ਅਤੇ ਪ੍ਰੇਰਣਾਦਾਇਕ ਸ਼ਖਸੀਅਤ



**ਚੰਡੀਗੜ੍ਹ:** ਗੁਰਭਿੰਦਰ ਗੁਰੀ ਸੀਨੀਅਰ ਪੱਤਰਕਾਰ ਸੰਜੇ ਰਾਠੀ ਦੇਸ਼ ਦੇ ਪ੍ਰਮੁੱਖ ਮੀਡੀਆ ਚਿੰਤਕ, ਕੁਸ਼ਲ ਸੰਗਠਨਕਰਤਾ ਅਤੇ ਪੱਤਰਕਾਰਾਂ ਦੇ ਹੱਕਾਂ ਲਈ ਲਗਾਤਾਰ ਸੰਘਰਸ਼ ਕਰਨ ਵਾਲੇ ਅਗੂ ਆਗੂਆਂ ਵਿੱਚ ਸ਼ੁਮਾਰ ਹੁੰਦੇ ਹਨ। ਪਿਛਲੇ ਚਾਰ ਦਹਾਕਿਆਂ ਤੋਂ ਵੱਧ ਸਮੇਂ ਤੋਂ ਉਹ ਨਿਰਪੱਖ, ਨਿਡਰ ਅਤੇ ਲੋਕ-ਹਿੱਤ ਦੀ ਪੱਤਰਕਾਰਤਾ ਰਾਹੀਂ ਲੋਕਤੰਤਰਿਕ ਮੁੱਲਾਂ ਨੂੰ ਮਜ਼ਬੂਤ ਕਰਨ ਲਈ ਅਹਿਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਲਈ ਪੱਤਰਕਾਰਤਾ ਸਿਰਫ਼ ਇੱਕ ਪੇਸ਼ਾ ਨਹੀਂ, ਸਗੋਂ ਸਮਾਜ ਅਤੇ ਦੇਸ਼ ਪ੍ਰਤੀ ਜ਼ਿੰਮੇਵਾਰੀ ਨਿਭਾਉਣ ਦਾ ਸਾਧਨ ਹੈ।

ਮੌਜੂਦਾ ਸਮੇਂ ਵਿੱਚ ਸੰਜੇ ਰਾਠੀ ਮੀਡੀਆ ਕੌਂਸਲ ਆਫ ਜਰਨਲਿ-ਸਟਸ ਦੇ ਕੌਮੀ ਪ੍ਰਧਾਨ, ਨੈੱਟਵਰਕ-10 ਨਿਊਜ਼ ਚੈਨਲ (ਹਰਿਆਣਾ ਅਤੇ ਪੰਜਾਬ) ਦੇ ਕਾਰਜਕਾਰੀ ਸੰਪਾਦਕ ਅਤੇ ਹਰਿਆਣਾ ਸਰਕਾਰ ਦੀ ਮੀਡੀਆ ਐਕ੍ਰੇਡੀਟੇਸ਼ਨ ਕਮੇਟੀ ਦੇ ਮੈਂਬਰ ਵਜੋਂ ਸੇਵਾਵਾਂ ਨਿਭਾ ਰਹੇ ਹਨ। ਉਨ੍ਹਾਂ ਦੀ ਅਗਵਾਈ ਹੇਠ ਮੀਡੀਆ ਕੌਂਸਲ ਆਫ ਜਰਨਲਿ-ਸਟਸ ਨੇ ਕਈ ਰਾਜਾਂ ਵਿੱਚ ਆਪਣਾ ਵਿਸਥਾਰ ਕੀਤਾ ਹੈ ਅਤੇ ਪੱਤਰਕਾਰਾਂ ਦੇ ਅਧਿਕਾਰਾਂ, ਸੁਰੱਖਿਆ ਅਤੇ ਭਲਾਈ ਲਈ ਰਾਸ਼ਟਰੀ ਪੱਧਰ 'ਤੇ ਪ੍ਰਭਾਵਸ਼ਾਲੀ ਭੂਮਿਕਾ ਨਿਭਾ ਰਿਹਾ ਹੈ।

ਸੰਜੇ ਰਾਠੀ ਨੇ ਰਾਸ਼ਟਰੀ ਪੱਤਰਕਾਰ ਸੰਗਠਨਾਂ ਵਿੱਚ ਵੀ ਅਹਿਮ ਯੋਗਦਾਨ ਦਿੱਤਾ ਹੈ। ਮਾਨੇਸਰ ਵਿੱਚ ਹੋਏ ਰਾਸ਼ਟਰੀ ਅਧਿਵੇਸ਼ਨ ਦੌਰਾਨ ਉਹ ਨੈਸ਼ਨਲ ਯੂਨੀਅਨ ਆਫ ਜਰਨਲਿਸਟਸ (ਇੰਡੀਆ) ਦੇ ਕੌਮੀ ਸਕੱਤਰ ਵਜੋਂ ਨਿਰਵਿਰੋਧ ਚੁਣੇ ਗਏ। ਇਸ ਤੋਂ ਬਾਅਦ ਅਲੀਗੜ੍ਹ ਵਿੱਚ ਹੋਏ ਰਾਸ਼ਟਰੀ ਅਧਿਵੇਸ਼ਨ ਵਿੱਚ ਉਨ੍ਹਾਂ ਨੂੰ ਸੰਗਠਨ ਦਾ ਕੌਮੀ ਉਪ-ਪ੍ਰਧਾਨ ਚੁਣਿਆ ਗਿਆ। ਇਨ੍ਹਾਂ ਜ਼ਿੰਮੇਵਾਰੀਆਂ ਨੂੰ ਨਿਭਾਉਂਦੇ ਹੋਏ ਉਨ੍ਹਾਂ ਨੇ ਦੇਸ਼ ਭਰ ਦੇ ਪੱਤਰਕਾਰਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਇਆ। ਸਾਲ 2008 ਤੋਂ ਉਹ ਹਰਿਆਣਾ ਯੂਨੀਅਨ ਆਫ ਜਰਨਲਿਸਟਸ (ਐਚਯੂਜੇ) ਦੇ ਨਿਰਵਿਰੋਧ ਸੂਬਾ ਪ੍ਰਧਾਨ ਹਨ। ਉਨ੍ਹਾਂ ਦੀ ਅਗਵਾਈ ਵਿੱਚ ਸੰਗਠਨ ਨੇ ਪੱਤਰਕਾਰ ਏਕਤਾ ਨੂੰ ਨਵੀਂ ਦਿਸ਼ਾ ਦਿੱਤੀ ਅਤੇ ਪੱਤਰਕਾਰਾਂ ਦੇ ਸਨਮਾਨ, ਸੁਰੱਖਿਆ ਅਤੇ ਭਲਾਈ ਨਾਲ ਜੁੜੇ ਅਨੇਕਾਂ ਮੁੱਦਿਆਂ ਨੂੰ ਸਰਕਾਰ ਦੇ ਸਾਹਮਣੇ ਪ੍ਰਭਾਵਸ਼ਾਲੀ ਢੰਗ ਨਾਲ ਰੱਖਿਆ। ਉਹ ਪੱਤਰਕਾਰ ਸੁਰੱਖਿਆ ਕਾਨੂੰਨ, ਸਿਹਤ ਬੀਮਾ, ਦੁਰਘਟਨਾ ਬੀਮਾ, ਕੈਸ਼ਲੈੱਸ ਇਲਾਜ, ਸਨਮਾਨਯੋਗ ਪੈਨਸ਼ਨ, ਮੀਡੀਆ ਦੀ ਆਜ਼ਾਦੀ ਅਤੇ ਪੱਤਰਕਾਰ ਭਲਾਈ ਯੋਜਨਾਵਾਂ ਲਈ ਲਗਾਤਾਰ ਸੰਘਰਸ਼ ਕਰ ਰਹੇ ਹਨ। ਪੱਤਰਕਾਰਤਾ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਉਨ੍ਹਾਂ ਦੇ ਵਿਸ਼ੇਸ਼ ਯੋਗਦਾਨ ਲਈ ਉਨ੍ਹਾਂ ਨੂੰ ਭਾਰਤ ਅਤੇ ਵਿਦੇਸ਼ਾਂ ਵਿੱਚ 100 ਤੋਂ ਵੱਧ ਸਨਮਾਨ ਪ੍ਰਾਪਤ ਹੋ ਚੁੱਕੇ ਹਨ। ਵੱਖ-ਵੱਖ ਪੱਤਰਕਾਰ ਸੰਸਥਾਵਾਂ, ਸਮਾਜਿਕ ਸੰਗਠਨਾਂ, ਸਿੱਖਿਆ ਸੰਸਥਾਵਾਂ ਅਤੇ ਸਰਕਾਰੀ ਤੇ ਗੈਰ-ਸਰਕਾਰੀ ਅਦਾਰਿਆਂ ਨੇ ਪੱਤਰਕਾਰ ਭਲਾਈ, ਸਮਾਜ ਸੇਵਾ, ਵਾਤਾਵਰਣ ਸੁਰੱਖਿਆ, ਮਨੁੱਖੀ ਅਧਿਕਾਰਾਂ, ਖ਼ੂਨਦਾਨ ਜਾਗਰੂਕਤਾ, ਨੌਜਵਾਨਾਂ ਨੂੰ ਪ੍ਰੇਰਿਤ ਕਰਨ ਅਤੇ ਰਾਸ਼ਟਰ ਨਿਰਮਾਣ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਸਨਮਾਨਿਤ ਕੀਤਾ ਹੈ।

ਸੰਜੇ ਰਾਠੀ ਦਾ ਮੰਨਣਾ ਹੈ ਕਿ "ਆਜ਼ਾਦ, ਨਿਰਪੱਖ ਅਤੇ ਜ਼ਿੰਮੇਵਾਰ ਪੱਤਰਕਾਰਤਾ ਹੀ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਹੈ। ਪੱਤਰਕਾਰਾਂ ਦਾ ਸਨਮਾਨ ਅਤੇ ਸੁਰੱਖਿਆ ਯਕੀਨੀ ਬਣਾਏ ਬਿਨਾਂ ਲੋਕਤੰਤਰ ਨੂੰ ਮਜ਼ਬੂਤ ਨਹੀਂ ਕੀਤਾ ਜਾ ਸਕਦਾ।" ਇਸੇ ਵਿਚਾਰਧਾਰਾ ਨਾਲ ਉਹ ਦੇਸ਼ ਭਰ ਦੇ ਪੱਤਰਕਾਰਾਂ ਨੂੰ ਇਕਜੁੱਟ ਕਰਕੇ ਉਨ੍ਹਾਂ ਦੇ ਹੱਕਾਂ ਦੀ ਰੱਖਿਆ ਅਤੇ ਪੱਤਰਕਾਰਤਾ ਦੀ ਮਰਿਆਦਾ ਨੂੰ ਕਾਇਮ ਰੱਖਣ ਲਈ ਨਿਰੰਤਰ ਯਤਨਸ਼ੀਲ ਹਨ।

ਆਪਣੀ ਦੂਰਅੰਦੇਸ਼ੀ ਸੋਚ, ਮਜ਼ਬੂਤ ਸੰਗਠਨਕ ਸਮਰੱਥਾ, ਨਿਰਪੱਖ ਪੱਤਰਕਾਰਤਾ ਅਤੇ ਸਮਾਜ ਸੇਵਾ ਪ੍ਰਤੀ ਸਮਰਪਣ ਕਾਰਨ ਸੰਜੇ ਰਾਠੀ ਅੱਜ ਦੇਸ਼ ਦੇ ਪੱਤਰਕਾਰ ਭਾਈਚਾਰੇ ਵਿੱਚ ਇੱਕ ਸਨਮਾਨਿਤ, ਭਰੋਸੇਯੋਗ ਅਤੇ ਪ੍ਰੇਰਣਾਦਾਇਕ ਸ਼ਖਸੀਅਤ ਵਜੋਂ ਜਾਣੇ ਜਾਂਦੇ ਹਨ। ਉਨ੍ਹਾਂ ਦੀ ਅਗਵਾਈ ਨੇ ਹਜ਼ਾਰਾਂ ਪੱਤਰਕਾਰਾਂ ਨੂੰ ਨਵਾਂ ਵਿਸ਼ਵਾਸ, ਨਵੀਂ ਦਿਸ਼ਾ ਅਤੇ ਇੱਕ ਮਜ਼ਬੂਤ ਰਾਸ਼ਟਰੀ ਮੰਚ ਪ੍ਰਦਾਨ ਕੀਤਾ ਹੈ।

# ਸਕੂਲ ਆਫ ਐਮੀਨੈਂਸ, ਐਸ.ਬੀ.ਐਸ. ਨਗਰ ਵਿਖੇ 'ਬੇਟੀ ਬਚਾਓ, ਬੇਟੀ ਪੜ੍ਹਾਓ' ਸਕੀਮ ਤਹਿਤ ਵਿਦਿਆਰਥਣਾਂ ਨੂੰ ਸਕੂਲ ਬੈਗ ਅਤੇ ਟਰੈਕ ਸੂਟ ਵੰਡੇ ਗਏ



**ਐਸ.ਬੀ.ਐਸ. ਨਗਰ, 20 ਜੁਲਾਈ (ਜਤਿੰਦਰ ਪਾਲ ਸਿੰਘ ਕਲੇਰ )** ਮਹਿਲਾ ਅਤੇ ਬਾਲ ਵਿਕਾਸ ਵਿਭਾਗ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ 'ਬੇਟੀ ਬਚਾਓ, ਬੇਟੀ ਪੜ੍ਹਾਓ' ਸਕੀਮ ਅਧੀਨ ਸਕੂਲ ਆਫ ਐਮੀਨੈਂਸ, ਐਸ.ਬੀ.ਐਸ. ਨਗਰ ਵਿਖੇ ਵਿਦਿਆਰਥਣਾਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਦੌਰਾਨ ਪੜ੍ਹਾਈ ਅਤੇ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਕੂਲ ਬੈਗ ਅਤੇ ਟਰੈਕ ਸੂਟ ਪ੍ਰਦਾਨ ਕੀਤੇ ਗਏ। ਸਮਾਗਮ ਵਿੱਚ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀ ਜਗਰੂਪ ਸਿੰਘ ਜੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ 'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਦਾ ਮੁੱਖ ਉਦੇਸ਼ ਧੀਆਂ ਨੂੰ ਸਿੱਖਿਆ, ਸੁਰੱਖਿਆ, ਸਨਮਾਨ ਅਤੇ ਬਰਾਬਰ ਦੇ ਮੌਕੇ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਧੀਆ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ, ਸੱਭਿਆਚਾਰਕ ਅਤੇ ਹੋਰ ਸਹਿ-ਪਾਠਕ੍ਰਮ ਗਤੀਵਿਧੀਆ ਵਿੱਚ ਵੀ ਵੱਧ-ਚੜ੍ਹ ਕੇ ਭਾਗ ਲੈਣਾ ਚਾਹੀਦਾ ਹੈ ਤਾਂ ਜੋ ਉਹ ਹਰ ਖੇਤਰ ਵਿੱਚ ਆਪਣੀ ਵੱਖਰੀ ਪਛਾਣ ਬਣਾਉਣ। ਇਸ ਉਪਰੰਤ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀ ਜਗਰੂਪ ਸਿੰਘ ਜੀ ਵੱਲੋਂ ਯੋਗ ਵਿਦਿਆਰਥਣਾਂ ਨੂੰ 'ਬੇਟੀ ਬਚਾਓ, ਬੇਟੀ ਪੜ੍ਹਾਓ ਸਕੀਮ ਅਧੀਨ ਸਕੂਲ ਬੇਗ ਅਤੇ ਟਰੇਕ ਸੂਟਾਂ ਦੀ ਵੰਡ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਸ੍ਰੀਮਤੀ ਵੰਦਨਾ ਚੌਹਾਨ ਜੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਧੀਆਂ ਦੀ ਸਿੱਖਿਆ, ਸੁਰੱਖਿਆ ਅਤੇ ਸਸ਼ਕਤੀਕਰਨ ਲਈ ਅਨੇਕਾਂ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਵਿਦਿਆਰਥਣਾਂ ਨੂੰ ਮਿਹਨਤ, ਲਗਨ ਅਤੇ ਆਤਮ-ਵਿਸ਼ਵਾਸ ਨਾਲ ਆਪਣੇ ਟੀਚੇ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਅਤੇ ਮਾਪਿਆਂ ਨੂੰ ਵੀ ਧੀਆਂ ਨੂੰ ਹਰ ਖੇਤਰ ਵਿੱਚ ਅੱਗੇ ਵਧਣ ਲਈ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸ੍ਰੀਮਤੀ ਦਵਿੰਦਰ ਕੌਰ, ਜ਼ਿਲ੍ਹਾ ਖੇਡ ਕੁਆਰਡੀਨੇਟਰ, ਸ੍ਰੀ ਸੁਰਜੀਤ ਸਿੰਘ ਸੰਧੂ, ਮੀਡੀਆ ਅਤੇ ਡਾਕੂਮੈਂਟੇਸ਼ਨ ਅਸਿਸਟੈਂਟ ਅਤੇ ਸ੍ਰੀ ਮਨਪ੍ਰੀਤ ਸਿੰਘ, ਸਪੈਸ਼ਲਿਸਟ ਫਾਇਨੈਂਸ਼ਲ ਲਿਟਰੇਸੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸਮਾਗਮ ਦੌਰਾਨ ਵਿਦਿਆਰਥਣਾ ਨੇ 'ਬੇਟੀ ਬਚਾਓ, ਬੇਟੀ ਪੜ੍ਹਾਓ ਵਿਸ਼ੇ ਨਾਲ ਸਬੰਧਤ ਪ੍ਰੇਰਣਾਦਾਇਕ ਵਿਚਾਰ ਪੇਸ਼ ਕੀਤੇ ਅਤੇ ਧੀਆਂ ਦੀ ਸਿੱਖਿਆ ਅਤੇ ਸਸ਼ਕਤੀਕਰਨ ਦਾ ਸੰਦੇਸ਼ ਦਿੱਤਾ। ਸਕੂਲ ਦੇ ਅਧਿਆਪਕਾਂ ਨੇ ਵੀ ਵਿਦਿਆਰਥਣਾਂ ਨੂੰ ਸਿੱਖਿਆ ਦੇ ਨਾਲ-ਨਾਲ ਖੇਡਾਂ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਵਿੱਚ ਸਰਗਰਮ ਭਾਗ ਲੈਣ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਸਕੂਲ ਪ੍ਰਬੰਧਨ ਵੱਲੋਂ ਮੁੱਖ ਮਹਿਮਾਨਾਂ ਅਤੇ ਹਾਜ਼ਰ ਅਧਿਕਾਰੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ, ਅਧਿਆਪਕ, ਸਟਾਫ਼ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਹਾਜ਼ਰ ਸਨ। ਸਮਾਗਮ ਦਾ ਉਦੇਸ਼ ਧੀਆਂ ਨੂੰ ਸਿੱਖਿਆ, ਖੇਡਾਂ ਅਤੇ ਜੀਵਨ ਦੇ ਹਰ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਨਾ ਅਤੇ 'ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਦੇ ਸੰਦੇਸ਼ ਨੂੰ ਹੋਰ ਮਜਬੂਤ ਬਣਾਉਣਾ ਸੀ।

# ਵਿਧਾਇਕਾ ਸੰਤੋਸ਼ ਕਟਾਰੀਆ ਵੱਲੋਂ ਪਿੰਡ ਮੁੱਖ਼ੂਪੁਰ ਵਿਖੇ 42.70 ਲੱਖ ਦੀ ਲਾਗਤ ਵਾਲੇ ਟਿਊਬਵੈੱਲ ਅਤੇ ਟੈਂਕੀ ਦਾ ਉਦਘਾਟਨ

## ●ਹਰ ਪਿੰਡ ਨੂੰ ਬੁਨਿਆਦੀ ਸਹੂਲਤਾਂ ਅਤੇ ਸਾਫ਼ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਮਾਨ ਸਰਕਾਰ ਵਚਨਬੱਧ: ਸੰਤੋਸ਼ ਕਟਾਰੀਆ

**ਬਲਾਚੌਰ, 20 ਜੁਲਾਈ(ਜਤਿੰਦਰ ਪਾਲ ਸਿੰਘ ਕਲੇਰ )** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਪਿੰਡ ਨੂੰ ਬੁਨਿਆਦੀ ਸਹੂਲਤਾਂ ਪਹੁੰਚਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸੇ ਲੜੀ ਤਹਿਤ ਅੱਜ ਹਲਕਾ ਬਲਾਚੌਰ ਦੀ ਵਿਧਾਇਕਾ ਸੰਤੋਸ਼ ਕਟਾਰੀਆ ਵੱਲੋਂ ਪਿੰਡ ਮੁੱਖ਼ੂਪੁਰ ਵਿਖੇ 42.70 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਨਵੇਂ ਟਿਊਬਵੈੱਲ ਅਤੇ ਪਾਣੀ ਵਾਲੀ ਟੈਂਕੀ ਦਾ ਉਦਘਾਟਨ ਕਰਕੇ ਇਸ ਨੂੰ ਪਿੰਡ ਵਾਸੀਆਂ ਨੂੰ ਸਮਰਪਿਤ ਕੀਤਾ ਗਿਆ।
ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕਾ ਸੰਤੋਸ਼ ਕਟਾਰੀਆ ਨੇ ਕਹੇ ਕਿ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਸਖ਼ਤ ਹਦਾਇਤਾਂ ਹਨ ਕਿ ਸੂਬੇ ਦਾ ਕੋਈ ਵੀ ਪਿੰਡ ਪੀਣ ਵਾਲੇ ਸਾਫ਼ ਪਾਣੀ ਅਤੇ ਸਿੰਜਾਈ ਦੀ ਸੁਵਿਧਾ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਭਰੋਸਾ ਦਿਵਾਇਆ ਕਿ ਇਸ ਨਵੇਂ ਟਿਊਬਵੈੱਲ ਦੇ ਚਾਲੂ ਹੋਣ ਨਾਲ ਹੁਣ ਪਿੰਡ ਦੇ ਹਰ ਘਰ ਤੱਕ ਪਾਣੀ ਦੀ ਨਿਰਵਿਘਨ ਸਪਲਾਈ ਯਕੀਨੀ ਬਣੇਗੀ ਅਤੇ ਲੋਕਾਂ ਦੀਆਂ ਦਿੱਕਤਾਂ ਦੂਰ ਹੋਣਗੀਆਂ।
ਇਸ ਮੌਕੇ ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਨੇ ਵੀ ਪਿੰਡ ਵਾਸੀਆਂ ਨੂੰ ਇਸ ਸਹੂਲਤ ਲਈ ਵਧਾਈ ਦਿੱਤੀ। ਉਨ੍ਹਾਂ ਪਿਛਲੀਆਂ ਸਰਕਾਰਾਂ 'ਤੇ ਨਿਸ਼ਾਨਾ





ਸਾਧਦਿਆਂ ਕਿਹਾ ਕਿ ਬੀਤੇ ਸਮੇਂ ਵਿੱਚ ਇਸ ਪਛੜੇ ਇਲਾਕੇ ਦੀ ਕਿਸੇ ਨੇ ਸਾਰ ਨਹੀਂ ਲਈ, ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਗੱਲਾਂ ਵਿੱਚ ਨਹੀਂ ਸਗੋਂ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਅੱਜ ਬਲਾਚੌਰ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ। ਪੀਣ ਵਾਲੇ ਪਾਣੀ ਦੀ ਇਹ ਸਹੂਲਤ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਸੀ, ਜਿਸ ਨੂੰ ਅੱਜ ਪੂਰਾ ਕਰ ਦਿੱਤਾ ਗਿਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹਲਕੇ ਦੇ ਹੋਰਨਾਂ ਪਿੰਡਾਂ ਦੀਆਂ ਮੁਸ਼ਕਿਲਾਂ ਨੂੰ ਵੀ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਅਤੇ ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਦਾ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।
ਇਸ ਉਦਘਾਟਨੀ ਮੌਕੇ ਜਲ ਸਪਲਾਈ ਵਿਭਾਗ ਦੇ ਉਪ ਮੰਡਲ ਇੰਜੀਨੀਅਰ ਮਨਜੀਤ ਸਿੰਘ , ਪਰਸੁਨਦੀਪ ਸਿੰਘ ਐਸ ਡੀ ਓ ,ਸੁਰਿੰਦਰ ਕੁਮਾਰ ਝਓ ,ਸੁਮਿਤ ਕੁਮਾਰ ਝਓ,ਸਰਪੰਚ ਕੁਲਵਿੰਦਰ ਕੌਰ, ਰਾਮਪਾਲ ਸੋਨੂ, ਪਵਨ ਕੁਮਾਰ ਰਿਠੂ ,ਨਰੇਸ਼ ਕੁਮਾਰ ਨੀਟਾ, ਸਰਪੰਚ ਸਤਨਾਮ ਸਿੰਘ, ਬਲਾਕ ਪ੍ਰਧਾਨ ਹਰਮੇਸ਼ ਲਾਲ, ਸਰਪੰਚ ਰਾਮਪਾਲ ਮੰਗੂਪੁਰ, ਬਲਾਕ ਪ੍ਰਧਾਨ ਕੁਲਦੀਪ ਸਿੰਘ, ਦੀਪਕ ਕੌਸ਼ਲ ਸੜੋਆ, ਕਰਮ ਚੰਦ ਚੇਚੀ, ਸਤਪਾਲ ਚੇਚੀ, ਗੁਰਚਰਨ ਚੇਚੀ, ਅਸ਼ੋਕ ਸਿੰਘ, ਭਗਤ ਬਿਹਾਰੀ ਲਾਲ, ਮੋਹਨ ਲਾਲ , ਸੋਮਨਾਥ ਚੇਚੀ ,ਸਤਪਾਲ ਕਟਾਰੀਆ, ਹਰਬੰਸ ਬਾਂਸੀ ਕਟਾਰੀਆ ,ਲੇਖ ਰਾਜ, ਗਿਆਨ ਚੰਦ ,ਨਰਿੰਦਰ ਕੁਮਾਰ, ਨੀਰਜ ਪੰਚ, ਪਵਨ ਪੰਚ ਆਦਿ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ ਲ ਜਿਨ੍ਹਾਂ ਨੇ ਇਸ ਵਿਕਾਸ ਕਾਰਜ ਲਈ ਵਿਧਾਇਕਾ ਕਟਾਰੀਆ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

# ਪਿੰਡ ਸਾਹਦੜਾ ਵਿਖੇ ਡੇਂਗੂ ਦੇ ਬਚਾਅ ਸਬੰਧੀ ਜਾਗਰੂਕ ਕੀਤਾ

**ਬਲਾਚੌਰ 20 ਜੁਲਾਈ (ਜਤਿੰਦਰ ਪਾਲ ਸਿੰਘ ਕਲੇਰ )** ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਜਤਿੰਦਰ ਸਿੰਘ ਪੀ ਐਚ ਸੀ ਸੜੋਆ ਜੀ ਦੀ ਯੋਗ ਅਗਵਾਈ ਹੇਠ ਪਿੰਡ ਸਾਹਧੜਾ ਵਿਖੇ ਘਰ ਘਰ ਜਾ ਕੇ ਲੋਕਾਂ ਨੂੰ ਡੇਂਗੂ ਦੇ ਬੁਖਾਰ ਦੇ ਬਚਾਅ ਅਤੇ ਲੱਛਣਾ ਸਬੰਧੀ ਜਾਣਕਾਰੀ ਦਿੱਤੀ ਗਈ ਬਰੀਡਿੰਗ ਚੈੱਕਰ ਦੁਆਰਾ ਘਰਾਂ ਵਿੱਚ ਲਾਰਵਾ ਚੈੱਕ ਕੀਤਾ ਗਿਆ ਲੋਕਾਂ ਨੂੰ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ ਖੜੇ ਪਾਣੀ ਦੇ ਸੋਮਿਆਂ ਵਿੱਚ ਪੈਦਾ



ਹੁੰਦਾ ਹੈ। ਇਸ ਲਈ ਆਪਣੇ ਘਰਾਂ ਵਿੱਚ ਕੂਲਰਾਂ ਗਮਲਿਆਂ ਫਰਿਜਾਂ ਦੀਆਂ ਟਰੇਆਂ ਅਤੇ ਹੋਰ ਪਾਣੀ ਦੇ ਭਰੇ ਭਾਂਡਿਆਂ ਨੂੰ ਹਫਤੇ ਵਿੱਚ ਇੱਕ ਵਾਰ ਜਰੂਰ ਸਾਫ ਕਰਕੇ ਸੁਕਾਉਣਾ ਚਾਹੀਦਾ ਹੈ ਹਰੇਕ ਸ਼ੁਕਰਵਾਰ ਨੂੰ ਡਰਾਈ ਡੇ ਮਨਾਉਣ ਲਈ ਪ੍ਰੇਰਿਤ ਕੀਤਾ ਅਤੇ ਸਰਕਾਰੀ ਮਿਡਲ ਸਕੂਲ ਸਾਹਦੜਾ ਵਿਖੇ ਬੱਚਿਆਂ ਨੂੰ ਡੇਂਗੂ ਦੇ ਲਾਰਵੇ ਸਬੰਧੀ ਜਾਣਕਾਰੀ ਦਿੱਤੀ ਅਤੇ ਘਰਾਂ ਵਿੱਚ ਲਾਰਵਾ ਚੈੱਕ ਕਰਨ ਲਈ ਪ੍ਰੇਰਿਤ ਕੀਤਾ ਇਸ ਮੌਕੇ ਤੇ ਬਰੀਡਿੰਗ ਚੈੱਕਰ ਰਾਜਨ ਬੱਧਣ ਸਿਹਤ ਕਰਮਚਾਰੀ ਉਕਾਰ ਸਿੰਘ ਰੁਪਿੰਦਰ ਕੌਰ ਆਸ਼ਾ ਵਰਕਰ ਸੋਮਾ ਰਾਣੀ ਅਤੇ ਆਸ਼ਾ ਸੁਪਰਵਾਈਜ਼ਰ ਪੁਸ਼ਮਿੰਦਰ ਕੌਰ ਸਕੂਲ ਅਧਿਆਪਕ ਨੀਲਮ ਕੁਮਾਰੀ ਹਾਜ਼ਰ ਸਨ।

# ਜ਼ਿਲੇ ਦੇ ਸਮੂਹ 1563 ਪੋਲਿੰਗ ਸਟੇਸ਼ਨਾਂ 'ਤੇ ਐਸ.ਆਈ.ਆਰ. ਕੈਂਪ ਸੰਪੰਨ

## ਕੈਂਪਾਂ ਦੌਰਾਨ ਜ਼ਿਲੇ ‘ਚ 13329 ਗਿਣਤੀ ਫਾਰਮ ਹੋਏ ਪ੍ਰਾਪਤ, ਡਿਜੀਟਾਈਜੇਸ਼ਨ ਮੁਕੰਮਲ – ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ)**
ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ‘ਤੇ ਚੱਲ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੁਧਾਈ ਤਹਿਤ ਜ਼ਿਲੇ ਦੇ ਸਾਰੇ ਸਟੇਸ਼ਨਾਂ 'ਤੇ ਕੈਂਪਾਂ ਵਿੱਚ ਵੋਟਰਾਂ ਦੀ ਭਾਰੀ ਸ਼ਮੂਲੀਅਤ ਨਾਲ ਸਫ਼ਲਤਾਪੂਰਵਕ ਸਮਾਪਤੀ ਹੋਈ। ਕੈਂਪ ਦੌਰਾਨ ਵੋਟਰ ਆਪਣੇ ਗਿਣਤੀ ਫਾਰਮ ਜਮ੍ਹਾਂ ਕਰਵਾਉਣ ਲਈ ਪੋਲਿੰਗ ਸਟੇਸ਼ਨਾਂ 'ਤੇ ਪਹੁੰਚ ਕੇ ਆਪਣੀ ਵੋਟ ਬਣਾਉਣ ਨੂੰ ਯਕੀਨੀ ਬਣਾਇਆ । ਜ਼ਿਲੇ ਦੇ ਸਾਰੇ ਪੋਲਿੰਗ ਸਟੇਸ਼ਨਾਂ ‘ਤੇ ਬੂਥ ਲੈਵਲ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਵੋਟਰਾਂ ਨੇ ਆਪਣੀਆਂ ਵੋਟਾਂ ਲਈ ਗਿਣਤੀ ਫਾਰਮ ਜਮਾਂ ਕਰਵਾਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਇਹ ਵਿਸ਼ੇਸ਼ ਕੈਂਪ ਵਿਚ ਗਿਣਤੀ ਫਾਰਮਾਂ ਦੀ ਪ੍ਰਾਪਤੀ ਅਤੇ ਉਨ੍ਹਾਂ ਦੇ ਡਿਜੀਟਾਈਜ਼ੇਸ਼ਨ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਦੇ ਉਦੇਸ਼ ਨਾਲ ਲਾਏ ਗਏ। ਉਨ੍ਹਾ ਦੱਸਿਆ ਕਿ ਕੈਂਪਾਂ ਦੌਰਾਨ ਜ਼ਿਲੇ ‘ਚ ਕੁੱਲ 13329 ਗਿਣਤੀ ਫਾਰਮ ਪ੍ਰਾਪਤ ਹੋਏ ਜਿਨ੍ਹਾਂ ਦੀ ਚੋਣ ਅਮਲੇ ਵੱਲੋਂ



ਡਿਜੀਟਾਈਜੇਸ਼ਨ ਨੂੰ ਮੁਕੰਮਲ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਬੂਥ ਲੈਵਲ ਅਫ਼ਸਰ (ਬੀ.ਐਲ.ਓ.) ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਮੌਜੂਦ ਰਹੇ ਅਤੇ ਵੋਟਰਾਂ ਨੂੰ ਫਾਰਮ ਭਰਨ, ਜਮ੍ਹਾਂ ਕਰਵਾਉਣ ਅਤੇ ਉਨ੍ਹਾਂ ਦੇ ਡਿਜੀਟਾਈਜ਼ੇਸ਼ਨ ਨੂੰ ਯਕੀਨੀ ਬਣਾਇਆ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਨ੍ਹਾਂ ਖੇਤਰਾਂ ਵਿੱਚ ਵੱਡੀ ਗਿਣਤੀ ਵਿੱਚ ਫਾਰਮ ਇਕੱਠੇ ਹੋ ਚੁੱਕੇ ਸਨ ਪਰ ਡਿਜੀਟਾਈਜ਼ੇਸ਼ਨ ਬਾਕੀ ਸੀ, ਉੱਥੇ ਫਾਰਮਾਂ ਦੇ ਡਿਜੀਟਾਈਜ਼ੇਸ਼ਨ ਨੂੰ ਤਰਜੀਹ ਦਿੱਤੀ ਗਈ ਅਤੇ ਨਾਲ ਹੀ ਬਾਕੀ ਰਹਿੰਦੇ ਫਾਰਮ ਵੀ ਇਕੱਠੇ ਕੀਤੇ ਗਏ। ਇਸੇ ਤਰ੍ਹਾਂ ਜਿਨ੍ਹਾਂ ਪੋਲਿੰਗ ਸਟੇਸ਼ਨਾਂ 'ਤੇ ਘੱਟ ਗਿਣਤੀ ਵਿੱਚ ਫਾਰਮ ਪ੍ਰਾਪਤ ਹੋਏ ਸਨ, ਉੱਥੇ ਬੀ.ਐਲ.ਓਜ਼ ਵੱਲੋਂ ਫਾਰਮਾਂ ਦੀ ਪ੍ਰਾਪਤੀ ਅਤੇ ਡਿਜੀਟਾਈਜ਼ੇਸ਼ਨ ਦਾ ਕੰਮ ਇੱਕੋ ਸਮੇਂ ਕੀਤਾ ਗਿਆ ਤਾਂ ਜੋ ਸਮੁੱਚੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾ ਸਕੇ। ਆਸ਼ਿਕਾ ਜੈਨ ਨੇ ਅੱਗੇ ਦੱਸਿਆ ਕਿ ਕੈਂਪਾਂ ਦੇ ਸੁਚਾਰੂ ਸੰਚਾਲਨ ਲਈ ਸਬੰਧਤ ਸਕੂਲਾਂ ਦੇ ਸਟਾਫ਼, ਮਾਲ ਵਿਭਾਗ ਦੇ ਪਟਵਾਰੀਆਂ, ਆਂਗਣਵਾੜੀ ਵਰਕਰਾਂ, ਸੁਪਰਵਾਈਜ਼ਰਾਂ ਅਤੇ ਏ.ਐਲ.ਐਮ.ਟੀ./ਡੀ.ਐਲ. ਐਮ.ਟੀ. ਕਰਮਚਾਰੀਆਂ ਨੇ ਵੀ ਬੀ.ਐਲ.ਓਜ਼ ਦੇ ਨਾਲ ਮਿਲ ਕੇ ਡਿਊਟੀ ਨਿਭਾਈ। ਉਨ੍ਹਾਂ ਵੱਲੋਂ ਵੋਟਰਾਂ ਨੂੰ ਗਿਣਤੀ ਫਾਰਮ ਸਹੀ ਢੰਗ ਨਾਲ ਭਰਨ ਅਤੇ ਉਨ੍ਹਾਂ ਦੇ ਤੁਰੰਤ ਡਿਜੀਟਾਈਜ਼ੇਸ਼ਨ ਵਿੱਚ ਸਹਾਇਤਾ ਪ੍ਰਦਾਨ ਕੀਤੀ ਗਈ। ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸਹੀ, ਅਤੇ ਗਲਤੀ-ਰਹਿਤ ਵੋਟਰ ਸੂਚੀ ਤਿਆਰ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਗਣਨਾ ਫਾਰਮਾਂ ਦਾ 100 ਫੀਸਦੀ ਡਿਜ਼ਿਟਲੀਕਰਨ ਕਰਨ ਵਾਲੇ ਗੜ੍ਹਸ਼ੰਕਰ ਦੇ ਦੋ ਬੀ.ਐੱਲ.ਓ. ਨੂੰ ਰਾਜ ਚੋਣ ਦਫ਼ਤਰ ਵੱਲੋਂ ਮਿਲਿਆ ਪ੍ਰਸ਼ੰਸਾ ਪੱਤਰ

## ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਪ੍ਰਸ਼ੰਸਾ ਪੱਤਰ ਦੇ ਕੇ ਕੀਤਾ ਸਨਮਾਨਿਤ

**ਗੜ੍ਹਸ਼ੰਕਰ (ਸਤਨਾਮ ਸਿੰਘ ਸਹੂੰਗੜਾ)** ਭਾਰਤ ਚੋਣ ਕਮਿਸ਼ਨ ਵੱਲੋਂ ਚਲਾਏ ਜਾ ਰਹੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.)-2026 ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਵਿੱਚ ਸ਼ਾਨਦਾਰ ਕੰਮ ਕਰਨ ਵਾਲੇ ਦੋ ਬੂਥ ਲੈਵਲ ਅਫ਼ਸਰਾਂ (ਬੀ.ਐੱਲ.ਓ.) ਨੂੰ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਪ੍ਰਸ਼ੰਸਾ ਪੱਤਰ ਭੇਜੇ ਗਏ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਆਸ਼ਿਕਾ ਜੈਨ ਨੇ ਦੋਵੇਂ ਬੀ.ਐੱਲ.ਓ. ਨੂੰ ਪ੍ਰਸ਼ੰਸਾ ਪੱਤਰ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਉਨ੍ਹਾਂ ਦਾ ਹੌਸਲਾ ਅਫ਼ਜ਼ਾਈ ਕੀਤੀ। ਆਸ਼ਿਕਾ ਜੈਨ ਨੇ ਦੱਸਿਆ ਕਿ ਦੋਵੇਂ ਬੀ.ਐੱਲ.ਓ. ਨੇ ਗਿਣਤੀ ਫਾਰਮਾਂ ਦਾ 100 ਫੀਸਦੀ ਡਿਜ਼ਿਟਲੀਕਰਨ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਸਫ਼ਲਤਾਪੂਰਵਕ ਪੂਰਾ



ਕੀਤਾ। ਇਸ ਸ਼ਲਾਘਾਯੋਗ ਪ੍ਰਾਪਤੀ ਲਈ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਉਨ੍ਹਾਂ ਨੂੰ ਪ੍ਰਸ਼ੰਸਾ ਪੱਤਰ ਜਾਰੀ ਕੀਤੇ ਗਏ ਹਨ। ਉਨ੍ਹਾਂ ਸਨਮਾਨਿਤ ਬੀ.ਐੱਲ.ਓ. ਦੇਵਿੰਦਰ ਸੈਣੀ ਅਤੇ ਮਨਦੀਪ ਸਿੰਘ ਨੂੰ ਵਧਾਈ ਦਿੰਦਿਆਂ ਕਿਹਾ ਕਿ ਚੋਣ ਪ੍ਰਕਿਰਿਆ ਦੀ ਸਫ਼ਲਤਾ ਵਿੱਚ ਬੀ.ਐੱਲ.ਓ. ਦੀ ਭੂਮਿਕਾ ਬਹੁਤ ਹੀ ਮਹੱਤਵਪੂਰਨ ਹੁੰਦੀ ਹੈ। ਉਨ੍ਹਾਂ ਕਿਹਾ ਕਿ ਦੋਵੇਂ ਅਧਿਕਾਰੀਆਂ ਨੇ ਪੂਰੀ ਨਿਸ਼ਠਾ, ਸਮਰਪਣ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਦਿਆਂ ਗਣਨਾ ਫਾਰਮਾਂ ਦਾ 100 ਫੀਸਦੀ ਡਿਜ਼ਿਟਲੀਕਰਨ ਯਕੀਨੀ ਬਣਾਇਆ ਹੈ, ਜੋ ਹੋਰ ਅਧਿਕਾਰੀਆਂ ਅਤੇ ਕਰਮਚਾਰੀਆਂ ਲਈ ਵੀ ਪ੍ਰੇਰਣਾ ਸਰੋਤ ਹੈ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਾਰੇ ਚੋਣ ਅਫ਼ਸਰਾਂ ਅਤੇ ਬੀ.ਐੱਲ.ਓ. ਨੂੰ ਅਪੀਲ ਕੀਤੀ ਕਿ ਉਹ ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਦੀ ਪੂਰੀ ਗੰਭੀਰਤਾ, ਪਾਰਦਰਸ਼ਤਾ ਅਤੇ ਸਮੇਂਬੱਧਤਾ ਨਾਲ ਪਾਲਣਾ ਕਰਦਿਆਂ ਹਰ ਕੰਮ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ, ਤਾਂ ਜੋ ਵੋਟਰ ਸੂਚੀ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੀ ਪ੍ਰਕਿਰਿਆ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਮੁਕੰਮਲ ਕੀਤੀ ਜਾ ਸਕੇ।

# ਬੈਂਕ ਆਫ਼ ਬੜੌਦਾ ਨੇ 119ਵਾਂ ਸਥਾਪਨਾ ਦਿਵਸ ਉਤਸ਼ਾਹ ਨਾਲ ਮਨਾਇਆ

**ਬੰਗਾ 20 ਜੁਲਾਈ (ਚਰਨਜੀਤ ਸੱਲ੍ਹਾ )** ਬੈਂਕ ਆਫ਼ ਬੜੌਦਾ ਦੀ ਸ਼ਾਖਾ ਗੜ੍ਹਸ਼ੰਕਰ ਚੌਂਕ ਬੰਗਾ ਜਿਲ੍ਹਾ ਸ਼ਹੀਦ ਨਗਰ ਬੰਗਾ ਵਿਖੇ ਬੈਂਕ ਦਾ 119ਵਾਂ ਸਥਾਪਨਾ ਦਿਵਸ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸ਼ਾਖਾ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਕੇਕ ਕੱਟ ਕੇ ਬੈਂਕ ਦੀ ਸ਼ਾਨਦਾਰ ਵਿਰਾਸਤ ਅਤੇ ਉਪਲਬਧੀਆਂ ਨੂੰ ਯਾਦ ਕੀਤਾ। ਇਸ ਮੌਕੇ ਸ਼ਾਖਾ ਪ੍ਰਬੰਧਕ ਅਸ਼ੀਸ਼ ਕੁਮਾਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਬੈਂਕ ਆਫ਼ ਬੜੌਦਾ ਪਿਛਲੇ 119 ਸਾਲਾਂ ਤੋਂ ਆਪਣੇ ਗਾਹਕਾਂ ਦਾ ਭਰੋਸਾ ਜਿੱਤਦਾ ਆ ਰਿਹਾ ਹੈ ਅਤੇ ਆਧੁਨਿਕ, ਸੁਰੱਖਿਅਤ ਅਤੇ ਗੁਣਵੱਤਾ ਭਰੀਆਂ ਬੈਂਕਿੰਗ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਬੈਂਕ ਡਿਜ਼ੀਟਲ ਬੈਂਕਿੰਗ,




ਕੇਕ ਕੱਟਕੇ ਬੈਂਕ ਆਫ ਬੜੌਦਾ ਦਾ 119 ਵਾਂ ਜਨਮ ਦਿਨ ਮਨਾਉਂਦੇ ਹੋਏ ਸਟਾਫ ਮੈਂਬਰ ਅਤੇ ਹੋਰ।

ਵਿੱਤੀ ਸਮਾਵੇਸ਼ ਅਤੇ ਗਾਹਕ ਸੇਵਾ ਨੂੰ ਹੋਰ ਬਿਹਤਰ ਬਣਾਉਣ ਲਈ ਨਿਰੰਤਰ ਯਤਨਸ਼ੀਲ ਹੈ। ਸ਼ਾਖਾ ਪ੍ਰਬੰਧਕ ਨੇ ਬੈਂਕ ਦੇ ਸਾਰੇ ਗਾਹਕਾਂ, ਕਰਮਚਾਰੀਆਂ ਅਤੇ ਸ਼ੁਭਚਿੰਤਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਭਰੋਸੇ ਅਤੇ ਸਹਿਯੋਗ ਸਦਕਾ ਹੀ ਬੈਂਕ ਨੇ ਇਹ ਸ਼ਾਨਦਾਰ ਸਫ਼ਰ ਤੈਅ ਕੀਤਾ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਬੈਂਕ ਹੋਰ ਬਿਹਤਰ ਅਤੇ ਨਵੀਨਤਮ ਬੈਂਕਿੰਗ ਸੇਵਾਵਾਂ ਰਾਹੀਂ ਗਾਹਕਾਂ ਦੀਆਂ ਉਮੀਦਾਂ 'ਤੇ ਖਰਾ ਉਤਰੇਗਾ। ਇਸ ਮੌਕੇ ਅਭਿਨਾਸ਼ ਕੁਮਾਰ, ਪੰਕਜ ਕੁਮਾਰ, ਅਰੁਣਾ, ਬਲਵਿੰਦਰ ਕੌਰ, ਜਸਵੀਰ ਕੌਰ, ਹਰਪ੍ਰੀਤ ਕੌਰ, ਅਮਰਜੀਤ ਸਿੰਘ, ਸਿਮਰਨਜੀਤ ਕੌਰ, ਰਾਜਨ ਭਾਰਤ, ਡਾ. ਰਾਜਨ ਸ਼ਰਮਾ, ਡਾ. ਅਸ਼ਵਨੀ ਆਸਧੀਰ, ਹਰਬੰਸ ਸਿੰਘ, ਅਸ਼ਵਨੀ ਕੁਮਾਰ, ਯਾਦਵੀਰ ਸਿੰਘ, ਰਾਮ ਪਾਲ ਭੱਲਾ, ਵਿਸ਼ਾਲ ਅਰੋੜਾ, ਚੰਦਰ, ਵਿਨੋਦ ਯਾਦਵ, ਅਕਾਸ਼ਦੀਪ, ਪ੍ਰਿੰਸ ਮਹੇ, ਕੁਲਵਿੰਦਰ ਸਿੰਘ, ਅਰੁਣ ਜੈਨ, ਪੰਡਿਤ ਸ਼ਾਮ ਲਾਲ ਆਰੀਆ ਤੇ ਬੈਂਕ ਦੇ ਸਮੂਹ ਸਟਾਫ਼ ਮੈਂਬਰ ਅਤੇ ਗਾਹਕ ਵੀ ਹਾਜ਼ਰ ਸਨ।

# ਸੋਨਮ ਵਾਂਗਚੁਕ ਦੇ ਇਸ ਸ਼ਾਂਤਮਈ ਪ੍ਰਦਰਸ਼ਨ ਨੂੰ ਪੂਰੇ ਦੇਸ਼ ਭਰ ਵਿੱਚੋਂ ਅਥਾਹ ਸਮਰਥਨ ਮਿਲ ਰਿਹਾ ਹੈ : ਮਾ. ਕੁਲਵਿੰਦਰ ਸਿੰਘ ਜੰਡਾ

**ਹੁਸ਼ਿਆਰਪੁਰ 20 ਜੁਲਾਈ ( ਤਰਸੇਮ ਦੀਵਾਨਾ )** - ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਕੌਮੀ ਮੀਤ ਪ੍ਰਧਾਨ ਅਤੇ ਸੱਭਿਆਚਾਰ ਸੰਭਾਲ ਸੁਸਾਇਟੀ ਰਜਿ. ਪੰਜਾਬ ਦੇ ਪ੍ਰਧਾਨ ਮਾਸਟਰ ਕੁਲਵਿੰਦਰ ਸਿੰਘ ਜੰਡਾ ਨੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੇਂਦਰ ਦੀ ਭਾਜਪਾ ਸਰਕਾਰ ਦੇ ਰਵੱਈਏ 'ਤੇ ਗੰਭੀਰ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਦੇਸ਼ ਦਾ ਸੰਵਿਧਾਨ ਹਰ ਨਾਗਰਿਕ ਨੂੰ ਸ਼ਾਂਤਮਈ ਢੰਗ ਨਾਲ ਆਪਣੀਆਂ ਮੰਗਾਂ ਲਈ ਆਵਾਜ਼ ਉਠਾਉਣ ਦਾ ਮੌਲਿਕ ਅਧਿਕਾਰ ਦਿੰਦਾ ਹੈ, ਪਰ ਮੌਜੂਦਾ ਸਰਕਾਰ ਵੱਲੋਂ ਲੋਕਤੰਤਰ ਦੀਆਂ ਧੱਜੀਆਂ ਉਡਾਉਂਦਿਆਂ ਵਿਰੋਧੀ ਆਵਾਜ਼ਾਂ ਨੂੰ ਜ਼ਬਰਦਸਤੀ ਕੁਚਲਿਆ ਜਾ ਰਿਹਾ ਹੈ। ਪ੍ਰਧਾਨ ਕੁਲਵਿੰਦਰ ਸਿੰਘ ਜੰਡਾ ਨੇ ਦਿੱਲੀ ਦੇ ਜੰਤਰ-ਮੰਤਰ ਵਿਖੇ ਆਪਣੀਆਂ ਜਾਇਜ਼ ਮੰਗਾਂ ਲਈ ਸ਼ਾਂਤਮਈ ਤਰੀਕੇ ਨਾਲ ਧਰਨੇ 'ਤੇ ਬੈਠੇ ਸਮਾਜ ਸੇਵੀ ਸੋਨਮ ਵਾਂਗਚੁਕ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਪੁਲਿਸ ਬਲ ਦੀ ਵਰਤੋਂ ਕਰਕੇ ਧਰਨਾ ਸਥਾਨ ਤੋਂ ਜਬਰਦਸਤੀ ਚੁੱਕਣ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਦੱਸਿਆ ਕਿ ਸੋਨਮ ਵਾਂਗਚੁਕ ਵੱਲੋਂ ਦੇਸ਼ ਦੇ ਨੌਜਵਾਨਾਂ ਦੇ ਭਵਿੱਖ, ਨਿਰਪੱਖ ਪ੍ਰੀਖਿਆ ਪ੍ਰਣਾਲੀ ਅਤੇ ਪੇਪਰ ਲੀਕ ਵਰਗੇ ਗੰਭੀਰ ਮੁੱਦਿਆਂ ਨੂੰ ਲੈ ਕੇ ਪਿਛਲੇ 20 ਦਿਨਾਂ ਤੋਂ ਮਰਨ ਵਰਤ ਰੱਖਿਆ ਗਿਆ ਸੀ। ਪਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਮੰਨਣ ਦੀ ਬਜਾਏ ਅੰਦੋਲਨ ਨੂੰ ਜ਼ਬਰਦਸਤੀ ਖ਼ਤਮ ਕਰਨ ਦਾ ਤਾਨਾਸ਼ਾਹੀ ਰਾਹ ਚੁਣਿਆ। ਉਨ੍ਹਾਂ ਅੱਗੇ ਆਖਿਆ ਕਿ ਸੋਨਮ ਵਾਂਗਚੁਕ ਦੇ ਇਸ ਸ਼ਾਂਤਮਈ ਪ੍ਰਦਰਸ਼ਨ ਨੂੰ ਪੂਰੇ ਦੇਸ਼ ਭਰ ਵਿੱਚੋਂ ਅਥਾਹ ਸਮਰਥਨ ਮਿਲ ਰਿਹਾ ਹੈ , ਜਿਸ ਤੋਂ ਘਬਰਾ ਕੇ ਕੇਂਦਰ



ਸਰਕਾਰ ਨੇ ਇਹ ਨਿੰਦਣਯੋਗ ਕਦਮ ਚੁੱਕਿਆ ਹੈ। ਸ਼ਾਂਤਮਈ ਅੰਦੋਲਨਕਾਰੀਆਂ 'ਤੇ ਇਸ ਤਰ੍ਹਾਂ ਦੇ ਹਮਲੇ ਅਤੇ ਅਣਦੇਖੀ ਪਹਿਲਾਂ ਵੀ ਦੇਖਣ ਨੂੰ ਮਿਲੀ ਹੈ, ਚਾਹੇ ਉਹ ਲਖੀਮਪੁਰ ਖੀਰੀ ਵਿਖੇ ਸ਼ਾਂਤਮਈ ਧਰਨੇ ਤੋਂ ਵਾਪਸ ਜਾ ਰਹੇ ਕਿਸਾਨਾਂ 'ਤੇ ਗੱਡੀ ਚੜ੍ਹਾਉਣ ਦੀ ਘਟਨਾ ਹੋਵੇ। ਇਹ ਸਭ ਦਰਸਾਉਂਦਾ ਹੈ ਕਿ ਸਰਕਾਰ ਲੋਕਤੰਤਰੀ ਮੁੱਲਾਂ ਦੀ ਬਿਲਕੁਲ ਪਰਵਾਹ ਨਹੀਂ ਕਰ ਰਹੀ।

ਕੁਲਵਿੰਦਰ ਸਿੰਘ ਜੰਡਾ ਨੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਦੇਸ਼ ਵਿੱਚ ਲਗਾਤਾਰ ਹੋ ਰਹੇ ਪੇਪਰ ਲੀਕ ਦੇ ਮਾਮਲਿਆਂ ਕਾਰਨ ਲੱਖਾਂ ਨੌਜਵਾਨਾਂ ਦਾ ਭਵਿੱਖ ਦਾਅ 'ਤੇ ਲੱਗਿਆ ਹੋਇਆ ਹੈ ਅਤੇ ਉਹ ਮਾਨਸਿਕ ਤਣਾਅ ਦਾ ਸ਼ਿਕਾਰ ਹੋ ਰਹੇ ਹਨ। ਇੱਕ ਪਾਸੇ ਪ੍ਰਧਾਨ ਮੰਤਰੀ ਜੀ ਦੁਨੀਆ ਭਰ ਵਿੱਚ ਭਾਰਤ ਨੂੰ ਸਭ ਤੋਂ ਵੱਡਾ ਲੋਕਤੰਤਰ ਦੱਸਦੇ ਹਨ, ਪਰ ਦੂਜੇ ਪਾਸੇ ਦੇਸ਼ ਦੇ ਅੰਦਰ ਹੀ ਸ਼ਾਂਤਮਈ ਹੱਕ ਮੰਗ ਰਹੇ ਲੋਕਾਂ ਨਾਲ ਅੰਗਰੇਜ਼ਾਂ ਦੇ ਜ਼ਮਾਨੇ ਵਰਗਾ ਵਰਤਾਓ ਕੀਤਾ ਜਾ ਰਿਹਾ ਹੈ। ਸੱਭਿਆਚਾਰ ਸੰਭਾਲ ਸੁਸਾਇਟੀ ਪੰਜਾਬ ਵੱਲੋਂ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਅਜਿਹੇ ਰਵੱਈਏ ਨੂੰ ਛੱਡ ਕੇ ਨੌਜਵਾਨਾਂ ਅਤੇ ਸਮਾਜ ਸੇਵੀਆਂ ਦੀਆਂ ਹੱਕੀ ਮੰਗਾਂ ਨੂੰ ਤੁਰੰਤ ਮੰਨਿਆ ਜਾਵੇ।

# ਡਿਪਟੀ ਸਪੀਕਰ ਰੋੜੀ ਨੇ ਡਾ. ਭੀਮ ਰਾਓ ਅੰਬੇਡਕਰ ਹਾਲ ਦਾ ਰੱਖਿਆ ਨੀਂਹ ਪੱਥਰ , ਪਿੰਡ ਪਦਰਾਣਾ ਨੂੰ ਮਿਲੀ ਵੱਡੀ ਸੌਗਾਤ

**ਗੜ੍ਹਸ਼ੰਕਰ/ਹੁਸ਼ਿਆਰਪੁਰ ():20 ਜੁਲਾਈ 2026** ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੋੜੀ ਨੇ ਪਿੰਡ ਪਦਰਾਣਾ ਵਿਖੇ ਪਿੰਡ ਵਾਸੀਆਂ ਨੂੰ ਇੱਕ ਹੋਰ ਵੱਡੀ ਸੌਗਾਤ ਦਿੰਦਿਆਂ ਡਾ.ਭੀਮ ਰਾਓ ਅੰਬੇਡਕਰ ਹਾਲ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਕਰਵਾਏ ਗਏ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਪਤਵੰਤੇ ਵਿਅਕਤੀਆਂ, ਸਮਾਜ ਸੇਵੀਆਂ ਅਤੇ ਪਾਰਟੀ ਵਰਕਰਾਂ ਨੇ ਸ਼ਮੂਲੀਅਤ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਰੋੜੀ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਹਾਲ ਪਿੰਡ ਦੇ ਸਮਾਜਿਕ, ਧਾਰਮਿਕ, ਸੱਭਿਆਚਾਰਕ ਅਤੇ ਸਾਂਝੇ ਕਾਰਜਾਂ ਲਈ ਇੱਕ ਆਧੁਨਿਕ ਕੇਂਦਰ ਵਜੋਂ ਵਿਕਸਿਤ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਹਾਲ ਹਰ ਵਰਗ ਦੇ ਲੋਕਾਂ ਲਈ ਲਾਹੇਵੰਦ ਸਾਬਤ ਹੋਵੇਗਾ ਅਤੇ ਪਿੰਡ ਦੇ ਵਿਕਾਸ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਬਣੇਗਾ। ਉਨ੍ਹਾਂ ਕਿਹਾ ਕਿ ਮੁੱਖ



ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਪਿੰਡ ਅਤੇ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ।

ਇਸ ਸਮਾਗਮ ਮੌਕੇ ਪਿੰਡ ਪਦਰਾਣਾ ਦੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਅਤੇ ਪਰਿਵਾਰਾਂ ਨੇ ਦੂਜੀਆਂ ਰਾਜਨੀਤਿਕ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ।ਪਿੰਡ ਵਾਸੀਆਂ ਨੇ ਡਿਪਟੀ ਸਪੀਕਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਦੇ ਵਿਕਾਸ ਲਈ ਲਗਾਤਾਰ ਗ੍ਰਾਂਟਾਂ ਅਤੇ ਵਿਕਾਸ ਕਾਰਜ ਦਿੱਤੇ ਜਾ ਰਹੇ ਹਨ, ਜਿਸ ਨਾਲ ਲੋਕਾਂ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਹੈ। ਇਸ ਮੌਕੇ ਸਰਪੰਚ ਜਰਨੈਲ ਸਿੰਘ, ਪੰਚ ਮਹਿੰਗਾ ਰਾਮ, ਪੰਚ ਜਸਪਾਲ ਸਿੰਘ, ਪੰਚ ਕੁਲਵਿੰਦਰ ਸਿੰਘ, ਪੰਚ ਸਰੋਜ ਰਾਣੀ, ਪੰਚ ਸੁਭਾਸ, ਪੰਚ ਹਰਬੰਸ ਲਾਲ, ਸਾਬਕਾ ਪੰਚ ਨਿਸ਼ੂ ਰਾਣੀ, ਡਾ. ਭੀਮ ਰਾਓ ਅੰਬੇਡਕਰ ਵੈਲਫੇਅਰ ਸੋਸਾਇਟੀ ਸਮੂਹ ਮੈਬਰ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਨੌਜਵਾਨ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ ।

# ਤਰਨ ਤਾਰਨ ਮੁੰਡਾ ਪਿੰਡ ਵਿਖੇ "ਪੰਜਾਬ ਸੰਭਾਲੋ" ਮੁਹਿੰਮ ਨੂੰ ਮਿਲਿਆ ਭਰਵਾਂ ਹੁੰਗਾਰਾ, ਕਈ ਪਰਿਵਾਰ ਬਹੁਜਨ ਸਮਾਜ ਪਾਰਟੀ ਵਿੱਚ ਹੋਏ ਸ਼ਾਮਿਲ

**ਤਰਨਤਾਰਨ 20 ਜੁਲਾਈ (ਚਰਨਜੀਤ ਸੱਲ੍ਹਾ )** ਤਰਨ ਤਾਰਨ ਵਿਖੇ ਚੱਲ ਰਹੀ "ਪੰਜਾਬ ਸੰਭਾਲੋ" ਮੁਹਿੰਮ ਨੂੰ ਲੋਕਾਂ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ ਹੈ। ਇਸ ਦੌਰਾਨ ਕਈ ਪਰਿਵਾਰਾਂ ਨੇ ਬਹੁਜਨ ਸਮਾਜ ਪਾਰਟੀ (ਬਸਪਾ) ਦੀਆਂ ਨੀਤੀਆਂ, ਸਮਾਜਿਕ ਨਿਆਂ, ਬਰਾਬਰੀ ਅਤੇ ਸੰਵਿਧਾਨਕ ਮੁੱਲਾਂ 'ਤੇ ਭਰੋਸਾ ਜਤਾਉਂਦੇ ਹੋਏ ਪਾਰਟੀ ਵਿੱਚ ਸ਼ਾਮਲ ਹੋਣ ਦਾ ਫ਼ੈਸਲਾ ਕੀਤਾ। ਇਹ ਸ਼ਮੂਲੀਅਤ ਸਿਰਫ਼ ਇੱਕ ਰਾਜਨੀਤਿਕ ਫ਼ੈਸਲਾ ਨਹੀਂ, ਸਗੋਂ ਪੰਜਾਬ ਵਿੱਚ ਬਦਲਾਅ ਦੀ ਉਮੀਦ ਅਤੇ ਲੋਕਾਂ ਦੇ ਵਿਸ਼ਵਾਸ ਦਾ ਪ੍ਰਤੀਕ ਹੈ। ਲੋਕਾਂ ਨੇ ਵਿਸ਼ਵਾਸ ਜਤਾਇਆ ਕਿ ਸੂਬੇ ਦੇ ਵਿਕਾਸ, ਨੌਜਵਾਨਾਂ ਦੇ ਭਵਿੱਖ, ਸਿੱਖਿਆ, ਰੋਜ਼ਗਾਰ ਅਤੇ ਸਮਾਜਿਕ ਬਰਾਬਰੀ ਲਈ ਮਜ਼ਬੂਤ ਆਵਾਜ਼ ਦੀ ਲੋੜ ਹੈ। ਇਸੇ ਸੋਚ ਨਾਲ ਕਈ ਪਰਿਵਾਰ ਬਸਪਾ ਦੇ ਕਾਰਵਾਂ ਨਾਲ ਜੁੜੇ।




"ਪੰਜਾਬ ਸੰਭਾਲੋ" ਮੁਹਿੰਮ ਦਾ ਮਕਸਦ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣਨਾ, ਉਨ੍ਹਾਂ ਨਾਲ ਸਿੱਧਾ ਸੰਵਾਦ ਕਰਨਾ



ਅਤੇ ਇੱਕ ਬਿਹਤਰ ਪੰਜਾਬ ਲਈ ਲੋਕਾਂ ਨੂੰ ਇਕੱਠਾ ਕਰਨਾ ਹੈ। ਤਰਨ ਤਾਰਨ ਵਿੱਚ ਮਿਲਿਆ ਇਹ ਵੱਡਾ ਹੁੰਗਾਰਾ ਇਸ ਗੱਲ ਦਾ ਸੰਕੇਤ ਹੈ ਕਿ ਲੋਕ ਬਦਲਾਅ ਦੀ ਇੱਛਾ ਰੱਖਦੇ ਹਨ ਅਤੇ ਆਪਣੇ ਭਵਿੱਖ ਲਈ ਨਵੀਂ ਸੋਚ ਨੂੰ ਅੱਗੇ ਵਧਾਉਣਾ ਚਾਹੁੰਦੇ ਹਨ। ਆਓ, ਪੰਜਾਬ ਦੀ ਤਰੱਕੀ, ਭਾਈਚਾਰੇ, ਸਮਾਜਿਕ ਨਿਆਂ ਅਤੇ ਸੰਵਿਧਾਨਕ ਮੁੱਲਾਂ ਨੂੰ ਮਜ਼ਬੂਤ ਕਰਨ ਲਈ ਇਕੱਠੇ ਹੋਈਏ। ਇਸ ਸੰਦੇਸ਼ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਓ। ਰਣਜੀਤ ਸਿੰਘ ਸੰਧੂ।

# ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਬੱਚਿਆਂ ਦੇ ਦੰਦਾਂ ਦਾ ਆਧੁਨਿਕ ਤਕਨੀਕਾਂ ਨਾਲ ਹੋ ਰਿਹਾ ਹੈ ਇਲਾਜ

**ਬੰਗਾ 20 ਜੁਲਾਈ (ਚਰਨਜੀਤ ਸੱਲ੍ਹਾ)** ਇਲਾਕੇ ਦੇ ਪ੍ਰਸਿੱਧ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵੱਲੋਂ ਜਿੱਥੇ ਆਮ ਲੋਕਾਂ ਨੂੰ ਮਿਆਰੀ ਮੈਡੀਕਲ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ, ਉੱਥੇ ਹੀ ਹਸਪਤਾਲ ਦੇ ਦੰਦਾਂ ਦੇ ਵਿਭਾਗ ਵਿਚ ਬੱਚਿਆਂ ਦੇ ਦੰਦਾਂ ਦੀਆਂ ਬਿਮਾਰੀਆਂ ਦੇ ਇਲਾਜ ਲਈ ਆਧੁਨਿਕ ਤਕਨੀਕਾਂ ਅਤੇ ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਇਹ ਜਾਣਕਾਰੀ ਹਸਪਤਾਲ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਦਿੱਤੀ । ਸ. ਢਾਹਾਂ ਨੇ ਕਿਹਾ ਕਿ ਅੱਜ-ਕੱਲ੍ਹ ਬੱਚਿਆਂ ਵਿੱਚ ਚਾਕਲੇਟ, ਟੌਫੀਆਂ ਅਤੇ ਫਾਸਟ ਫੂਡ ਖਾਣ ਦੀਆਂ ਆਦਤਾਂ ਕਾਰਨ ਦੰਦਾਂ ਵਿੱਚ ਕੀੜਾ ਲੱਗਣਾ (ਕੈਵਿਟੀਜ਼) ਅਤੇ ਦੰਦ ਟੁੱਟਣ ਵਰਗੀਆਂ ਸਮੱਸਿਆਵਾਂ ਬਹੁਤ ਤੇਜ਼ੀ ਨਾਲ ਵਧ ਰਹੀਆਂ ਹਨ, ਜਿਸ ਲਈ ਸਮੇਂ ਸਿਰ ਸਹੀ ਇਲਾਜ ਬਹੁਤ ਜ਼ਰੂਰੀ ਹੈ। ਸ. ਢਾਹਾਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਦੰਦਾਂ ਦੇ ਵਿਭਾਗ ਦੇ ਮੁਖੀ ਡਾ. ਜਗਜੀਤ ਸਿੰਘ ਐੱਮ.ਡੀ.ਐੱਸ. ਵੱਲੋਂ ਰੋਜ਼ਾਨਾ ਸਵੇਰੇ 9:00 ਵਜੇ ਤੋਂ ਦੁਪਹਿਰ 3:00 ਵਜੇ ਤੱਕ ਬੱਚਿਆਂ ਅਤੇ ਵੱਡਿਆਂ ਦੇ ਦੰਦਾਂ ਦੀ ਜਾਂਚ ਅਤੇ ਇਲਾਜ ਕੀਤਾ ਜਾਂਦਾ ਹੈ। ਹਸਪਤਾਲ ਦੇ ਦੰਦਾਂ ਦੇ ਵਿਭਾਗ ਵਿੱਚ ਜਿੱਥੇ ਬੱਚਿਆਂ ਲਈ ਵਿਸ਼ੇਸ਼ ਪੀਡੋਡੌਂਟਿਕ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਉੱਥੇ



**ਹਸਪਤਾਲ ਢਾਹਾਂ ਕਲੇਰਾਂ ਵਿਖੇ ਡਾ. ਜਗਜੀਤ ਸਿੰਘ ਐੱਮ.ਡੀ.ਐੱਸ ਬੱਚੇ ਦੇ ਦੰਦਾਂ ਦੇ ਇਲਾਜ ਕਰਨ ਉਪਰੰਤ ਖੁਸ਼ੀ ਭਰੇ ਮਾਹੌਲ ਵਿਚ।**

ਆਧੁਨਿਕ ਕੰਪਿਊਟਰਾਈਜ਼ ਯੰਤਰਾਂ ਅਤੇ ਮਿਆਰੀ ਇਲਾਜ ਰਾਹੀਂ ਬੱਚਿਆਂ ਦੇ ਦੰਦਾਂ ਦੀ ਸੰਭਾਲ ਕੀਤੀ ਜਾਂਦੀ ਹੈ । ਜਿਸ ਦਾ ਮੁੱਖ ਉਦੇਸ਼ ਬੱਚਿਆਂ ਨੂੰ ਆਪਣੇ ਇਲਾਕੇ ਵਿੱਚ ਹੀ ਉੱਚ ਪੱਧਰੀ ਮਿਆਰੀ ਮੈਡੀਕਲ ਸਹੂਲਤਾਂ ਪ੍ਰਦਾਨ ਕਰਨਾ ਹੈ । ਇਸ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਡਾ. ਜਗਜੀਤ ਸਿੰਘ ਨੇ ਕਿਹਾ ਕਿ ਅੱਜ-ਕੱਲ੍ਹ ਬੱਚਿਆਂ ਵਿੱਚ ਚਾਕਲੇਟਾਂ, ਟੌਫੀਆਂ, ਕੋਲਡ ਡਰਿੰਕਸ ਅਤੇ ਫਾਸਟ ਫੂਡ ਦੀ ਵਧਦੀ ਵਰਤੋਂ ਕਾਰਨ ਦੰਦਾਂ ਵਿੱਚ ਕੀੜਾ ਲੱਗਣ (ਕੈਵਿਟੀਜ਼), ਦੰਦਾਂ ਦਾ ਕਮਜ਼ੋਰ ਹੋਣਾ ਅਤੇ ਟੁੱਟਣ ਵਰਗੀਆਂ ਸਮੱਸਿਆਵਾਂ ਤੇਜ਼ੀ ਨਾਲ ਵਧ ਰਹੀਆਂ ਹਨ। ਇਸ ਲਈ ਉਹਨਾਂ ਦੇ ਦੰਦਾਂ ਦੀ ਜਾਂਚ ਅਤੇ ਇਲਾਜ ਬਹੁਤ ਜ਼ਰੂਰੀ ਹੈ । ਡਾ. ਜਗਜੀਤ ਸਿੰਘ ਨੇ ਦੱਸਿਆ ਕਿ ਹਸਪਤਾਲ ਵਿੱਚ ਬੱਚਿਆਂ ਦੇ ਦੰਦਾਂ ਦਾ ਇਲਾਜ ਬਹੁਤ ਹੀ ਪਿਆਰ-ਭਰੇ ਮਾਹੌਲ ਵਿੱਚ ਕੀਤਾ ਜਾਂਦਾ ਹੈ ਤਾਂ ਜੋ ਬੱਚੇ ਬਿਨਾਂ ਡਰ ਤੋਂ ਇਲਾਜ ਕਰਵਾ ਸਕਣ । ਦੰਦਾਂ ਦੇ ਵਿਭਾਗ ਵਿੱਚ ਪੀਡੋਡੌਂਟਿਕ ਟਰੀਟਮੈਂਟ, ਖੋੜ੍ਹਾ ਦਾ ਆਧੁਨਿਕ ਫਿਲਿੰਗ ਮਟੀਰੀਅਲ ਨਾਲ ਇਲਾਜ, ਟੇਢੇ-ਮੇਢੇ ਦੰਦਾਂ ਦੀ ਸਹੀ ਬਣਤਰ ਲਈ ਬ੍ਰੇਸਿਸ ਅਤੇ ਅਲਾਈਨਰ, ਬੱਚਿਆਂ ਦੇ ਨਵੇਂ ਦੰਦਾਂ ਦੇ ਸਹੀ ਵਾਧੇ ਸਬੰਧੀ ਅਤੇ ਜ਼ਰੂਰਤ ਪੈਣ 'ਤੇ ਬਿਨਾਂ ਦਰਦ ਵਾਲੀ ਆਧੁਨਿਕ ਤਕਨੀਕ ਨਾਲ ਖ਼ਰਾਬ ਦੰਦ ਕੱਢਣ ਦੀ ਮਿਆਰੀ ਇਲਾਜ ਸਹੂਲਤ ਮਿਲਦੀ ਹੈ । ਡਾ. ਜਗਜੀਤ ਸਿੰਘ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਬੱਚਿਆਂ ਦੇ ਦੰਦਾਂ ਦੀ ਸਿਹਤ ਨੂੰ ਅਣਗੌਲਿਆ ਨਾ ਕੀਤਾ ਜਾਵੇ ਅਤੇ ਹਰ 6 ਮਹੀਨੇ ਬਾਅਦ ਬੱਚਿਆਂ ਦੇ ਦੰਦਾਂ ਦਾ ਚੈੱਕਅੱਪ ਜ਼ਰੂਰ ਕਰਵਾਉਣ। ਇਸ ਲਈ ਬੱਚਿਆਂ ਦੇ ਦੰਦਾਂ ਦੇ ਮਿਆਰੀ ਇਲਾਜ ਲਈ ਹੁਣ ਮਾਪਿਆਂ ਨੂੰ ਦੂਰ-ਦੁਰਾਡੇ ਦੇ ਵੱਡੇ ਸ਼ਹਿਰਾਂ ਵਿੱਚ ਜਾਣ ਦੀ ਲੋੜ ਨਹੀਂ, ਕਿਉਂਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਇਹ ਸਾਰੀਆਂ ਆਧੁਨਿਕ ਇਲਾਜ ਸਹੂਲਤਾਂ ਇੱਕ ਹੀ ਛੱਤ ਹੇਠ ਮਿਲਦੀਆਂ ਹਨ ।

# ਬਸਪਾ ਹਲਕਾ ਚੱਬੇਵਾਲ ਦੇ ਜੋਨ ਪੰਡੋਰੀ ਬੀਬੀ ਦੇ ਅਹੁਦੇਦਾਰ ਦੀ ਮੀਟਿੰਗ ਨੂੰ ਸੰਬੋਧਨ ਕੀਤਾ

**ਚੱਬੇਵਾਲ( ਚਰਨਜੀਤ ਸੱਲ੍ਹਾ )ਕੱਲ੍ਹ** ਮਿਤੀ 19-7-2026 ਨੂੰ ਬਸਪਾ ਹਲਕਾ ਚੱਬੇਵਾਲ ਦੇ ਜੋਨ ਪੰਡੋਰੀ ਬੀਬੀ ਦੇ ਅਹੁੱਦੇਦਾਰ ਸਹਿਬਾਨ ਦੀ ਮੀਟਿੰਗ ਪਿੰਡ ਡਵਿੱਡਾ ਅਹਿਰਾਨਾ ਵਿਖੇ ਹੋਈ ੀ ਇਸ ਮੀਟਿੰਗ ਵਿੱਚ ਮੁੱਖ ਮਹਿਮਾਨ ਵਜੋਂ ਐਡਵੋਕੇਟ ਪਲਵਿੰਦਰ ਮਾਨਾ ਜੀ ਜਿਲਾ ਇੰਚਾਰਜ ਅਤੇ ਹਲਕਾ ਇੰਚਾਰਜ ਚੱਬੇਵਾਲ ਜੀ ਅਤੇ ਰਾਕੇਸ਼ ਕਿਟੀ ਜੀ ਜਿਲਾ ਸਕੱਤਰ ਵਿਸ਼ੇਸ਼ ਤੌਰ ਤੇ ਪੋਹੁੰਚੇ ਅਤੇ ਉਨ੍ਹਾਂ ਨਾਲ ਸਮੂਹ ਹਲਕੇ ਦੀ ਲੀਡਰਸ਼ਿਪ ਵੀ ਹਾਜਰ ਹੋਏ, ਇਹ ਮੀਟਿੰਗ ਬਸਪਾ ਦੇ ਜੋਨ ਪੰਡੋਰੀ ਬੀਬੀ ਦੇ ਸੈਕਟਰਾਂ ਦੇ ਸੰਗਠਨ ਅਤੇ ਬੂਥ ਲੈਵਲ ਦੀਆ ਕਮੇਟੀਆਂ ਨੂੰ ਮਜ਼ਬੂਤ ਕਰਨ ਦੇ ਲਈ ਕੀਤੀ ਗਈ ਅਤੇ ਸੈਕਟਰ ਪੱਧਰ ਦੇ ਪਿੰਡਾਂ ਵਿੱਚੋ ਆਏ ਸਾਥੀਆ ਨੇ ਆਪੋ ਆਪਣੇ ਹਾਜ਼ਰੀ ਲਗਵਾਦੇ ਹੋਏ ਬਸਪਾ ਨੂੰ ਗਰਾਊਂਡ ਲੈਵਲ ਤੇ ਮਜ਼ਬੂਤ ਕਰਨ ਦੇ ਲਈ ਭਰੋਸਾ ਦਿੱਤਾ ੀ ਇਸ ਮੌਕੇ ਸੈਕਟਰਾਂ ਦੇ ਅਹੁਦੇਦਾਰਾਂ ਨੇ ਹਰ ਇਕ ਪਿੰਡ ਵਿਚ ਪੁਹੰਚ ਕਰਕੇ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਦੀਆ ਨੀਤੀਆਂ ਤੋਂ ਲੋਕਾਂ ਨੂੰ ਜਾਣੂ ਕਰਵਾਉਣ ਦਾ ਭਰੋਸਾ ਦਿੱਤਾ ੀ ਇਸ ਮੌਕੇ ਹਾਜ਼ਰ ਆਗੂ ਸਾਥੀਆ ਵਿੱਚ ਸ ਹਰਭਜਨ ਸਿੰਘ ਮਾਨਾ ਸੀਨੀਅਰ ਬਸਪਾ ਆਗੂ, ਹਲਕਾ ਚੱਬੇਵਾਲ ਦੇ ਉਪ ਪ੍ਰਧਾਨ ਸੁਦੇਸ਼ ਭੱਟੀ ਜੀ , ਸਰਦਾਰ ਸਤਪਾਲ ਬਡਲਾ ਜੀ ਜਨਰਲ ਸਕੱਤਰ, ਸੰਦੀਪ ਵਿਕੀ ਬੰਗਾ ਭੜਢ, ਬਲਵੰਤ ਸਹਿਗਲ ੋਰਗ. ਸੱਕਤਰ, ਰਾਜੇਸ਼ ਭੁੰਨੋ ਹਲਕਾ ਖਜਾਨਚੀ, ਸਿਮਰੁ ਰਾਮ ਬਾਮਸੇਫ਼, ਦੌਲਤ ਰਾਮ ਜੀ, ਸੁਬੇਦਾਰ ਹਰਕਮਲਜੀਤ ਸਿੰਘ, ਜਗਜੀਤ ਸਿੰਘ ਕਾਕਾ ਬਸਪਾ ਆਗੂ, ਮਹਿੰਦਰ ਪਾਲ, ਜਸਵੀਰ ਸਿੰਘ ਰਾਜਪੁਰ ਭਾਈਆਂ, ਰਾਮ ਆਸਰਾ ਹਾਰਟਾ ਜੀ ਬਸਪਾ ਆਗੂ, ਹਰਜੀਤ ਸਿੰਘ , ਸੌਰਵ ਹੀਰ, ਸਮੀਰ ਮਾਨਾ, ਸੌਰਵ ਹੀਰ,ਅਤੇ ਹੋਰ ਵੀ ਵੱਡੀ ਗਿਣਤੀ ਵਿੱਚ ਸਾਥੀ ਹਾਜ਼ਰ ਸਨ।





# ਲੀਗਲ ਏਡ ਡਿਫੈਂਸ ਕੌਂਸਲ ਖ਼ਿਲਾਫ਼ ਜ਼ਿਲ੍ਹਾ ਬਾਰ ਐਸੋਸੀਏਸ਼ਨ ਹੁਸ਼ਿਆਰਪੁਰ ਵੱਲੋਂ ਭੁੱਖ ਹੜਤਾਲ ਸ਼ੁਰੂ

## ਸਮਰਥਨ ਵਿੱਚ ਵਰਿੰਦਰ ਕੁਮਾਰ ਗੁਪਤਾ ਨੇ ਦਿੱਤਾ ਅਸਤੀਫ਼ਾ

**ਹੁਸ਼ਿਆਰਪੁਰ, 20 ਜੁਲਾਈ ( ਤਰਸੇਮ ਦੀਵਾਨਾ )** – ਜ਼ਿਲ੍ਹਾ ਬਾਰ ਐਸੋਸੀਏਸ਼ਨ ਹੁਸ਼ਿਆਰਪੁਰ ਵੱਲੋਂ ਪ੍ਰਧਾਨ ਪਲਵਿੰਦਰ ਸਿੰਘ ਘੁੰਮਣ ਅਤੇ ਸਾਂਝੀ ਐਕਸ਼ਨ ਕਮੇਟੀ ਪੰਜਾਬ ਦੀਆਂ ਹਦਾਇਤਾਂ 'ਤੇ ਅਮਲ ਕਰਦਿਆਂ ਲੀਗਲ ਏਡ ਡਿਫੈਂਸ ਕੌਂਸਲ (ਲ਼ਅਧਛ) ਦੇ ਖ਼ਿਲਾਫ਼ ਇੱਕ ਤਿੱਖਾ ਸੰਘਰਸ਼ ਵਿੱਢਦਿਆਂ ਅੱਜ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਗਈ ਹੈ। ਵਕੀਲ ਭਾਈਚਾਰੇ ਦੀਆਂ ਮੰਗਾਂ ਅਤੇ ਹੜਤਾਲ ਦੇ ਸਮਰਥਨ ਵਿੱਚ ਇੱਕ ਵੱਡਾ ਕਦਮ ਚੁੱਕਦਿਆਂ ਵਰਿੰਦਰ ਕੁਮਾਰ ਗੁਪਤਾ ਨੇ ਆਪਣੇ 'ਲੀਗਲ ਏਡ ਮੀਡੀਏਟਰ' ਦੇ ਅਹੁਦੇ ਤੋਂ ਅਸਤੀਫ਼ਾ ਦੇਣ ਦਾ ਐਲਾਨ ਕਰ ਦਿੱਤਾ ਹੈ, ਜਿਸ ਨਾਲ ਸੰਘਰਸ਼ ਨੂੰ ਇੱਕ ਨਵੀਂ ਤਾਕਤ ਮਿਲੀ ਹੈ।

ਇਸ ਰੋਸ ਪ੍ਰਦਰਸ਼ਨ ਅਤੇ ਭੁੱਖ ਹੜਤਾਲ ਦੀ ਸ਼ੁਰੂਆਤ ਦੌਰਾਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਪਲਵਿੰਦਰ ਸਿੰਘ ਘੁੰਮਣ, ਸੈਕਟਰੀ ਨਵਜਿੰਦਰ ਸਿੰਘ ਬੇਦੀ, ਗੁਰਪ੍ਰੀਤ ਕੌਰ, ਲਸ਼ਕਰ ਸਿੰਘ ਸਾਵਰਾ ਅਤੇ ਹੋਰ ਆਗੂਆਂ ਨੇ ਸੰਕੇਤਕ ਭੁੱਖ ਹੜਤਾਲ 'ਤੇ ਬੈਠ ਕੇ ਆਪਣੇ ਰੋਸ ਦਾ ਪ੍ਰਗਟਾਵਾ ਕੀਤਾ। ਹੜਤਾਲ ਤੇ ਬੈਠੇ ਵਕੀਲਾ ਨੇ ਕਿਹਾ ਕਿ ਵਕੀਲ ਭਾਈਚਾਰੇ ਦੇ ਹਿੱਤਾਂ ਨਾਲ ਕਿਸੇ ਵੀ ਕੀਮਤ 'ਤੇ ਸਮਝੌਤਾ ਨਹੀਂ ਕੀਤਾ ਜਾਵੇਗਾ। ਸਾਂਝੀ ਐਕਸ਼ਨ ਕਮੇਟੀ ਪੰਜਾਬ ਦੇ ਸੱਦੇ 'ਤੇ ਸ਼ੁਰੂ ਕੀਤਾ ਗਿਆ ਇਹ ਸੰਘਰਸ਼ ਉਦੋਂ ਤੱਕ ਜਾਰੀ ਰਹੇਗਾ, ਜਦੋਂ ਤੱਕ ਸਾਡੀਆਂ ਜਾਇਜ਼ ਮੰਗਾਂ ਮੰਨੀਆਂ ਨਹੀਂ ਜਾਂਦੀਆਂ। ਇਸ ਮੌਕੇ ਬਾਰ ਦੇ ਅਹੁਦੇਦਾਰਾਂ ਨੇ ਇਕਜੁੱਟਤਾ ਦਾ ਸੁਨੇਹਾ ਦਿੰਦਿਆਂ ਆਖਿਆ ਕਿ ਲੀਗਲ ਏਡ ਡਿਫੈਂਸ ਕੌਂਸਲ ਦੀਆਂ ਨੀਤੀਆਂ ਵਕੀਲ ਭਾਈਚਾਰੇ ਅਤੇ ਇਨਸਾਫ਼ ਦੀ ਪ੍ਰਣਾਲੀ ਦੇ ਹਿੱਤ ਵਿੱਚ ਨਹੀਂ ਹਨ। ਵਰਿੰਦਰ ਕੁਮਾਰ ਗੁਪਤਾ ਵੱਲੋਂ ਦਿੱਤੇ ਗਏ ਅਸਤੀਫ਼ੇ ਦੀ ਸ਼ਲਾਘਾ ਕਰਦਿਆਂ ਸਮੂਹ ਮੈਂਬਰਾਂ ਨੇ ਕਿਹਾ ਕਿ ਇਸ ਨਾਲ ਬਾਰ ਐਸੋਸੀਏਸ਼ਨ ਦੀ ਚੱਲ ਰਹੀ ਜੱਦੋ-ਜਹਿਦ ਨੂੰ ਵੱਡਾ ਬਲ ਮਿਲਿਆ ਹੈ। ਹੜਤਾਲੀ ਆਗੂਆਂ ਨੇ ਸਾਫ਼ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਗਿਆ, ਤਾਂ ਸਾਂਝੀ ਐਕਸ਼ਨ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇਸ ਸੰਘਰਸ਼ ਨੂੰ ਹੋਰ ਤਿੱਖਾ ਅਤੇ ਵਿਆਪਕ ਕੀਤਾ ਜਾਵੇਗਾ। ਅੱਜ ਦੀ ਇਸ ਹੜਤਾਲ ਨਾਲ ਅਦਾਲਤੀ ਕੰਮਕਾਜ ਵੀ ਪ੍ਰਭਾਵਿਤ ਹੋਇਆ।



ਫੋਟੋ ਅਜਮੇਰ ਦੀਵਾਨਾ

# (ਦਰਦ ਇਰਾਨ ਦੇ)

ਨਸਲਕੁਸ਼ੀ ਹੋ ਰਹੀ ਈਰਾਨ ਦੀ, ਦਰਦ ਵੀ ਤੇ ਪਰੇਸ਼ਾਨ ਵੀ। ਬੱਚੇ ਵਿਲਕ ਰਹੇ ਬਾਝੋਂ ਮਾਵਾਂ, ਬੰਦਾ ਆਤੁਰ ਹੋ ਜਾਂਦਾ, ਜਦੋਂ ਤੋੜ ਦਿਉ ਉਸ ਦੀਆਂ ਬਾਹਵਾਂ। ਅਸੀਂ ਸੌ ਉਹੜ ਪੋਹੜ ਕਰਦੇ ਜੇ ਸਾਡੇ ਬੱਚੇ ਨੂੰ ਤਿਣਕਾ ਭਰ ਵੀ ਕੁਝ ਹੋ ਜਾਵੇ। ਉਥੇ ਤਾਂ ਅਣਭੋਲ ਬੱਚਿਆਂ ਦੀ, ਕਿਸੇ ਦਾ ਪਿਓ ਕਿਸੇ ਦੀ ਮਾਂ ਮਰ ਜਾਵੇ। ਬੱਚਾ ਬੱਚਾ ਤੜਪ ਰਿਹਾ, ਕੀ ਅਮੀਰ ਅਤੇ ਕੀ ਗਰੀਬ। ਫੌਜਾਂ ਦੇ ਜਰਨੈਲ ਮਰ ਰਹੇ, ਕੀ ਸਿਪਾਹੀ ਤੇ ਕੀ ਰਕੀਬ। ਟਰੰਪ ਦੇ ਗੋਲਿਆਂ ਨੇ, ਪਾਣੀ ਦਾ ਰਿਜਰਵ ਉੜਾ ਦਿੱਤਾ। ਰੇਗਿਸਤਾਨ ਵਿਚ ਪਾਣੀ ਦੀ ਕਮੀ ਨੇ, ਸਭ ਦਾ ਹਲਕ ਸੁਕਾ ਦਿੱਤਾ।

ਪਾਣੀ ਨਾਲੋਂ ਤੇਲ ਸਸਤਾ ਮਿਲਦਾ, ਤੇਲ ਦੇ ਭੰਡਾਰ ਵੀ ਜਲਾ ਦਿੱਤੇ। ਆਪਣੇ ਹਮਜੋਲੀਆਂ ਦੇ ਦੀਵੇ ਜਗਾ ਦਿੱਤੇ। ਟਰੰਪ ਨੇ ਸਾਰੀ ਦੁਨੀਆਂ ਨੂੰ ਵਕਤ ਪਾ ਰੱਖਿਆ। ਗੈਰਾਂ ਦੀ ਧਰਤੀ ਉੱਤੇ ਹੰਕਾਰ ਦਾ ਡੰਕਾ ਚਲਾ ਰੱਖਿਆ। ਇਸ ਦੇ ਬਾਵਜੂਦ ਵੀ ਇਰਾਨੀਆਂ ਦੀ ਦੇਸ਼ ਭਗਤੀ ਦੇਖੋ, ਬੰਦ ਬੰਦ ਕਟਵਾ ਕੇ ਵੀ, ਈਨ ਨਹੀਂ ਮੰਨੀ। ਕਹਿੰਦੇ ਟਰੰਪ ਨੂੰ



ਨਹੀਂ ਛੱਡਣਾ,ਕਿਥੇ ਜਾਊਗਾ ਖਿਸਕਾ ਕੇ ਕੰਨੀ। ਬਹਾਦਰੀ ਦੀ ਦਾਦ ਦੇਣੀ ਬਣਦੀ, ਰੱਬ ਉੱਤੇ ਰੱਖਕੇ ਡੋਰੀ,ਕਿਵੇਂ ਮੁਕਾਬਲਾ ਕਰਦੇ।ਦੁਸ਼ਮਣਾਂ ਦੇ ਆਹੂ ਲਾਹ ਲਾਹ ਧਰਦੇ। ਇਰਾਨ ਦੇ ਗਵਾਂਢੀ ਮੁਲਕਾਂ ਨੂੰ ਵੀ, ਲਾਲਚ ਦੇ ਕੇ ਅਮਰੀਕਾ ਨੇ ਆਪਣੇ ਨਾਲ ਰਲਾਇਆ। ਤੁਰਕੀ ਅਤੇ ਖਾੜੀ ਦੇਸ਼ਾਂ ਨੇ, ਬਿਪਤਾ ਵਿੱਚ ਦੁਸ਼ਮਣ ਦਾ ਸਾਥ ਨਿਭਾਇਆ। ਕਈ ਵਾਰ ਟਰੰਪ, ਗੱਲਬਾਤ ਦਾ ਵਾਅਦਾ ਕਰਕੇ, ਜੁਬਾਨ ਤੋਂ ਮੁੱਕਰਿਆ।ਸਾਰੇ ਪਾਸਿਉਂ ਖਤਮ ਹੋਣ ਦੇ ਬਾਵਜੂਦ, ਇਰਾਨ ਅਪਣੀ ਖ਼ਾਕ ਵਿੱਚੋਂ, ਡਾਇਨਾਸੋਰ ਵਾਂਗੂੰ ਨਿਕਲਿਆ ਜ਼ਿੰਦਾ। ਧਗੜਾ, ਅਪਣੀਆਂ ਗਲਤੀਆਂ ਦੇ ਬਾਵਜੂਦ ਵੀ ਬੋਲਣ ਨਹੀਂ ਦਿੰਦਾ।



**ਅਮਰਜੀਤ ਸਿੰਘ ਤੂਰ ਪਿੰਡ ਕੁਲਬੁਰਛਾਂਜ਼ਿਲਾ ਪਟਿਆਲਾ। ਹਾਲ-ਆਬਾਦ #639/40ਏ, ਚੰਡੀਗੜ੍ਹ**
**ਫੋਨ ਨੰਬਰ : 9878469639**

# ਪਿੰਡ ਨੰਗਲ ਕਲਾਂ ਵਿਖੇ ਲਗਾਇਆ ਵਿਸ਼ੇਸ਼ ਕੈਂਪ; ਬਜ਼ੁਰਗਾਂ ਦੀਆਂ ਅੱਖਾਂ ਦੀ ਜਾਂਚ ਤੋਂ ਬਾਅਦ ਮੁਫ਼ਤ ਦਵਾਈਆਂ ਤੇ ਐਨਕਾਂ ਵੰਡੀਆਂ

**ਮਾਨਸਾ, 20 ਜੁਲਾਈ ( )** ਸਿਹਤ ਵਿਭਾਗ ਅਤੇ ਦਫ਼ਤਰ ਸਿਵਲ ਸਰਜਨ ਮਾਨਸਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹੇ ਦੇ ਪੇਂਡੂ ਖੇਤਰਾਂ ਵਿੱਚ ਬਜ਼ੁਰਗਾਂ ਦੀਆਂ ਅੱਖਾਂ ਦੀ ਸਕ੍ਰੀਨਿੰਗ ਕਰਨ ਅਤੇ ਲੋੜਵੰਦਾਂ ਨੂੰ ਦਵਾਈਆਂ ਅਤੇ ਐਨਕਾਂ ਦੀ ਵੰਡ ਕਰਨ ਸਬੰਧੀ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਦੇ ਅਧੀਨ ਅੱਜ ਪਿੰਡ ਨੰਗਲ ਕਲਾਂ ਵਿਖੇ ਇੱਕ ਰੋਜ਼ਾ ਮੁਫ਼ਤ ਅੱਖਾਂ ਦੇ ਚੈੱਕਅਪ ਅਤੇ ਐਨਕਾਂ ਦੀ ਵੰਡ ਦਾ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਹ ਕੈਂਪ ਸਿਵਲ ਸਰਜਨ ਮਾਨਸਾ ਡਾ. ਰਣਜੀਤ ਸਿੰਘ ਰਾਏ ਅਤੇ ਸੀਨੀਅਰ ਮੈਡੀਕਲ ਅਫ਼ਸਰ ਖਿਆਲਾ ਕਲਾਂ ਦੀ ਯੋਗ ਦੇਖਰੇਖ ਅਤੇ ਅਗਵਾਈ ਹੇਠ ਸਫਲਤਾਪੂਰਵਕ ਨੇਪਰੇ ਚੜ੍ਹਿਆ, ਜਿਸ ਵਿੱਚ ਵੱਡੀ ਗਿਣਤੀ 'ਚ ਪਿੰਡ ਦੇ ਲੋਕਾਂ ਨੇ ਸ਼ਮੂਲੀਅਤ ਕੀਤੀ। ਇਸ ਕੈਂਪ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੀ ਸਿਹਤ ਵਿਭਾਗ ਦੇ ਮਾਹਰਾਂ ਦੀ ਟੀਮ, ਜਿਸ ਵਿੱਚ ਨੋਡਲ ਅਫ਼ਸਰ ਡਾ. ਨੇਹਾ, ਅਪਥਾਲਮਿਕ ਅਫ਼ਸਰ ਅਭੀਸੇਕ ਗਰਗ ਅਤੇ ਆਈ ਸਰਜਨ ਡਾ. ਅਮਨਦੀਪ ਅਰੋੜਾ ਸ਼ਾਮਲ ਸਨ, ਉਨ੍ਹਾਂ ਵੱਲੋਂ ਕੈਂਪ ਵਿੱਚ ਪਹੁੰਚੇ ਸਾਰੇ ਮਰੀਜ਼ਾਂ ਅਤੇ ਖਾਸ ਕਰਕੇ ਬਜ਼ੁਰਗਾਂ ਦੀਆਂ ਅੱਖਾਂ ਦਾ ਆਧੁਨਿਕ ਤਕਨੀਕ ਨਾਲ ਬਾਰੀਕੀ ਨਾਲ ਚੈੱਕਅਪ ਕੀਤਾ ਗਿਆ।



ਜਾਂਚ ਤੋਂ ਬਾਅਦ ਲੋੜਵੰਦ ਬਜ਼ੁਰਗਾਂ ਅਤੇ ਮਰੀਜ਼ਾਂ ਨੂੰ ਸਿਹਤ ਵਿਭਾਗ ਵੱਲੋਂ ਮੌਕੇ 'ਤੇ ਹੀ ਮੁਫ਼ਤ ਦਵਾਈਆਂ ਅਤੇ ਐਨਕਾਂ ਮੁਹੱਈਆ ਕਰਵਾਈਆਂ ਗਈਆਂ, ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ 'ਤੇ ਇਲਾਜ ਦਾ ਕੋਈ ਬੋਝ ਨਾ ਪਵੇ। ਡਾਕਟਰਾਂ ਨੇ ਦੱਸਿਆ ਕਿ ਵਧ ਰਹੀ ਉਮਰ ਦੇ ਨਾਲ ਅੱਖਾਂ ਦੀ ਨਿਗ੍ਹਾ ਕਮਜ਼ੋਰ ਹੋਣਾ ਇੱਕ ਆਮ ਸਮੱਸਿਆ ਹੈ ਅਤੇ ਸਮੇਂ ਸਿਰ ਸਹੀ ਐਨਕ ਅਤੇ ਦਵਾਈਆਂ ਮਿਲਣ ਨਾਲ ਬਜ਼ੁਰਗਾਂ ਦਾ ਜੀਵਨ ਬਹੁਤ ਸੌਖਾ ਹੋ ਜਾਂਦਾ ਹੈ। ਇਸ ਦੇ ਨਾਲ ਹੀ ਜਿਨ੍ਹਾਂ ਮਰੀਜ਼ਾਂ ਦੀਆਂ ਅੱਖਾਂ ਵਿੱਚ ਚਿੱਟੇ ਮੋਤੀਏ ਦੀ ਸ਼ਿਕਾਇਤ ਪਾਈ ਗਈ, ਉਨ੍ਹਾਂ ਨੂੰ ਅਗਲੇ ਮੁਫ਼ਤ ਇਲਾਜ ਅਤੇ ਆਪ੍ਰੇਸ਼ਨ ਲਈ ਸਰਕਾਰੀ ਹਸਪਤਾਲ ਵਿਖੇ ਆਉਣ ਦੀ ਸਲਾਹ ਦਿੱਤੀ ਗਈ। ਇਸ ਵਿਸ਼ੇਸ਼ ਮੌਕੇ ਸਿਹਤ ਵਿਭਾਗ ਦੇ ਗੌਰਵ (ਬਲਾਕ ਐਜੂਕੇਟਰ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਜਨ-ਕਲਿਆਣਕਾਰੀ ਸਿਹਤ ਸਕੀਮਾਂ ਬਾਰੇ ਵਿਸਤਾਰਪੂਰਵਕ ਜਾਣਕਾਰੀ ਦਿੱਤੀ। ਸਿਹਤ ਕਰਮਚਾਰੀ ਚਾਨਣ ਦੀਪ ਸਿੰਘ ਨੇ ਹਾਜ਼ਰ ਲੋਕਾਂ ਨੂੰ ਅੱਖਾਂ ਦੀ ਸਾਂਭ-ਸੰਭਾਲ, ਖ਼ੁਰਾਕ ਵਿੱਚ ਹਰੀਆਂ ਸਬਜ਼ੀਆਂ ਦੀ ਵਰਤੋਂ ਅਤੇ ਮੌਸਮੀ ਬਿਮਾਰੀਆਂ ਤੋਂ ਬਚਾਅ ਸਬੰਧੀ ਜਾਗਰੂਕ ਵੀ ਕੀਤਾ ਗਿਆ। ਕੈਂਪ ਨੂੰ ਸਫ਼ਲ ਬਣਾਉਣ ਵਿੱਚ ਏ.ਐਨ.ਐਮ. ਅਮਰਜੀਤ ਕੌਰ, ਏ.ਐਨ.ਐਮ ਹਰਜੀਤ ਕੌਰ, ਆਸ਼ਾ ਫੈਸਲੀਟੇਟਰ ਸਰਬਜੀਤ ਕੌਰ ਅਤੇ ਸਮੂਹ ਆਸ਼ਾ ਵਰਕਰਾਂ ਨੇ ਅਹਿਮ ਭੂਮਿਕਾ ਨਿਭਾਈ।

ਇਸ ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਆਮ ਲੋਕ, ਪਿੰਡ ਦੀ ਪੰਚਾਇਤ ਅਤੇ ਮੋਹਤਬਰ ਵਿਅਕਤੀ ਹਾਜ਼ਰ ਸਨ, ਜਿਨ੍ਹਾਂ ਨੇ ਸਿਹਤ ਵਿਭਾਗ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਮੁਫ਼ਤ ਕੈਂਪ ਪੇਂਡੂ ਖੇਤਰਾਂ ਦੇ ਲੋੜਵੰਦ ਲੋਕਾਂ ਲਈ ਵਰਦਾਨ ਸਾਬਤ ਹੁੰਦੇ ਹਨ।

# ਸੀਨੀਅਰ ਭਾਜਪਾ ਆਗੂ ਸੰਦੀਪ ਸੋਨੂੰ ਭਾਟੀਆ ਨੇ ਮਾਤਾ ਗੁਰਾਂ ਦੇਵੀ ਪਨੇਸਰ ਦੇ ਦਿਹਾਂਤ 'ਤੇ ਪਰਿਵਾਰ ਨਾਲ ਪ੍ਰਗਟਾਇਆ ਡੂੰਘਾ ਦੁੱਖ

**ਬਲਾਚੌਰ, 20 ਜੁਲਾਈ (ਜਤਿੰਦਰਪਾਲ ਸਿੰਘ ਕਲੇਰ):** ਸੀਨੀਅਰ ਭਾਜਪਾ ਆਗੂ ਸੰਦੀਪ ਸੋਨੂੰ ਭਾਟੀਆ ਨੇ ਅੱਜ ਬਲਾਚੌਰ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਡਾ. ਸਤਨਾਮ ਪਨੇਸਰ ਅਤੇ ਬਾਬਾ ਵਿਸ਼ਵਕਰਮਾ ਮੰਦਰ ਕਮੇਟੀ ਬਲਾਚੌਰ ਦੇ ਪ੍ਰਧਾਨ ਸੁਰਿੰਦਰ ਕੁਮਾਰ ਪਨੇਸਰ ਦੇ ਗ੍ਰਹਿ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਉਨ੍ਹਾਂ ਦੇ ਮਾਤਾ ਜੀ, ਸਵਰਗੀ ਮਾਤਾ ਗੁਰਾਂ ਦੇਵੀ ਪਨੇਸਰ (95) ਦੇ ਅਕਾਲ ਚਲਾਣਾ ਕਰ ਜਾਣ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।



ਮਾਤਾ ਗੁਰਾਂ ਦੇਵੀ ਪਨੇਸਰ, ਜੋ ਕਿ ਸਵਰਗੀ ਡਾ. ਅਮਰਚੰਦ ਪਨੇਸਰ ਦੇ ਧਰਮਪਤਨੀ ਸਨ, ਬੀਤੇ ਦਿਨੀਂ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਵਿਰਾਜੇ ਸਨ। ਇਸ ਮੌਕੇ 'ਤੇ ਸੰਦੀਪ ਸੋਨੂੰ ਭਾਟੀਆ ਨੇ ਪਰਿਵਾਰਕ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਮਾਤਾ ਜੀ ਦਾ ਇਸ ਸੰਸਾਰ ਤੋਂ ਵਿਛੋੜਾ ਪਰਿਵਾਰ ਲਈ ਇੱਕ ਨਾ ਪੂਰਿਆ ਜਾਣ ਵਾਲਾ ਘਾਟਾ ਹੈ। ਉਨ੍ਹਾਂ ਅਫ਼ਸੋਸ ਜ਼ਾਹਰ ਕਰਦਿਆਂ ਕਿਹਾ ਕਿ ਮਾਤਾ ਜੀ ਦੇ ਜਾਣ ਨਾਲ ਉਨ੍ਹਾਂ ਦੇ ਬੱਚਿਆਂ, ਪਰਿਵਾਰ ਅਤੇ ਰਿਸ਼ਤੇਦਾਰਾਂ ਲਈ ਜੋ ਖਲਾਅ ਪੈਦਾ ਹੋਇਆ ਹੈ, ਉਸ ਨੂੰ ਭਰਨਾ ਅਸੰਭਵ ਹੈ। ਸੰਦੀਪ ਸੋਨੂੰ ਭਾਟੀਆ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

# ਗੁਰਦੁਆਰਾ ਗੁਰੂ ਗ੍ਰੰਥ ਸਾਹਿਬ ਗਲਾਸਗੋ ਵਿਖੇ ਸੰਗਤ ਨੂੰ ਦਿਖਾਈ ਗਈ ਫ਼ਿਲਮ 'ਸਤਲੁਜ'

**ਯੂ ਕੇ ਗਲਾਸਗੋ, (ਹਰਜਿੰਦਰ ਪਾਲ ਛਾਬੜਾ)**

ਗਲਾਸਗੋ ਦੇ ਗੁਰਦੁਆਰਾ ਗੁਰੂ ਗ੍ਰੰਥ ਸਾਹਿਬ ਵਿਖੇ ਮਨੁੱਖੀ ਅਧਿਕਾਰਾਂ ਦੇ ਨਿਡਰ ਰਾਖੇ ਅਤੇ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ ਸੰਘਰਸ਼ 'ਤੇ ਆਧਾਰਿਤ ਫ਼ਿਲਮ 'ਸਤਲੁਜ' ਦਾ ਵਿਸ਼ੇਸ਼ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦਾ ਲੰਗਰ ਹਾਲ ਸੰਗਤਾਂ ਨਾਲ ਖਚਾਖਚ ਭਰਿਆ ਹੋਇਆ ਸੀ ਅਤੇ ਹਰ ਉਮਰ ਦੇ ਦਰਸ਼ਕਾਂ ਨੇ ਬੜੀ ਗੰਭੀਰਤਾ ਅਤੇ ਭਾਵੁਕਤਾ ਨਾਲ ਫ਼ਿਲਮ ਨੂੰ ਦੇਖਿਆ। ਫ਼ਿਲਮ ਵਿੱਚ ਭਾਈ ਜਸਵੰਤ ਸਿੰਘ ਖਾਲੜਾ ਵੱਲੋਂ ਪੰਜਾਬ ਵਿੱਚ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਕੀਤੇ ਗਏ ਇਤਿਹਾਸਕ ਸੰਘਰਸ਼, ਬੇਕਸੂਰ ਨੌਜਵਾਨਾਂ ਦੇ ਲਾਪਤਾ ਹੋਣ ਅਤੇ ਝੂਠੇ ਪੁਲਿਸ ਮੁਕਾਬਲਿਆਂ ਦਾ ਪਰਦਾਫ਼ਾਸ਼ ਕਰਨ ਲਈ ਦਿੱਤੀ ਗਈ ਮਹਾਨ ਕੁਰਬਾਨੀ ਨੂੰ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਫ਼ਿਲਮ ਦੌਰਾਨ ਹਾਲ ਵਿੱਚ ਡੂੰਘੀ ਖਾਮੋਸ਼ੀ ਰਹੀ ਅਤੇ ਕਈ ਦਰਸ਼ਕ ਭਾਵੁਕ ਵੀ ਨਜ਼ਰ ਆਏ। ਫਿਲਮ ਦੀ ਸਕ੍ਰੀਨਿੰਗ ਦੌਰਾਨ ਵੱਡੀ ਗਿਣਤੀ ਵਿੱਚ ਪਰਿਵਾਰਾਂ, ਨੌਜਵਾਨਾਂ, ਬਜ਼ੁਰਗਾਂ ਅਤੇ ਬੱਚਿਆਂ ਨੇ ਸ਼ਮੂਲੀਅਤ ਕੀਤੀ।





ਹਾਜ਼ਰ ਸੰਗਤ ਨੇ ਕਿਹਾ ਕਿ ਅਜਿਹੀਆਂ ਫ਼ਿਲਮਾਂ ਨਵੀਂ ਪੀੜ੍ਹੀ ਨੂੰ ਆਪਣੇ ਇਤਿਹਾਸ, ਮਨੁੱਖੀ ਅਧਿਕਾਰਾਂ ਦੀ ਅਹਿਮੀਅਤ ਅਤੇ ਸੱਚ ਲਈ ਡਟ ਕੇ ਖੜ੍ਹੇ ਰਹਿਣ ਦੀ ਪ੍ਰੇਰਣਾ ਦਿੰਦੀਆਂ ਹਨ। ਅੰਤ ਵਿੱਚ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਈ ਜਸਵੰਤ ਸਿੰਘ ਖਾਲੜਾ ਵਰਗੇ ਮਹਾਨ ਸ਼ਹੀਦਾਂ ਦੀ ਸੋਚ ਅਤੇ ਕੁਰਬਾਨੀ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅਜਿਹੇ ਇਤਿਹਾਸਕ ਅਤੇ ਜਾਗਰੂਕਤਾ ਭਰੇ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰੱਖੇ ਜਾਣਗੇ।

# ਮੀਟਿੰਗ ਵਿੱਚ ਇਕਾਈ ਮੈਂਬਰਾਂ ਨੇ ਮਾਸਟਰ ਪਰਮਵੇਦ ਨਾਲ ਦੁਖ ਸਾਂਝਾ ਕੀਤਾ

## ● ਤਰਕਸ਼ੀਲ ਮੈਗਜ਼ੀਨ ਦਾ ਜੁਲਾਈ- ਅਗਸਤ ਅੰਕ ਲੋਕ ਅਰਪਣ ਕੀਤਾ - ਸੁਰਿੰਦਰ ਪਾਲ ● ਵਿਗਿਆਨਕ ਸੋਚ ਵਖਤ ਦੀ ਮੁੱਖ ਲੋੜ-ਤਰਕਸ਼ੀਲ

**ਸੰਗਰੂਰ**

ਲੋਕਾਂ ਦਾ ਸੋਚਣ ਢੰਗ ਵਿਗਿਆਨਿਕ ਬਣਾਉਣ ਲਈ ਯਤਨਸ਼ੀਲ ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਦੀ ਇਕੱਤਰਤਾ ਇਕਾਈ ਮੁਖੀ ਸੁਰਿੰਦਰ ਪਾਲ ਦੀ ਪ੍ਰਧਾਨਗੀ ਤੇ ਜੋਨ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਦੀ ਨਿਗਰਾਨੀ ਵਿੱਚ ਸੰਗਰੂਰ ਵਿਖੇ ਹੋਈ । ਇਕਾਈ ਮੀਡੀਆ ਮੁਖੀ ਪ੍ਰਗਟ ਸਿੰਘ ਬਾਲੀਆਂ ਤੇ ਜੋਨ ਮੀਡੀਆ ਮੁਖੀ ਸੀਤਾ ਰਾਮ ਬਾਲਦ ਕਲਾਂ ਨੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਮੀਟਿੰਗ ਵਿੱਚ ਸਭ ਤੋਂ ਪਹਿਲਾਂ ਜੋਨ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਦੇ ਵੱਡੇ ਭਰਾ (ਸਾਂਢੂ) ਪਵਨ ਕੁਮਾਰ ਕਨੋਈ ਵਾਲੇ ਦੀ ਬੇਵਕਤੀ ਮੌਤ ਤੇ ਡੂੰਘਾ ਦੁੱਖ ਪ੍ਰਗਟ ਕੀਤਾ ਗਿਆ ਤੇ ਪਰਿਵਾਰ ਦੇ ਗਮ ਵਿਚ ਸ਼ਮੂਲੀਅਤ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ ਗਈ। ਮੀਟਿੰਗ ਵਿੱਚ ਤਰਕਸ਼ੀਲ ਮੈਗਜ਼ੀਨ ਦਾ ਜੁਲਾਈ- ਅਗਸਤ ਅੰਕ ਲੋਕ ਅਰਪਣ ਕੀਤਾ ਗਿਆ,31 ਜੁਲਾਈ ਨੂੰ ਸਿਖਿਆ ਵਿਭਾਗ ਤੋਂ ਸੇਵਾ ਮੁਕਤ ਹੋ ਰਹੇ ਇਕਾਈ ਦੇ ਵਿੱਤ ਮੁਖੀ ਕ੍ਰਿਸ਼ਨ ਸਿੰਘ ਦੁੱਗਾਂ ਨੂੰ ਸਨਮਾਨਿਤ ਕਰਨ ਦਾ ਫੈਸਲਾ ਕੀਤਾ ਗਿਆ।

ਉਸ ਤੋਂ ਬਾਅਦ ਮਾਸਟਰ ਪਰਮਵੇਦ ਨੇ ਜ਼ੋਨ ਦੀ ਮੀਟਿੰਗ ਦੀ ਰਿਪੋਰਟਿੰਗ ਕਰਦਿਆਂ ਦੱਸਿਆ ਕਿ ਸੂਬਾ ਕਮੇਟੀ





ਦੇ ਫ਼ੈਸਲੇ ਅਨੁਸਾਰ ਅਗਸਤ ਮਹੀਨੇ ਕੌਮੀ ਤਰਕਸ਼ੀਲ ਆਗੂ ਨਰਿੰਦਰ ਦਭੋਲਕਰ ਦਾ ਸ਼ਹੀਦੀ ਦਿਹਾੜਾ,ਸਤੰਬਰ ਵਿੱਚ ਸ਼ਹੀਦੇ ਆਜ਼ਮ ਭਗਤ ਸਿੰਘ ਦਾ ਜਨਮਦਿਨ ਤੇ ਨਵੰਬਰ ਮਹੀਨੇ ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਹਾੜਾ ਮਨਾਉਣ ਦਾ ਫੈਸਲਾ ਹੋਇਆ ਹੈ। ਆਗੂਆਂ ਦੱਸਿਆ ਕਿ ਸਥਾਨਕ ਇਕਾਈ ਨੇ ਇਹ ਦਿਨ ਮਨਾਉਣ ਦਾ ਫ਼ੈਸਲਾ ਕੀਤਾ।

ਮੀਟਿੰਗ ਵਿੱਚ ਸੋਸ਼ਲ ਮੀਡੀਆ ਨੂੰ ਵਰਤਣ ਦੇ ਨੁਕਤੇ ਵੀ ਸਾਂਝੇ ਕੀਤੇ ਗਏ। ਮੀਟਿੰਗ ਵਿੱਚ ਗੁਰਦੀਪ ਸਿੰਘ ਲਹਿਰਾ, ਪ੍ਰਗਟ ਸਿੰਘ, ਸੁਰਿੰਦਰ ਪਾਲ, ਲੈਕਚਰਾਰ ਕ੍ਰਿਸ਼ਨ ਸਿੰਘ, ਮਾਸਟਰ ਗੁਰਜੰਟ ਸਿੰਘ

ਤਰਕਸ਼ੀਲਾਂ ਨੇ ਲੋਕਾਂ ਨੂੰ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ ਤੇ ਵੇਲਾ ਵਿਹਾਅ ਚੁੱਕੀਆਂ ਰਸਮਾਂ ਦੇ ਹਨੇਰੇ ਵਿਚੋਂ ਨਿਕਲ ਕੇ ਵਿਗਿਆਨਕ ਸੋਚ ਦੇ ਚਾਨਣ ਵਿੱਚ ਆਉਣ ਦਾ ਸੁਨ- ੇਹਾ ਦਿੱਤਾ। ਉਨ੍ਹਾਂ ਕਿਹਾ ਕਿ ਵਿਗਿਆਨਕ ਸੋਚ ਵਖਤ ਦੀ ਮੁੱਖ ਲੋੜ ਹੈ।

**ਮਾਸਟਰ ਪਰਮਵੇਦ**
**ਜ਼ੋਨ ਜਥੇਬੰਦਕ ਮੁਖੀ**
**9417422349**

# ਬਰਤਾਨੀਆ ਦੇ 'ਲਾਟਰੀ ਵੀਜ਼ਾ' ਲਈ ਅੱਜ ਖੁੱਲ੍ਹੇਗੀ ਆਖ਼ਰੀ ਬੈਲਟ, ਭਾਰਤੀ ਨੌਜਵਾਨਾਂ ਕੋਲ ਦੋ ਸਾਲ ਲਈ ਯੂਕੇ ਆ ਕੇ ਕੰਮ ਅਤੇ ਪੜ੍ਹਾਈ ਕਰਨ ਦਾ ਸੁਨਹਿਰੀ ਮੌਕਾ

## 21 ਤੋਂ 23 ਜੁਲਾਈ ਤੱਕ ਮੁਫ਼ਤ ਹੋਵੇਗੀ ਆਨਲਾਈਨ ਐਂਟਰੀ, ਚੁਣੇ ਗਏ ਉਮੀਦਵਾਰਾਂ ਨੂੰ ਮਿਲੇਗਾ ਵੀਜ਼ੇ ਲਈ ਅਰਜ਼ੀ ਦਾ ਸੱਦਾ

**ਲੈਸਟਰ(ਇੰਗਲੈਂਡ),, 20 ਜੁਲਾਈ (ਸੁਖਜਿੰਦਰ ਸਿੰਘ ਢੱਡੇ)** - ਬਰਤਾਨੀਆ ਵਿੱਚ ਪੜ੍ਹਾਈ, ਰੁਜ਼ਗਾਰ ਅਤੇ ਅੰਤਰਰਾਸ਼ਟਰੀ ਤਜਰਬਾ ਹਾਸਲ ਕਰਨ ਦੇ ਇੱਛੁਕ ਭਾਰਤੀ ਨੌਜਵਾਨਾਂ ਲਈ ਅੱਜ ਤੋਂ ਇੱਕ ਵੱਡਾ ਮੌਕਾ ਖੁੱਲ੍ਹਣ ਜਾ ਰਿਹਾ ਹੈ। ਬਰਤਾਨੀਆ ਸਰਕਾਰ ਵੱਲੋਂ ਇੰਡੀਆ ਯੰਗ ਪ੍ਰੋਫੈਸ਼ਨਲਜ਼ ਸਕੀਮ (Inida Young Profesisonals Scheme) ਤਹਿਤ ਸਾਲ 2026 ਦੀ ਦੂਜੀ ਅਤੇ ਆਖ਼ਰੀ ਬੈਲਟ 21 ਜੁਲਾਈ ਤੋਂ ਸ਼ੁਰੂ ਕੀਤੀ ਜਾ ਰਹੀ ਹੈ। ਆਮ ਬੋਲਚਾਲ ਵਿੱਚ ਇਸ ਨੂੰ "ਲਾਟਰੀ ਵੀਜ਼ਾ" ਕਿਹਾ ਜਾਂਦਾ ਹੈ, ਕਿਉਂਕਿ ਯੋਗ ਉਮੀਦਵਾਰਾਂ ਦੀ ਚੋਣ ਕੰਪਿਊਟਰ ਰਾਹੀਂ ਰੈਂਡਮ ਡਰਾਅ (ਲਾਟਰੀ) ਰਾਹੀਂ ਕੀਤੀ ਜਾਂਦੀ ਹੈ।

ਬਰਤਾਨੀਆ ਦੇ ਗ੍ਰਹਿ ਵਿਭਾਗ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਇਹ ਬੈਲਟ 21 ਜੁਲਾਈ ਨੂੰ ਭਾਰਤੀ ਸਮੇਂ ਅਨੁਸਾਰ ਦੁਪਹਿਰ 1.30 ਵਜੇ ਖੁੱਲ੍ਹੇਗੀ ਅਤੇ 23 ਜੁਲਾਈ ਨੂੰ ਦੁਪਹਿਰ 1.30 ਵਜੇ ਬੰਦ ਹੋ ਜਾਵੇਗੀ। ਉਮੀਦਵਾਰ ਇਸ 48 ਘੰਟਿਆਂ ਦੀ ਮਿਆਦ ਦੌਰਾਨ ਕਿਸੇ ਵੀ ਸਮੇਂ ਆਪਣੀ ਐਂਟਰੀ ਜਮ੍ਹਾਂ ਕਰਵਾ ਸਕਦੇ ਹਨ।

ਬੈਲਟ ਵਿੱਚ ਹਿੱਸਾ ਲੈਣ ਲਈ ਕੋਈ ਫੀਸ ਨਹੀਂ ਲਈ ਜਾਵੇਗੀ ਅਤੇ ਇੱਕ ਵਿਅਕਤੀ ਸਿਰਫ਼ ਇੱਕ ਹੀ ਐਂਟਰੀ ਭੇਜ ਸਕੇਗਾ। ਇੱਕ ਤੋਂ ਵੱਧ ਐਂਟਰੀਆਂ ਆਪਣੇ ਆਪ ਰੱਦ ਕਰ ਦਿੱਤੀਆਂ ਜਾਣਗੀਆਂ।

ਇਹ ਸਕੀਮ ਭਾਰਤ ਅਤੇ ਬਰਤਾਨੀਆ ਵਿਚਾਲੇ ਹੋਏ ਮਾਈਗ੍ਰੇਸ਼ਨ ਅਤੇ ਮੋਬਿਲਿਟੀ ਸਮਝੌਤੇ ਤਹਿਤ ਚਲਾਈ ਜਾ ਰਹੀ ਹੈ। ਇਸ ਤਹਿਤ 18 ਤੋਂ 30 ਸਾਲ ਦੀ ਉਮਰ ਦੇ ਯੋਗ ਭਾਰਤੀ ਨਾਗਰਿਕਾਂ ਨੂੰ ਬਿਨਾਂ ਪਹਿਲਾਂ ਨੌਕਰੀ ਹਾਸਲ ਕੀਤੇ ਬਰਤਾਨੀਆ ਵਿੱਚ ਦੋ ਸਾਲ ਤੱਕ ਰਹਿਣ, ਨੌਕਰੀ ਕਰਨ, ਪੜ੍ਹਾਈ ਕਰਨ ਅਤੇ ਯਾਤਰਾ ਕਰਨ ਦਾ ਮੌਕਾ ਮਿਲਦਾ ਹੈ। ਹਾਲਾਂਕਿ ਇਸ ਲਈ ਉਮੀਦਵਾਰ ਦਾ ਨਿਰਧਾਰਤ ਵਿਦਿਅਕ ਯੋਗਤਾ ਪੂਰੀ ਕਰਨਾ, ਅੰਗਰੇਜ਼ੀ ਭਾਸ਼ਾ ਦੀ ਸ਼ਰਤ 'ਤੇ ਖਰਾ ਉਤਰਨਾ ਅਤੇ ਆਪਣੇ ਖ਼ਰਚੇ ਲਈ ਲੋੜੀਂਦੀ ਰਕਮ ਹੋਣਾ ਲਾਜ਼ਮੀ ਹੈ।

ਸਰਕਾਰ ਨੇ ਸਾਲ 2026 ਲਈ ਕੁੱਲ 3,000 ਵੀਜ਼ਾ ਸਥਾਨ ਨਿਰਧਾਰਤ ਕੀਤੇ ਹਨ। ਇਨ੍ਹਾਂ ਵਿੱਚੋਂ ਵੱਡੀ ਗਿਣਤੀ ਫਰਵਰੀ ਮਹੀਨੇ ਵਿੱਚ ਹੋਈ ਪਹਿਲੀ ਬੈਲਟ ਰਾਹੀਂ ਭਰੀ ਜਾ ਚੁੱਕੀ ਹੈ, ਜਦਕਿ ਬਾਕੀ ਸਥਾਨ ਹੁਣ ਜੁਲਾਈ ਦੀ ਇਸ ਆਖ਼ਰੀ ਬੈਲਟ ਰਾਹੀਂ ਭਰੇ ਜਾਣਗੇ। ਇਸ ਕਾਰਨ ਇਹ ਉਨ੍ਹਾਂ ਨੌਜਵਾਨਾਂ ਲਈ ਸਾਲ ਦਾ ਆਖ਼ਰੀ ਮੌਕਾ ਹੈ ਜੋ ਪਹਿਲੀ ਬੈਲਟ ਵਿੱਚ ਸਫ਼ਲ ਨਹੀਂ ਹੋ ਸਕੇ ਜਾਂ ਹੁਣ ਪਹਿਲੀ ਵਾਰ ਅਰਜ਼ੀ ਦੇਣਾ ਚਾਹੁੰਦੇ ਹਨ।ਬੈਲਟ ਵਿੱਚ ਸ਼ਾਮਲ ਹੋਣ ਲਈ ਉਮੀਦਵਾਰ ਨੂੰ ਆਪਣਾ ਨਾਮ, ਜਨਮ ਮਿਤੀ, ਪਾਸਪੋਰਟ ਦਾ ਵੇਰਵਾ, ਪਾਸਪੋਰਟ ਦੀ ਸਕੈਨ ਕਾਪੀ, ਮੋਬਾਈਲ ਨੰਬਰ ਅਤੇ ਈ-ਮੇਲ ਪਤਾ ਦਰਜ ਕਰਨਾ ਹੋਵੇਗਾ। ਬੈਲਟ ਬੰਦ ਹੋਣ ਤੋਂ ਲਗਭਗ ਦੋ ਹਫ਼ਤਿਆਂ ਦੇ ਅੰਦਰ ਚੁਣੇ ਅਤੇ ਨਾ-ਚੁਣੇ ਗਏ ਸਾਰੇ ਉਮੀਦਵਾਰਾਂ ਨੂੰ ਈ-ਮੇਲ ਰਾਹੀਂ ਨਤੀਜੇ ਭੇਜੇ ਜਾਣਗੇ। ਜਿਨ੍ਹਾਂ ਦਾ ਨਾਮ ਚੁਣਿਆ ਜਾਵੇਗਾ, ਉਨ੍ਹਾਂ ਨੂੰ 90 ਦਿਨਾਂ ਦੇ ਅੰਦਰ ਵੀਜ਼ੇ ਲਈ ਆਨਲਾਈਨ ਅਰਜ਼ੀ ਦੇਣੀ



ਹੋਵੇਗੀ, ਵੀਜ਼ਾ ਫੀਸ ਅਤੇ ਇਮੀਗ੍ਰੇਸ਼ਨ ਹੈਲਥ ਸਰਚਾਰਜ ਅਦਾ ਕਰਨਾ ਹੋਵੇਗਾ ਅਤੇ ਬਾਇਓਮੈਟ੍ਰਿਕ ਕਾਰਵਾਈ ਪੂਰੀ ਕਰਨੀ ਪਵੇਗੀ।

ਇਮੀਗ੍ਰੇਸ਼ਨ ਮਾਹਿਰਾਂ ਨੇ ਨੌਜਵਾਨਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਸਿਰਫ਼ ਬਰਤਾਨੀਆ ਸਰਕਾਰ ਦੀ ਅਧਿਕਾਰਤ ਵੈੱਬਸਾਈਟ ਰਾਹੀਂ ਹੀ ਆਪਣੀ ਐਂਟਰੀ ਜਮ੍ਹਾਂ ਕਰਵਾਉਣ ਅਤੇ ਕਿਸੇ ਵੀ ਏਜੰਟ ਜਾਂ ਦਲਾਲ ਦੇ ਝਾਂਸੇ ਵਿੱਚ ਨਾ ਆਉਣ। ਉਨ੍ਹਾਂ ਨੇ ਕਿਹਾ ਕਿ ਬੈਲਟ ਵਿੱਚ ਦਾਖ਼ਲਾ ਪੂਰੀ ਤਰ੍ਹਾਂ ਮੁਫ਼ਤ ਹੈ ਅਤੇ ਕਿਸੇ ਨੂੰ ਵੀ ਚੋਣ ਦੀ ਗਾਰੰਟੀ ਦੇਣ ਦਾ ਅਧਿਕਾਰ ਨਹੀਂ। ਚੋਣ ਸਿਰਫ਼ ਰੈਂਡਮ ਡਰਾਅ ਰਾਹੀਂ ਹੀ ਕੀਤੀ ਜਾਂਦੀ ਹੈ, ਇਸ ਲਈ ਕਿਸੇ ਵੀ ਝੂਠੇ ਦਾਅਵੇ ਤੋਂ ਸੁਚੇਤ ਰਹਿਣ ਦੀ ਲੋੜ ਹੈ।

# ਸਿੱਧ ਬਾਬਾ ਜੰਬੂ ਜੀਤ ਮਹਾਰਾਜ ਜੀ ਦੇ ਪ੍ਰਗਟ ਦਿਵਸ ਮਹਾਂਉਤਸਵ ਤੇ ਪਿੰਡ ਭੂਰੀਵਾਲੇ ਮਾਲੇਵਾਲ ਵਿਖੇ ਚੱਲ ਰਹੇ ਤਿੰਨ ਰੋਜ਼ਾ ਸਲਾਨਾ ਸੰਤ ਸਮਾਗਮ ਸਮਾਪਤ

## ਸਲਾਨਾ ਸਮਾਗਮ ਦੌਰਾਨ ਮੈਂਬਰ ਪਾਰਲੀਮੈਂਟ ਸਰਦਾਰ ਮਾਲਵਿੰਦਰ ਸਿੰਘ ਕੰਗ ਤੇ ਹਲਕਾ ਵਿਧਾਇਕ ਸ਼੍ਰੀਮਤੀ ਸ਼ੰਤੋਸ ਕਟਾਰੀਆ ਨੇ ਕੀਤੀ ਸ਼ਿਰਕਤ







**ਬਲਾਚੌਰ 20ਜੁਲਾਈ (ਜਤਿੰਦਰ ਪਾਲ ਸਿੰਘ ਕਲੇਰ )** ਸਿਵਾਲਿਕ ਦੀਆਂ ਪਹਾੜੀਆ ਦੇ ਵਿੱਚ ਸਥਿਤ ਸਿੱਧਪੀਠ ਸਿੱਧ ਬਾਬਾ ਜੰਬੂ ਜੀਤ ਮਹਾਰ-ਾਜ ਜੀ ਦੇ ਪ੍ਰਗਟ ਦਿਵਸ ਮਹਾਂਉਤਵ ਤੇ ਚੱਲ ਰਹੇ ਤਿੰਨ ਰੋਜ਼ਾ ਸਲਾਨਾ ਸੰਤ ਸਮਾਗਮ ਪਿੰਡ ਭੂਰੀਵਾਲੇ ਮਾਲੇਵਾਲ,ਬੂਥਗੜ੍ਹ ਝੰਡੂਪੁਰ ਤੇ ਨਿਊ ਮਾਲੇਵਾਲ ਸਮੂਹ ਮੰਦਿਰ ਕਮੇਟੀ ਦੇ ਸਹਿਯੋਗ ਸਦਕਾ ਕਰਵਾਇਆ ਗਿਆ ਤਿੰਨ ਰੋਜ਼ਾ ਸਲਾਨਾ ਸੰਤ ਸਮਾਗਮ ਕਰਵਾਇਆ ਗਿਆ ਸੰਤ ਸਮਾਗਮ ਦੇ ਅੰਨਤਿਮ ਦਿਨ ਸ੍ਰੀ ਜਗਤ ਗੁਰੂ ਅਚਾਰੀਆ ਬਾਬਾ ਗਰੀਬਦਾਸ ਜੀ ਦੀ ਅਮ੍ਰਿਤ ਬਾਣੀ ਦੇ ਆਖੰਡ ਪਾਠਾਂ ਦੇ ਭੋਗ ਸ੍ਰੀ ਸਤਿਗੁਰੂ ਭੂਰੀਵਾਲੇ ਗੁਰਗੱਦੀ ਪਰੰਪਰਾ ਗਰੀਬਦਾਸੀ ਸੰਪਰਦਾਇ ਦੇ ਮੌਜੂਦਾ ਗੱਦੀ ਨਸ਼ੀਨ ਵੇਦਾਂਤ ਅਚਾਰੀਆ ਸਵਾਮੀ ਚੇਤਨਾ ਨੰਦ ਜੀ ਮਹਾਰਾਜ ਭੂਰੀਵਾਲਿਆ ਦੇ ਵੱਲੋਂ ਵਿਦੇਸ਼ ਦੇ ਧਰਤੀ ਕਨੇਡਾ ਤੋਂ ਲਾਈਵ ਸਤਿਸੰਗ ਦੇ ਜਾਰੀਏ ਪਾਏ ਗਏ ਤੇ ਸਮਾਗਮ ਦੇ ਦੋਰਾਨ ਪਹੁੰਚੀਆਂ ਤੇ ਦੇਸ਼ ਵਿਦੇਸ਼ਾ ਵਿੱਚ ਬੈਠੀਆਂ ਸੰਗਤਾਂ ਨੂੰ ਸਿੱਧ ਬਾਬਾ ਜੰਬੂ ਜੀਤ ਜੀ ਮਹਾਰਾਜ ਜੀ ਦੇ ਸਲਾਨਾ ਪ੍ਰਗਟ ਦਿਵਸ ਮਹਾਂਉਤਸਵ ਦੀ ਵਿਧਾਈ ਦਿੰਦਿਆਂ ਕਿਹਾ ਕਿ ਸ਼ਿਵਾਲਿਕ ਦੀਆਂ ਪਹਾੜੀਆ ਦੇ ਵਿੱਚ ਬਹੁਤ ਸਾਰੇ ਸਿੱਧਪੀਠ ਮਹਾਂਪੁਰਸ਼ਾਂ ਦਾ ਵਾਸ ਹੈ ਮਹਾਰਾਜ ਭੂਰੀਵਾਲਿਆ ਨੇ ਬ੍ਰਹਮਸਰੋਵਰ ਧਾਮ ਭੂਰੀਵਾਲੇ ਮਾਲੇਵਾਲ ਦੀ ਚਰਨਛੋਹ ਧਰਤੀ ਤੇ ਆਪਣੇ ਚਰਨ ਪਾਏ ਤੇ ਲੋਕਾਂ ਭੁੱਲੇ ਭਟਕੇ ਲੋਕਾਂ ਨੂੰ ਤਾਗੇ ਤਬੀਤਾਂ ਤੋ ਦੂਰ ਕੀਤਾ ਮਹਾਰ-ਾਜ ਅਚਾਰੀਆ ਜੀ ਨੇ ਕਿਹਾ ਕਿ ਬਾਣੀ ਦਾ ਦੂਜਾ ਨਾਮ ਅੰਮ੍ਰਿਤ ਹੈ ਮਹਾਰਾਜ ਜੀ ਨੇ ਕਿਹਾ ਕਿ ਪਰਉਪਕਾਰੀ ਜਿਹਾ ਦੁਨਿਆ ਵਿੱਚ ਕੋਈ ਪੁੰਨ ਨਹੀ ਹੈ ਜੀਵ ਦੇ ਸੰਸਾਰ ਵਿੱਚ ਕੀਤੇ ਕੰਮਾਂ ਦੇ ਨਾਲ ਹੀ ਉਸ ਨੂੰ ਪੁੰਨ ਦੀ ਪ੍ਰਪਾਤੀ ਹੁੰਦੀ ਹੈ ਸਮਾਗਮ ਦਿ ਦੋਰਾਨ ਪਹੁੰਚੇ ਲੋਕ ਸਭਾ ਹਲਕਾ ਆਨੰਦਪੁਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਸਰਦਾਰ ਮਾਲਵਿੰਦਰ ਸਿੰਘ ਕੰਗ ਨੇ ਸਮੂਹ ਸੰਗਤਾਂ ਨੂੰ ਬਾਬਾ ਜੰਬੂ ਜੀਤ ਜੀ ਦੇ ਸਲਾਨਾ ਮੇਲੇ ਦੀ ਵਿਧਾਈ ਦਿੱਤੀ ਉਹਨਾਂ ਨੇ ਕਿਹਾ ਕਿ ਪੰਜਾਬ ਦੀ ਧਰਤੀ ਗੁਰੂਆਂ ਪੀਰ ਫ਼ਕੀਰਾਂ ਦੀ ਧਰਤੀ ਹੈ ਉਹਨਾ ਵੱਲੋਂ ਬਾਬਾ ਜੰਬੂ ਜੀਤ ਮਹਾਰਾਜ ਜੀ ਦੀ ਪ੍ਰਬੰਧਕ ਕਮੇਟੀ ਦੇ ਲੰਗਰ ਹਾਲ ਦੇ ਲਈ 5ਲੱਖ ਰੁਪਏ ਦੇਣ ਦਾ ਐਲਾਨ ਕੀਤਾ ਇਸ ਮੌਕੇ ਹਲਕਾ ਵਿਧਾਇਕਾ ਸ਼੍ਰੀਮਤੀ ਸ਼ੰਤੋਸ ਕਟਾਰੀਆ ਦੇ ਵੱਲੋਂ ਸਮਾਗਮ ਦੇ ਦੋਰਾਨ ਪਹੁੰਚੀਆਂ ਸੰਗਤਾਂ ਤੇ ਹਲਕੇ ਦੇ ਲੋਕਾਂ ਨੂੰ ਬਾਬਾ ਜੰਬੂ ਜੀਤ ਜੀ ਦੇ ਸਲਾਨਾ ਸੰਤ ਰੋਜ਼ਾ ਸਮਾਗਮ ਦੀ ਵਧਾਈ ਦਿੱਤੀ ਉਨ੍ਹਾਂ ਨੇ ਕਿਹਾ ਬਾਬਾ ਜੀ ਅਪਾਰ ਕ੍ਰਿਪਾ ਦੇ ਸਦਕਾ ਹਲਕੇ ਦੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਉਨ੍ਹਾਂ ਨੇ ਕਿਹਾ ਕਿ ਮਹਾਰਾਜ ਭੂਰੀਵਾਲਿਆ ਨੇ ਸਾਡੇ ਇਲਾਕੇ ਦੇ ਅੰਦਰ ਗਿਆਨ ਦੇ ਹਨੇਰੇ ਨੂੰ ਦੂਰ ਕਰਨ ਦਾ ਦੀਪਕ ਜਗਾਇਆ ਬਾਬਾ ਜੰਬੂ ਜੀਤ ਜੀ ਦੀ ਸਾਡੇ ਤੇ ਬਹੁਤ ਵੱਡੀ ਉਪਹਾਰ ਕ੍ਰਿਪਾ ਹੈ ਸਮਾਗਮ ਦੇ ਦੋਰਾਨ ਸੰਤ ਮਹਾਂਪੁਰਸ਼ ਸਵਾਮੀ ਕ੍ਰਿਸ਼ਨਾ ਨੰਦ ਜੀ ਮਹਾਰਾਜ ਧਾਮ ਰੱਤੇਵਾਲ,ਸਵਾਮੀ ਵਿਸ਼ਵ ਭਾਰਤੀ ਜੀ ਲੁਧਿਆਣਾ ਤੇ ਸਮਾਗਮ ਦੇ ਦੋਰਾਨ ਵੱਖ ਵੱਖ ਹਸਪਤਾਲਾਂ ਦੇ ਵੱਲੋਂ ਮੁਫਤ ਦਵਾਈਆ ਦੇ ਚੈੱਕ ਕਆਪ ਲਗਾਏ ਗਏ ।ਇਸ ਮੌਕੇ ਸਮੂਹ ਪਿੰਡਾਂ ਦੀਆਂ ਸੰਗਤਾਂ ਵੱਲੋਂ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਤੇ ਲੰਗਰ ਵੀ ਲਗਾਏ ਗਏ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਬਰ ਕਰਨਵੀਰ ਕਟਾਰੀਆ,ਆਖਿਲ ਭਾਰਤੀ ਗੁੱਜਰ ਮਹਾਂ ਸਭਾ ਦੇ ਪੰਜਾਬ ਪ੍ਰਧਾਨ ਕਮਲ ਚੋਹਾਨ ਟੇਡੇਵਾਲ ,ਸਾਬਕਾ ਚੈਅਰਮੈਨ ਸਤਨਾਮ ਚੇਚੀ ਜਲਾਲਪੁਰ,ਚੈਅਰਮੈਨ ਯੋਜਨਾ ਬੋਰਡ ਨਵਾਂਸ਼ਹਿਰ ਸੰਜੀਵ ਚੋਧਰੀ ਚੇਚੀ,ਚੈਅਰਮੈਨ ਮਾਰਕੀਟ ਕਮੇਟੀ ਸੇਠੀ ਉਧਨੋਵਾਲ,ਸਾਬਕਾ ਵਿਧਾਇਕ ਦਰਸ਼ਨ ਲਾਲ ਮੰਗੂਪੁਰ,ਜ਼ਿਲ੍ਹਾ ਕਾਂਗਰਸ ਪ੍ਰਧਾਨ ਅਜੇ ਕੁਮਾਰ ਮੰਗੂਪੁਰ,ਬੀਸੀ ਵਿੰਗ ਪ੍ਰਧਾਨ ਸ਼ਿਵਕਰਨ ਚੇਚੀ,ਹਲਕਾ ਇੰਚਾਰਜ ਅਕਾਲੀਦਲ ਬਲਾਚੌਰ ਸੰਦੀਪ ਹਨੀ ਟੋਸਾ,ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਵਿੱਕੀ ਕਾਠਗੜ੍ਹ,ਭਾਜਪਾ ਆਗੂ ਸੰਦੀਪ ਭਾਟੀਆ ਆਦੋਆਣਾ,ਸਾਬਕਾ ਯੂਥ ਪ੍ਰਧਾਨ ਭਾਜਪਾ ਸ਼ੰਜੀਵ ਕੁਮਾਰ ਪਿੰਟੂ,ਸਾਬਕਾ ਡੀਐਸਪੀ ਸਤਨਾਮ ਰਾਜੂਮਾਜਰਾ,ਸਾਬਕਾ ਬਲਾਕ ਸੰਮਤੀ ਮੈਂਬਰ ਪੰਮੀ ਬਰੇਤਾ ਰੱਤੇਵਾਲ,ਰਮਨ ਚੌਧਰੀ ਨੰਦ ਲਾਲ ਕਰੀਮਪੁਰ,ਥਾਣਾ ਮੁੱਖੀ ਪੋਜੇਵਾਲ ਕਮਲ ਤਨੇਜਾਂ,ਪੰਡਿਤ ਸ਼ੰਤੋਸ ਮਾਲੇਵਾਲ,ਪ੍ਰੇਮ ਚੰਦ ਦੇਦੜ ਬੂਥਗੜ੍ਹ, ਕਾਲਾ ਪ੍ਰਧਾਨ,ਸਰਪੰਚ ਰਾਮ ਸਰੂਪ ਭੂੰਬਲਾ,ਸੱਤਪਾਲ ਫੋਜੀ,ਰਾਮ ਪ੍ਰਕਾਸ਼, ਪ੍ਰਧਾਨ ਹੁਸਨ ਚੰਦ ਝੰਡੂਪੁਰ,ਪੰਚਾਇਤ ਸਕੱਤਰ ਰਾਕੇਸ਼ ਝੰਡੂਪੁਰ,ਡਾ ਯਸ਼ਪਾਲ ਦੇਦੜ,ਹਰਨਾਮ ਦਾਸ ਮੁੰਡਣ,ਰਾਮਜੀਦਾਸ, ਅੱਛਰਦਾਸ,ਤੇਲੂ ਕਟਾਰੀਆ, ਕੁੰਦਨ ਲਾਲ,ਰਾਮਪਾਲ,ਸਾਬਕਾ ਸਰਪੰਚ ਦਰਸ਼ਨ ਲਾਲ,ਦਰਸ਼ਨ ਲਾਲ ਮੂੰਡਣ,ਰਾਕੇਸ਼ ਕੇਸ਼ੋ ਬੂਥਗੜ੍ਹ, ਪੱਪੂ ਚੇਚੀ ਬੂਥਗੜ੍ਹ,ਭਗਤ ਓਮਪ੍ਰਕਾਸ਼ ਓਮੀ ,ਨਿਕੂ ਭਗਤ,ਬੀਰਬਲ ਕਾਲਾ,ਬਲਾਕ ਪ੍ਰਧਾਨ ਹੁਸਨ ਲਾਲ ਬੂਥਗੜ੍ਹ,ਸ਼ਿੰਦਰਪਾਲ,ਹੈਪੀ ਪ੍ਰਧਾਨ,ਸੇਠੀ ਭੂੰਬਲਾ ਆਦਿ ਸਮੂਹ ਸੰਗਤਾਂ ਪਿੰਡ ਭੂਰੀਵਾਲੇ ਮਾਲੇਵਾਲ, ਬੂਥਗੜ੍ਹ, ਝੰਡੂਪੁਰ ਦੇ ਨੋਜਾਵਾਨਾ ਵੱਲੋਂ ਜੋੜ ਮੇਲੇ ਦੇ ਦੋਰਾਨ ਸੇਵਾ ਕੀਤੀ। ਇਸ ਮੋਕੇ ਇਲਾਕੇ ਤੇ ਦੇਸ਼ ਵਿਦੇਸ਼ਾਂ ਤੋ ਸਮੂਹ ਸੰਗਤਾਂ ਬਾਬਾ ਜੰਬੂਜੀਤ ਦੇ ਦਰਬਾਰ ਤੇ ਨਮਸਤਕ ਹੋਈਆਂ।

## ਸ਼ੋਕ ਸਮਾਚਾਰ

ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਤ ਕੀਤਾ ਜਾਂਦਾ ਹੈ ਕਿ ਸਾਡੇ ਅਤੀ ਸਤਿਕਾਰਯੋਗ ਮਾਤਾ ਜੀ ਜਥੇਦਾਰਨੀ ਹਰਪਾਲ ਕੌਰ ਖਹਿਰਾ ਸਾਬਕਾ ਸਰਪੰਚ ਪਿੰਡ ਲੋਧੀਵਾਲਾ ਪਤਨੀ ਸੁਰਗਵਾਸੀ ਜਥੇਦਾਰ ਸੁਖਦੇਵ ਸਿੰਘ ਲੋਧੀਵਾਲ ( ਮਾਤਾ ਅਮਨਜੀਤ ਸਿੰਘ ਖਹਿਰਾ ਸੰਪਾਦਕ ਜਨ ਸ਼ਕਤੀ ਨਿਊਜ਼ ਅਖਬਰਾ ) ਬੀਤੀ ਸ਼ਾਮ ( 18 ਜੁਲਾਈ) ਅਚਾਨਕ ਸਦੀਵੀ ਵਿਛੋੜਾ ਦੇ ਗਏ ਹਨ। ਉਹ ਆਪਣੇ ਪਿੱਛੇ ਪਰਿਵਾਰ ਅਤੇ ਆਪਣੇ ਚਾਹੁਣ ਵਾਲਿਆਂ ਨੂੰ ਗਹਿਰੇ ਦੁੱਖ ਵਿੱਚ ਛੱਡ ਗਏ ਹਨ। ਉਹ ਬੜੀ ਹਿੰਮਤ, ਪਿਆਰ ਅਤੇ ਸਿੱਖੀ ਨੂੰ ਸਮਰਪਿਤ ਨਿੱਘ ਵਾਲੀ ਇਸਤਰੀ ਸਨ। ਉਹਨਾਂ ਦੇ ਜਾਣ ਨਾਲ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ। ਅਸੀਂ ਵਾਹਿਗੁਰੂ ਦੀ ਰਜ਼ਾ ਵਿੱਚ ਸੀਸ ਝੁਕਾਉਂਦੇ ਹਾਂ। ਗੁਰੂ ਸਾਹਿਬ ਦੀ ਬਖਸ਼ੀ ਹੋਈ ਬਾਣੀ ਤੋਂ ਇਸ ਔਖੀ ਘੜੀ ਵਿੱਚ ਬਲ ਲੈਣ ਦੀ ਕੋਸ਼ਿਸ਼ ਕਰਦੇ ਹਾਂ। ਸ ਅਮਨਜੀਤ ਸਿੰਘ ਖਹਿਰਾ ਅਤੇ ਪਰਿਵਾਰ ਪੰਜਾਬ ( ਲੋਧੀਵਾਲਾ) ਪਹੁੰਚ ਗਿਆ ਹੈ । ਮਾਤਾ ਜੀ ਦੇ ਸੰਸਕਾਰਾਂ ਦਾ ਸਮਾਂ ਅਤੇ ਅਸਥਾਨ ਅਤੇ ਅੰਤਿਮ ਅਰਦਾਸ ਦੇ ਵੇਰਵੇ ਜਲਦੀ ਸਾਂਝੇ ਕੀਤੇ ਜਾਣਗੇ। ਆਪ ਜੀ ਅੱਗੇ ਬੇਨਤੀ ਹੈ ਕਿ ਉਨਾਂ ਦੀ ਆਤਮਿਕ ਸ਼ਾਂਤੀ ਲਈ ਅਤੇ ਪਰਿਵਾਰ ਨੂੰ ਬਲ ਬਖਸ਼ਣ ਲਈ ਅਰਦਾਸ ਕਰੋ ਜੀ।

**ਗੁਰੂ ਦੇ ਭਾਣੇ ਵਿੱਚ**

**ਸ ਇੰਦਰਜੀਤ ਸਿੰਘ ਖਹਿਰਾ (ਜਿਲ੍ਹਾ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ)**

**ਅਤੇ ਸਮੂਹ ਪਰਿਵਾਰ ( +91 98143 54440)**

# ਸਾਬਕਾ ਵਿਧਾਇਕ ਅੰਗਦ ਸਿੰਘ ਸੈਣੀ ਪੰਜਾਬ ਕਾਂਗਰਸ ਓ.ਬੀ.ਸੀ. ਵਿਭਾਗ ਦੇ ਚੇਅਰਮੈਨ ਨਿਯੁਕਤ: ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ

**ਨਵਾਂਸ਼ਹਿਰ, 20 ਜੁਲਾਈ ( ਜਤਿੰਦਰਪਾਲ ਸਿੰਘ ਕਲੇਰ):** ਹਲਕਾ ਨਵਾਂਸ਼ਹਿਰ ਦੇ ਸਾਬਕਾ ਵਿਧਾਇਕ ਅੰਗਦ ਸਿੰਘ ਸੈਣੀ ਨੂੰ ਪੰਜਾਬ ਕਾਂਗਰਸ ਓ.ਬੀ.ਸੀ. ਵਿਭਾਗ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਪਾਰਟੀ ਵਰਕਰਾਂ ਅਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ ਅੱਜ ਸੀਨੀਅਰ ਕਾਂਗਰਸੀ ਆਗੂ ਨਵੀਨ ਚੌਧਰੀ ਆਦੋਆਨਾ ਨੇ ਵਿਸ਼ੇਸ਼ ਤੌਰ 'ਤੇ ਸਾਬਕਾ ਵਿਧਾਇਕ ਅੰਗਦ ਸਿੰਘ ਸੈਣੀ ਨਾਲ ਮੁਲਾਕਾਤ ਕੀਤੀ।

ਇਸ ਮੁਲਾਕਾਤ ਦੌਰਾਨ ਨਵੀਨ ਚੌਧਰੀ ਆਦੋਆਨਾ ਨੇ ਅੰਗਦ ਸਿੰਘ ਸੈਣੀ ਨੂੰ ਪਾਰਟੀ ਵੱਲੋਂ ਸੌਂਪੀ ਗਈ ਇਸ ਅਹਿਮ ਜ਼ਿੰਮੇਵਾਰੀ ਲਈ ਉਨ੍ਹਾਂ ਨੂੰ ਨਿੱਘੀ ਮੁਬਾਰਕਬਾਦ ਦਿੱਤੀ। ਇਸ ਮੌਕੇ 'ਤੇ ਉਨ੍ਹਾਂ ਨੇ ਅੰਗਦ ਸਿੰਘ ਸੈਣੀ ਦਾ ਮੂੰਹ ਮਿੱਠਾ ਕਰਵਾ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।




ਇਸ ਮੌਕੇ 'ਤੇ ਸਾਬਕਾ ਵਿਧਾਇਕ ਅੰਗਦ ਸਿੰਘ ਸੈਣੀ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੂਰੀ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣਗੇ ਅਤੇ ਓ.ਬੀ.ਸੀ. ਵਰਗ ਦੇ ਲੋਕਾਂ ਨੂੰ ਨਾਲ ਲੈ ਕੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਯਤਨਸ਼ੀਲ ਰਹਿਣਗੇ।

# ਪਿੰਡ ਕਾਹਮਾ ਵਿਖੇ ਦਰਬਾਰ ਸਯਦ ਕਾਦਰੀ ਸ਼ਾਹ ਜਿੰਦਾ ਪੀਰ ਜੀ ਦੇ ਸਲਾਨਾ ਮੇਲੇ ’ਤੇ ਖ਼ੂਨਦਾਨ ਕੈਂਪ ਦਾ ਆਯੋਜਨ; ਡਾ. ਗੁਰਪ੍ਰੀਤ ਕੌਰ ਥਿਆੜਾ ਵੱਲੋਂ ਖ਼ੂਨਦਾਨੀਆਂ ਦੇ ਜਜ਼ਬੇ ਨੂੰ ਸਲਾਮ







**ਨਵਾਂਸ਼ਹਿਰ , 20 ਜੁਲਾਈ (ਜਤਿੰਦਰਪਾਲ ਸਿੰਘ ਕਲੇਰ) :** ਪਿੰਡ ਕਾਹਮਾ ਵਿਖੇ ਦਰਬਾਰ ਸਯਦ ਕਾਦਰੀ ਸ਼ਾਹ ਜਿੰਦਾ ਪੀਰ ਜੀ ਦੇ ਸਲਾਨਾ ਮੇਲੇ ਦੇ ਮੌਕੇ ’ਤੇ ਅੱਜ ਸ਼ਰਧਾ ਅਤੇ ਸੇਵਾ ਦਾ ਅਦਭੁਤ ਸੰਗਮ ਦੇਖਣ ਨੂੰ ਮਿਲਿਆ। ਇਸ ਪਵਿੱਤਰ ਮੌਕੇ 'ਤੇ ਜਿੱਥੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ, ਉੱਥੇ ਹੀ ਮੇਲੇ ਦੌਰਾਨ ਸਮਾਜ ਸੇਵਾ ਨੂੰ ਸਮਰਪਿਤ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ।

ਇਸ ਸਮਾਗਮ ਵਿੱਚ ਉਚੇਚੇ ਤੌਰ 'ਤੇ ਪਹੁੰਚੇ ਡਾਕਟਰ ਗੁਰਪ੍ਰੀਤ ਕੌਰ ਥਿਆੜਾ ਨਵਾਂਸ਼ਹਿਰ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਡਾ. ਥਿਆੜਾ ਨੇ ਖ਼ੂਨਦਾਨ ਕੈਂਪ ਦਾ ਜਾਇਜ਼ਾ ਲਿਆ ਅਤੇ ਖ਼ੂਨਦਾਨ ਕਰਨ ਵਾਲੇ ਵਾਲੰਟੀਅਰਾਂ ਨਾਲ ਮੁਲ-ਾਕਾਤ ਕਰਕੇ ਉਨ੍ਹਾਂ ਦਾ ਹੌਸਲਾ ਵਧਾਇਆ।

ਖ਼ੂਨਦਾਨੀਆਂ ਦੇ ਜਜ਼ਬੇ ਦੀ ਸ਼ਲਾਘਾ ਕਰਦਿਆਂ ਡਾ. ਗੁਰਪ੍ਰੀਤ ਕੌਰ ਥਿਆੜਾ ਨੇ ਕਿਹਾ ਕਿ ਖ਼ੂਨਦਾਨ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਅਸਥਾਨਾਂ 'ਤੇ ਅਜਿਹੇ ਸਮਾਜ ਸੇਵੀ ਕਾਰਜਾਂ ਦਾ ਹੋਣਾ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਨੇ ਖ਼ੂਨਦਾਨੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤੁਹਾਡਾ ਇਹ ਨੇਕ ਕਾਰਜ ਕਿਸੇ ਲੋੜਵੰਦ ਦੀ ਜਾਨ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ।

ਇਸ ਨੇਕ ਕਾਰਜ ਨਾਲ ਜੁੜਨ ਲਈ ਡਾ. ਥਿਆੜਾ ਨੇ ਪ੍ਰਬੰਧਕਾਂ ਅਤੇ ਸਮੂਹ ਖ਼ੂਨਦਾਨੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਉਮੀਦ ਜਤਾਈ ਕਿ ਇਹ ਖ਼ੂਨਦਾਨ ਕੈਂਪ ਹੋਰਾਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੇਗਾ ਅਤੇ ਸਮਾਜ ਵਿੱਚ ਨਰੋਈ ਸੇਵਾ ਭਾਵਨਾ ਨੂੰ ਉਤਸ਼ਾਹਿਤ ਕਰੇਗਾ। ਮੇਲੇ ਦੀਆਂ ਰੌਣਕਾਂ ਦੇ ਨਾਲ-ਨਾਲ ਖ਼ੂਨਦਾਨ ਕੈਂਪ ਦੀ ਸਫਲਤਾ ਨੇ ਇਸ ਸਮਾਗਮ ਨੂੰ ਇੱਕ ਵਿਲੱਖਣ ਪਹਿਚਾਣ ਦਿੱਤੀ ਹੈ।







# ਥੋੜ੍ਹਾ ਥੋੜ੍ਹਾ ਹੱਸਣਾ ਜ਼ਰੂਰ ਚਾਹੀਦਾ... !

ਹੱਸਣਾ ਇੱਕ ਯੋਗਿਕ ਕਿਰਿਆ ਹੈ। ਆਮ ਕਰਕੇ ਯੋਗਸ਼ਲਾਵਾਂ ਵਿੱਚ ਉੱਚੀ ਉੱਚੀ ਹੱਸਣ ਦੀ ਕਿਰਿਆ ਕੀਤੀ ਜਾਂਦੀ ਹੈ ਕਿਉਂਕਿ ਹੱਸਣ ਕਾਰਨ ਫੇਫੜਿਆਂ ਦਾ ਸੰਕੁਚਨ ਅਤੇ ਵਿਸਤਾਰ ਆਮ ਨਾਲੋਂ ਤੇਜ਼ ਅਤੇ ਜ਼ਿਆਦਾ ਹੁੰਦਾ ਹੈ। ਇਸ ਨਾਲ ਸਾਨੂੰ ਜ਼ਿਆਦਾ ਆਕਸੀਜਨ ਮਿਲਦੀ ਹੈ ਅਤੇ ਮੈਟਾਬੋਲਿਜ਼ਮ 'ਚ ਸੁਧਾਰ ਹੁੰਦਾ ਹੈ। ਸਰੀਰ ਵਿੱਚ ਜ਼ਿਆਦਾਤਰ ਬਿਮਾਰੀਆਂ ਮੈਟਾਬੋਲਿਜ਼ਮ ਦੀ ਗੜਬੜੀ ਕਾਰਨ ਹੁੰਦੀਆਂ ਹਨ।ਇਕੱਤਰਤ ਜਾਣਕਾਰੀ ਅਨੁਸਾਰ ਰੋਜ਼ਾਨਾ ਦਸ ਤੋਂ ਪੰਦਰਾਂ ਮਿੰਟ ਹੱਸਣ ਨਾਲ ਲਗਭਗ ਚਾਲੀ ਕੈਲੋਰੀ ਬਰਨ ਹੁੰਦੀ ਹੈ।ਪਰ ਅੱਜ ਕੱਲ੍ਹ ਦੀ ਭੱਜ ਦੌੜ ਦੀ ਜ਼ਿੰਦਗੀ ਵਿੱਚ ਲਗਭਗ 65 ਤੋਂ 70 ਫ਼ੀਸਦੀ ਤੱਕ ਲੋਕਾਂ ਦੇ ਕੋਲ ਹੱਸਣ ਤੱਕ ਦਾ ਸਮਾਂ ਨਹੀਂ ਹੈ । ਸ਼ਾਇਦ ਇਸੇ ਲਈ ਹੀ ਅੱਜ ਦੇ ਮਨੁੱਖ ਨੂੰ ਸ਼ੂਗਰ, ਦਿਲ ਦਾ ਦੌਰਾ, ਬਲੱਡ ਪ੍ਰੈਸ਼ਰ ਤੇ ਹੋਰ ਕਈ ਬਿਮਾਰੀਆਂ ਨੇ ਘੇਰਾ ਪਾਇਆ ਹੋਇਆ ਹੈ। ਡਾਕਟਰਾਂ ਦਾ ਮੰਨਣਾ ਹੈ ਕਿ ਜੇਕਰ ਹਰ ਦਿਨ ਸਵੇਰੇ ਸਵੇਰੇ ਖੁੱਲ੍ਹ ਕੇ ਹੱਸਿਆ ਜਾਵੇ ਤਾਂ ਦਿਮਾਗ ਨੂੰ ਸਕੂਨ ਮਿਲਦਾ ਹੈ ਅਤੇ ਬਿਮਾਰੀਆਂ ਨੇੜੇ ਨਹੀਂ ਆਉਂਦੀਆਂ ।

ਜੇ ਆਪਾਂ ਵਿਸ਼ਵ ਹਾਸ ਦਿਵਸ ਦੀ ਗੱਲ ਕਰੀਏ ਤਾਂ ਇਹ ਹਰ ਸਾਲ ਮਈ ਦੇ ਪਹਿਲੇ ਐਤਵਾਰ ਨੂੰ ਮਨਾਇਆ ਜਾਂਦਾ ਹੈ । ਉਂਝ ਵਿਸ਼ਵ ਹਾਸ ਦਿਵਸ ਦੀ ਸ਼ੁਰੂਆਤ 11 ਜਨਵਰੀ 1998 ਨੂੰ ਮੁੰਬਈ ਤੋਂ ਹੋਈ ਸੀ ਤੇ ਇਸ ਵਿੱਚ ਅਹਿਮ ਯੋਗਦਾਨ ਡਾ. ਮਦਨ ਕਟਾਰੀਆ ਦਾ ਸੀ ਜਿਹਨਾਂ ਨੇ ਲਾਫਟਰ ਯੋਗਾ ਮੂਵਮੈਂਟ ਸ਼ੁਰੂ ਕੀਤੀ । ਦੁਨੀਆ ਵਿੱਚ ਲਗਭਗ ਅੱਠ ਹਜ਼ਾਰ ਲਾਫਟਰ ਕਲੱਬ ਹਨ ਅਤੇ ਭਾਰਤ ਵਿੱਚ ਉਨ੍ਹਾਂ ਦੀ ਗਿਣਤੀ 600 ਹੈ । ਡਾਕਟਰ ਖੋਜਕਾਰਾਂ ਅਨੁਸਾਰ ਹੱਸਣ ਨਾਲ ਮਨੁੱਖ ਦਾ ਇਮਯੂਨਿਟੀ ਸਿਸਟਮ ਤੇਜ਼ ਹੁੰਦਾ ਹੈ ।ਜਿਸ ਨਾਲ ਕੁਦਰਤੀ ਕਿਲਰ ਸੈੱਲਾਂ ਵਿੱਚ ਵਾਧਾ ਹੁੰਦਾ ਹੈ, ਜੋ ਵਿਰਾਸਤ ਵਿੱਚ ਮਿਲੇ ਰੋਗਾਂ ਅਤੇ ਟਿਊਮਰਸ ਸੈੱਲ ਨੂੰ ਖਤਮ ਕਰਦੇ ਹਨ । ਹਾਸਾ ਦਿਲ ਦੀ ਸਰਵਉੱਤਮ ਕਸਰਤ ਹੈ ਜਿਸ ਨਾਲ ਟੀ ਸੈੱਲਾਂ ਦੀ ਗਿਣਤੀ ਵਿੱਚ ਵਾਧਾ ਹੁੰਦਾ ਹੈ ।ਹਾਸਾ ਨਾ ਸਿਰਫ਼ ਉਨ੍ਹਾਂ ਸੈੱਲਾਂ ਨੂੰ ਵਧਾਉਂਦਾ ਹੈ ਜੋ ਸਮਰੱਥਾ ਵਧਾਉਂਦੇ ਹਨ, ਸਗੋਂ ਟੀ ਸੈੱਲਾਂ ਦੀ ਗਤੀਵਿਧੀ ਨੂੰ ਵੀ ਵਧਾਉਂਦੇ ਹਨ ਜੋ ਬਿਮਾਰੀਆਂ ਨਾਲ ਲੜਨ ਵਿੱਚ ਮਦਦ ਕਰਦੇ ਹਨ। ਹੱਸਣ ਨਾਲ ਖੂਨ ਦਾ ਪ੍ਰਵਾਹ ਵਧਦਾ ਹੈ ਅਤੇ ਮਾਸਪੇਸ਼ੀਆਂ ਮਜ਼ਬੂਤ ਹੁੰਦੀਆਂ ਹਨ। ਹੱਸਣ ਨਾਲ ਸਾਹ ਨਲੀ ਵਿੱਚ ਹੋਣ ਵਾਲੇ ਇੰਫੈਕਸ਼ਨ ਤੋਂ ਬਚਾਅ ਹੁੰਦਾ ਹੈ । ਹੱਸਣ ਨਾਲ ਤਣਾਓ ਨੂੰ ਜਨਮ ਦੇਣ ਵਾਲੇ ਹਾਰਮੋਨਜ਼ ਦਾ ਪੱਧਰ ਘਟਦਾ ਹੈ । ਪਾਚਨ ਤੰਤਰ ਸਹੀ ਰੱਖਣ, ਵਜ਼ਨ ਘਟਾਉਣ ਅਤੇ ਚਰਬੀ ਘੱਟ ਕਰਨ ਵਿੱਚ ਵੀ ਹਾਸਾ ਅਹਿਮ ਭੂਮਿਕਾ ਨਿਭਾਉਂਦਾ ਹੈ । ਜ਼ੋਰ ਜ਼ੋਰ ਦੀ ਹੱਸਣ ਨਾਲ ਮਨੁੱਖ ਦੇ ਸਰੀਰ ਵਿੱਚ ਇੱਕ ਤਰੰਗ ਜਿਹੀ ਦੌੜ ਜਾਂਦੀ ਹੈ ਜਿਸ ਵਿੱਚ ਇੰਡਰੋਫਿਨ ਹਾਰਮੋਨ ਵੀ ਹੁੰਦਾ ਹੈ ਜੋ ਕੁਦਰਤੀ ਰੂਪ ਨਾਲ ਸਾਡੇ ਸਰੀਰ ਦਾ ਦਰਦ ਨਿਵਾਰਕ ਹੈ।ਸਾਰਾ ਦਿਨ ਮੱਥੇ ਉੱਤੇ ਸ਼ਿਕਨ, ਦਿਮਾਗ ਵਿੱਚ ਸਕੀਮਾਂ ਅਤੇ ਦਿਲ ਵਿੱਚ ਅੱਗੇ ਨਿਕਲਣ ਦੀ ਹੋੜ ਨਾਲ ਜੂਝਦੇ ਵਿਅਕਤੀ ਜਦੋਂ ਸ਼ਾਮ ਨੂੰ ਘਰ ਜਾਂਦੇ ਹਨ ਤਾਂ ਉਦੋਂ ਬੀਵੀ, ਬੱਚਿਆਂ ਨਾਲ ਸਮਾਂ ਬਿਤਾਉਣਾ ਤਾਂ ਇੱਕ ਪਾਸੇ, ਸਗੋਂ ਉਨ੍ਹਾਂ ਨੂੰ ਕਹਿ ਦਿੰਦੇ ਹਨ ਕਿ ਅੱਜ ਮੈਂ ਬਹੁਤ ਥੱਕ ਗਿਆ ਹਾਂ, ਮੈਂ ਪਰੇਸ਼ਾਨ ਹਾਂ, ਮੈਨੂੰ ਇਕੱਲਾ ਛੱਡ ਦਿਉ । ਉਹ ਇਹ ਭੁੱਲ ਜਾਂਦੇ ਹਨ ਕਿ ਵੱਡੀ ਤੋਂ ਵੱਡੀ ਥਕਾਨ ਤੇ ਪਰੇਸ਼ਾਨੀ ਪਰਿਵਾਰ ਨਾਲ ਹੱਸ-ਖੇਡ ਕੇ ਪਲਾਂ ਵਿੱਚ ਛੂ-ਮੰਤਰ ਹੋ ਜਾਂਦੀ ਹੈ । ਕਹਿੰਦੇ ਹਨ ਕਿ ਦੁੱਖ ਵੰਡਣ ਨਾਲ ਘਟਦਾ ਹੈ ਤੇ ਹਾਸੇ ਵੰਡਣ ਨਾਲ ਦੁੱਗਣੇ ਹੁੰਦੇ ਹਨ । ਡਾਕਟਰਾਂ ਅਨੁਸਾਰ ਹਾਸਾ ਵੱਖ-ਵੱਖ ਰੋਗਾਂ ਦੀ ਦਵਾਈ ਹੈ । ਇਹ ਇੱਕ ਇਸ ਤਰ੍ਹਾਂ ਦੀ ਦਵਾਈ ਹੈ ਜਿਸ ਦਾ ਸਾਡੇ ਸਰੀਰ ਉੱਤੇ ਸਕਾਰਾਤਮਕ ਪ੍ਰਭਾਵ ਪੈਂਦਾ ਹੈ ।ਹਾਸਾ ਸਿਹਤ ਲਈ ਫਾਇਦੇਮੰਦ ਹੈ। ਹਾਸਾ ਡਿਪਰੈਸ਼ਨ ਲਈ ਟੌਨਿਕ ਦਾ ਕੰਮ ਕਰਦਾ ਹੈ। ਹਾਸਾ ਸਰੀਰ ਵਿੱਚ ਮੈਲਾਟੋਨਿਨ ਹਾਰਮੋਨ ਪੈਦਾ ਕਰਦਾ ਹੈ। ਇਹ ਰਾਤ ਨੂੰ ਆਰਾਮਦਾਇਕ ਨੀਂਦ ਲੈਣ ਵਿਚ ਮਦਦ ਕਰਦਾ ਹੈ।ਦਰਦ ਤੋਂ ਰਾਹਤ- ਹੱਸਣ ਨਾਲ ਐਂਡੋਰਫਿਨ ਨਾਂ ਦਾ ਹਾਰਮੋਨ ਨਿਕਲਦਾ ਹੈ। ਇਹ ਸਰੀਰ ਤੋਂ ਤਣਾਅ ਨੂੰ ਦੂਰ ਕਰਨ ਵਿੱਚ ਕਾਫੀ ਹੱਦ ਤੱਕ ਮਦਦ ਕਰਦਾ ਹੈ। ਤਣਾਅ ਮੁਕਤ ਰਹਿਣ ਲਈ ਹਾਸੇ ਤੋਂ ਵੱਡੀ ਕੋਈ ਦਵਾਈ ਨਹੀਂ ਹੈ।ਜੋ ਲੋਕ ਹੱਸਦੇ ਹਨ, ਉਹੀ ਖੁਸ਼ ਹੁੰਦੇ ਹਨ,ਉਹ ਸਮਾਜ ਵਿੱਚ ਖੁੱਲ੍ਹ ਕੇ ਵਿਚਰਦੇ ਹਨ। ਮੈਨੂੰ ਗਾਇਕ ਗੁਰਦਾਸ ਮਾਨ ਸਾਹਿਬ ਦੇ ਗੀਤ ਦੇ ਬੋਲ ਯਾਦ ਆਉਂਦੇ ਹਨ," ਥੋੜ੍ਹਾ ਥੋੜ੍ਹਾ ਹੱਸਣਾ ਜ਼ਰੂਰ ਚਾਹੀਦਾ...।"



**ਬਰਜਿੰਦਰ ਕੌਰ ਬਿਸਰਾਓ...**
**9988901324**

# ਵਾਧੂ ਸਮੇਂ 'ਚ ਫੇਰਨ ਟੋਰੇਸ ਦਾ ਗੋਲ ਬਣਿਆ ਫ਼ੈਸਲਾਕੁੰਨ, ਸਪੇਨ ਦੂਜੀ ਵਾਰ ਬਣਿਆ ਫੀਫਾ ਵਿਸ਼ਵ ਚੈਂਪੀਅਨ


**ਅਰਜਨਟੀਨਾ ਨੂੰ 1-0 ਨਾਲ ਹਰਾ ਕੇ ਜਿੱਤਿਆ ਖ਼ਿਤਾਬ; ਮੈਸੀ ਦਾ ਦੂਜੀ ਵਾਰ ਟਰਾਫ਼ੀ ਜਿੱਤਣ ਦਾ ਸੁਪਨਾ ਟੁੱਟਿਆ** **ਸੁਖਜਿੰਦਰ ਸਿੰਘ ਢੱਡੇ**

**ਈਸਟ ਰਦਰਫੋਰਡ (ਅਮਰੀਕਾ), 19 ਜੁਲਾਈ** - ਵਿਸ਼ਵ ਫੁੱਟਬਾਲ ਦੇ ਸਭ ਤੋਂ ਵੱਡੇ ਮਹਾਂਕੁੰਭ ਫੀਫਾ ਵਿਸ਼ਵ ਕੱਪ-2026 ਦੇ ਬਹੁ-ਉਡੀਕੇ ਫਾਈਨਲ ਵਿੱਚ ਸਪੇਨ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮੌਜੂਦਾ ਚੈਂਪੀਅਨ ਅਰਜਨਟੀਨਾ ਨੂੰ ਵਾਧੂ ਸਮੇਂ ਵਿੱਚ 1-0 ਨਾਲ ਹਰਾ ਕੇ ਦੂਜੀ ਵਾਰ ਵਿਸ਼ਵ ਚੈਂਪੀਅਨ ਬਣਨ ਦਾ ਮਾਣ ਹਾਸਲ ਕਰ ਲਿਆ। ਨਿਊਯਾਰਕ ਨਿਊ ਜਰਸੀ ਸਟੇਡੀਅਮ ਵਿੱਚ ਖੇਡੇ ਗਏ ਇਸ ਰੋਮਾਂਚਕ ਮੁਕਾਬਲੇ ਵਿੱਚ ਦੋਵੇਂ ਟੀਮਾਂ ਨੇ ਸ਼ੁਰੂ ਤੋਂ ਹੀ ਸੰਭਲ ਕੇ ਖੇਡ ਦਾ ਪ੍ਰਦਰਸ਼ਨ ਕੀਤਾ, ਜਿਸ ਕਾਰਨ ਨਿਰਧਾਰਿਤ 90 ਮਿੰਟ ਤੱਕ ਕੋਈ ਵੀ ਟੀਮ ਗੋਲ ਨਹੀਂ ਕਰ ਸਕੀ। ਹਾਲਾਂਕਿ ਵਾਧੂ ਸਮੇਂ ਦੇ 106ਵੇਂ ਮਿੰਟ ਵਿੱਚ ਬਦਲਵੇਂ ਖਿਡਾਰੀ ਫੇਰਨ ਟੋਰੇਸ ਨੇ ਨੀਕੋ ਵਿਲੀਅਮਜ਼ ਦੇ ਹੈਡਰ ਤੋਂ ਮਿਲੀ ਗੇਂਦ ਨੂੰ ਸ਼ਾਨਦਾਰ ਢੰਗ ਨਾਲ ਜਾਲ ਵਿੱਚ ਪਹੁੰਚਾ ਕੇ ਸਪੇਨ ਨੂੰ ਇਤਿਹਾਸਕ ਜਿੱਤ ਦਿਵਾ ਦਿੱਤੀ। ਪੂਰੇ ਮੈਚ ਦੌਰਾਨ ਸਪੇਨ ਦਾ ਦਬਦਬਾ ਸਾਫ਼ ਨਜ਼ਰ ਆਇਆ। ਸਪੇਨ ਦੇ ਮਿਡਫੀਲਡ ਨੇ ਗੇਂਦ 'ਤੇ ਕਾਬੂ ਬਣਾਈ ਰੱਖਿਆ ਅਤੇ ਲਾਮੀਨ ਯਾਮਾਲ, ਦਾਨੀ ਓਲਮੋ, ਮਿਕੇਲ ਓਯਾਰਜ਼ਾਬਾਲ ਅਤੇ ਫਾਬੀਆਨ ਰੁਈਜ਼ ਨੇ ਲਗਾਤਾਰ ਹਮਲੇ ਕੀਤੇ। ਅਰਜਨਟੀਨਾ ਦੇ ਗੋਲਕੀਪਰ ਐਮੀਲਿਆਨੋ ਮਾਰਟੀਨੇਜ਼ ਨੇ ਕਈ ਸ਼ਾਨਦਾਰ ਬਚਾਅ ਕਰਕੇ ਆਪਣੀ ਟੀਮ ਨੂੰ ਮੈਚ ਵਿੱਚ ਬਣਾਈ ਰੱਖਿਆ, ਜਦਕਿ ਸਪੇਨ ਦੇ ਦੋ ਗੋਲ ਫਾਊਲ ਕਾਰਨ ਰੱਦ ਵੀ ਕਰ ਦਿੱਤੇ ਗਏ। ਦੂਜੇ ਪਾਸੇ ਲਿਓਨਲ ਮੈਸੀ ਦੀ ਅਗਵਾਈ ਵਾਲੀ ਅਰਜਨਟੀਨਾ ਦੀ ਟੀਮ ਸਪੇਨ ਦੀ ਸੁਚੱਜੀ ਰੱਖਿਆ ਨੂੰ ਭੇਦਣ ਵਿੱਚ ਕਾਮਯਾਬ ਨਾ ਹੋ ਸਕੀ ਅਤੇ ਆਮ ਸਮੇਂ ਦੌਰਾਨ ਪ੍ਰਭਾਵਸ਼ਾਲੀ ਮੌਕੇ ਵੀ ਘੱਟ ਹੀ ਬਣਾ ਸਕੀ। ਮੈਚ ਦੇ 90ਵੇਂ ਮਿੰਟ ਤੋਂ ਬਾਅਦ ਅਰਜਨਟੀਨਾ ਨੂੰ ਵੱਡਾ ਝਟਕਾ ਉਸ ਵੇਲੇ ਲੱਗਾ ਜਦੋਂ ਮਿਡਫੀਲਡਰ ਐਂਜ਼ੋ ਫਰਨਾਂਡੇਜ਼ ਨੂੰ ਦੂਜਾ ਪੀਲਾ ਕਾਰਡ ਮਿਲਣ ਕਾਰਨ ਮੈਦਾਨ ਛੱਡਣਾ ਪਿਆ ਅਤੇ ਟੀਮ ਨੂੰ 10 ਖਿਡਾਰੀਆਂ ਨਾਲ ਖੇਡਣਾ ਪਿਆ। ਇਸ ਦਾ ਫਾਇਦਾ ਚੁੱਕਦਿਆਂ ਸਪੇਨ ਨੇ ਵਾਧੂ ਸਮੇਂ ਵਿੱਚ ਹਮਲੇ ਹੋਰ ਤੇਜ਼ ਕਰ ਦਿੱਤੇ ਅਤੇ 106ਵੇਂ ਮਿੰਟ ਵਿੱਚ ਫੇਰਨ ਟੋਰੇਸ ਨੇ ਮੈਚ ਦਾ ਇਕਲੌਤਾ ਅਤੇ ਜੇਤੂ ਗੋਲ ਦਾਗ ਦਿੱਤਾ। ਗੋਲ ਖਾਣ ਤੋਂ ਬਾਅਦ ਅਰਜਨਟੀਨਾ ਨੇ ਮੈਸੀ ਦੀ ਅਗਵਾਈ ਵਿੱਚ ਵਾਪਸੀ ਦੀ ਕੋਸ਼ਿਸ਼ ਕੀਤੀ, ਪਰ ਸਪੇਨ ਦੇ ਗੋਲਕੀਪਰ ਉਨਾਈ ਸਿਮੋਨ ਅਤੇ ਰੱਖਿਆ ਪੰਕਤੀ ਨੇ ਹਰ ਹਮਲਾ ਨਾਕਾਮ ਕਰ ਦਿੱਤਾ। ਇਸ ਜਿੱਤ ਨਾਲ ਸਪੇਨ ਨੇ 2010 ਤੋਂ ਬਾਅਦ ਪਹਿਲੀ ਵਾਰ ਅਤੇ ਕੁੱਲ ਦੂਜੀ ਵਾਰ ਫੀਫਾ ਵਿਸ਼ਵ ਕੱਪ ਦਾ ਖ਼ਿਤਾਬ ਆਪਣੇ ਨਾਂ ਕੀਤਾ। ਸਪੇਨ ਨੇ ਪੂਰੇ ਟੂਰਨਾਮੈਂਟ ਦੌਰਾਨ ਸ਼ਾਨਦਾਰ ਫੁੱਟਬਾਲ ਖੇਡਦਿਆਂ ਆਪਣੀ ਤਕਨੀਕੀ ਸਮਰੱਥਾ, ਮਿਡਫੀਲਡ ਦੀ ਮਜ਼ਬੂਤੀ ਅਤੇ ਅਨੁਸ਼ਾਸਿਤ ਰੱਖਿਆ ਦਾ ਲੋਹਾ ਮਨਵਾਇਆ। ਦੂਜੇ ਪਾਸੇ 2022 ਦਾ ਚੈਂਪੀਅਨ ਅਰਜਨਟੀਨਾ ਆਪਣਾ ਖ਼ਿਤਾਬ ਬਚਾਉਣ ਵਿੱਚ ਅਸਫਲ ਰਿਹਾ ਅਤੇ ਲਿਓਨਲ ਮੈਸੀ ਦਾ ਇਕ ਹੋਰ ਵਿਸ਼ਵ ਕੱਪ ਜਿੱਤਣ ਦਾ ਸੁਪਨਾ ਅਧੂਰਾ ਰਹਿ ਗਿਆ।

ਇਹ ਫਾਈਨਲ ਇੱਕ ਹੋਰ ਕਾਰਨ ਕਰਕੇ ਵੀ ਖ਼ਾਸ ਰਿਹਾ ਕਿਉਂਕਿ ਇਸ ਨੂੰ ਵਿਸ਼ਵ ਫੁੱਟਬਾਲ ਦੀਆਂ ਦੋ ਪੀੜ੍ਹੀਆਂ ਦੀ ਟੱਕਰ ਵਜੋਂ ਦੇਖਿਆ ਗਿਆ। ਇੱਕ ਪਾਸੇ 39 ਸਾਲਾ ਮਹਾਨ ਖਿਡਾਰੀ ਲਿਓਨਲ ਮੈਸੀ ਸਨ, ਜਦਕਿ ਦੂਜੇ ਪਾਸੇ 19 ਸਾਲਾ ਉਭਰਦਾ ਸਿਤਾਰਾ ਲਾਮੀਨ ਯਾਮਾਲ ਸਪੇਨ ਦੀਆਂ ਉਮੀਦਾਂ ਦਾ ਕੇਂਦਰ ਬਣਿਆ ਹੋਇਆ ਸੀ। ਮੈਚ ਦੇ ਅੰਤ ਵਿੱਚ ਸਪੇਨ ਦੇ ਖਿਡਾਰੀਆਂ ਨੇ ਟਰਾਫ਼ੀ ਨਾਲ ਜਸ਼ਨ ਮਨਾਇਆ, ਜਦਕਿ ਅਰਜਨਟੀਨਾ ਦੇ ਖਿਡਾਰੀਆਂ ਦੀਆਂ ਅੱਖਾਂ ਵਿੱਚ ਨਿਰਾਸ਼ਾ ਸਾਫ਼ ਦਿਖਾਈ ਦਿੱਤੀ। 48 ਟੀਮਾਂ ਦੀ ਭਾਗੀਦਾਰੀ ਵਾਲੇ ਇਤਿਹਾਸ ਦੇ ਪਹਿਲੇ ਵਿਸਤ੍ਰਿਤ ਫੀਫਾ ਵਿਸ਼ਵ ਕੱਪ ਦਾ ਸਮਾਪਨ ਵੀ ਇਸ ਯਾਦਗਾਰ ਫਾਈਨਲ ਨਾਲ ਹੋਇਆ, ਜਿਸ ਨੂੰ ਦੁਨੀਆ ਭਰ ਦੇ ਕਰੋੜਾਂ ਦਰਸ਼ਕਾਂ ਨੇ ਦੇਖਿਆ।

# ਪੰਜਾਬ : ਪੇਚੀਦਾ ਸਥਿਤੀ ਤੇ ਚੁਣੌਤੀਆਂ

**ਪੁਸਤਕ ਪੜਚੋਲ**
**ਪੰਜਾਬ : ਪੇਚੀਦਾ ਸਥਿਤੀ ਤੇ ਚੁਣੌਤੀਆਂ**
**ਲੇਖਕ : ਡਾ. ਮੇਹਰ ਸਿੰਘ ਮਾਣਕ**
**ਪੜਚੋਲ ਕਰਤਾ: ਪ੍ਰੋ. ਧਰਮਿੰਦਰ ਸਿੰਘ, ਦੇਸ਼ ਭਗਤ ਯੂਨੀਵਰਸਿਟੀ,ਮੰਡੀ ਗੋਬਿੰਦਗੜ੍ਹ**




ਸਮਕਾਲੀ ਪੰਜਾਬ ਦੇ ਸਮਾਜਿਕ-ਆਰਥਿਕ ਅਤੇ ਰਾਜਨੀਤਿਕ ਸੰਕਟਾਂ ਨੂੰ ਸਮਝਣ ਲਈ ਪਿਛਲੇ ਕੁਝ ਦਹਾਕਿਆਂ ਦੌਰਾਨ ਕਈ ਮਹੱਤਵਪੂਰਨ ਅਧਿਐਨ ਸਾਹਮਣੇ ਆਏ ਹਨ, ਪਰੰਤੂ ਬਹੁਤੇ ਅਧਿਐਨ ਕਿਸੇ ਇੱਕ ਵਿਸ਼ੇਸ਼ ਖੇਤਰ ਜਾਂ ਸਮੱਸਿਆ ਤੱਕ ਹੀ ਸੀਮਿਤ ਰਹਿੰਦੇ ਹਨ। ਡਾ. ਮੇਹਰ ਸਿੰਘ ਮਾਣਕ ਦੀ ਪੁਸਤਕ "ਪੰਜਾਬ : ਪੇਚੀਦਾ ਸਥਿਤੀ ਤੇ ਚੁਣੌਤੀਆਂ" ਇਸ ਪੱਖੋਂ ਵਿਸ਼ੇਸ਼ ਮਹੱਤਵ ਰੱਖਦੀ ਹੈ ਕਿ ਇਹ ਪੰਜਾਬ ਦੇ ਸੰਕਟ ਨੂੰ ਕਿਸੇ ਇਕੱਲੀ ਘਟਨਾ ਜਾਂ ਨੀਤੀ ਦਾ ਨਤੀਜਾ ਮੰਨਣ ਦੀ ਬਜਾਏ ਉਸ ਨੂੰ ਇਤਿਹਾਸਕ, ਆਰਥਿਕ, ਸਮਾਜਿਕ, ਰਾਜਨੀਤਿਕ ਅਤੇ ਵਿਸ਼ਵ ਪੱਧਰੀ ਪਰਿਵਰਤਨਾਂ ਦੇ ਆਪਸੀ ਅੰਤਰ-ਸੰਬੰਧਾਂ ਵਿੱਚ ਸਮਝਣ ਦਾ ਯਤਨ ਕਰਦੀ ਹੈ। ਇਸ ਦ੍ਰਿਸ਼ਟੀ ਤੋਂ ਇਹ ਪੁਸਤਕ ਕੇਵਲ ਸਮੱਸਿਆਵਾਂ ਦਾ ਦਸਤਾਵੇਜ਼ ਨਹੀਂ, ਸਗੋਂ ਸਮਕਾਲੀ ਪੰਜਾਬ ਦੇ ਰਾਜਨੀਤਿਕ ਅਰਥ-ਸ਼ਾਸਤਰ ਦੀ ਇੱਕ ਗੰਭੀਰ ਵਿਆਖਿਆ ਵੀ ਹੈ।

ਡਾ. ਮੇਹਰ ਸਿੰਘ ਮਾਣਕ ਪੰਜਾਬ ਦੇ ਪ੍ਰਸਿੱਧ ਲੋਕ-ਪੱਖੀ ਸਮਾਜਿਕ ਚਿੰਤਕ, ਅਰਥਚਿੰਤਕ ਅਤੇ ਅਕਾਦਮਿਕ ਵਿਦਵਾਨ ਹਨ। ਉਨ੍ਹਾਂ ਦਾ ਲੇਖਨ ਖੋਜ-ਆਧਾਰਿਤ ਹੋਣ ਦੇ ਨਾਲ-ਨਾਲ ਸਮਾਜਿਕ ਯਥਾਰਥ ਨਾਲ ਡੂੰਘੀ ਵਚਨਬੱਧਤਾ ਦਾ ਪ੍ਰਗਟਾਵਾ ਕਰਦਾ ਹੈ। ਉਹ ਅੰਕੜਿਆਂ, ਸਰਕਾਰੀ ਰਿਪੋਰਟਾਂ, ਨੀਤੀਗਤ ਦਸਤਾਵੇਜ਼ਾਂ ਅਤੇ ਸਮਕਾਲੀ ਘਟਨਾਵਾਂ ਨੂੰ ਆਧਾਰ ਬਣਾਉਂਦੇ ਹੋਏ ਆਪਣੇ ਵਿਸ਼ਲੇਸ਼ਣ ਨੂੰ ਵਿਕਸਿਤ ਕਰਦੇ ਹਨ। ਇਸ ਕਰਕੇ ਉਨ੍ਹਾਂ ਦੀਆਂ ਦਲੀਲਾਂ ਭਾਵਨਾਤਮਕ ਅਪੀਲ ਦੀ ਬਜਾਏ ਤੱਥਾਂ ਅਤੇ ਤਰਕ ਦੀ ਮਜ਼ਬੂਤ ਨੀਂਹ 'ਤੇ ਖੜ੍ਹੀਆਂ ਦਿਖਾਈ ਦਿੰਦੀਆਂ ਹਨ। ਉਨ੍ਹਾਂ ਦੀ ਇੱਕ ਹੋਰ ਮਹੱਤਵਪੂਰਨ ਵਿਸ਼ੇਸ਼ਤਾ ਇਹ ਹੈ ਕਿ ਉਹ ਅਕਾਦਮਿਕ ਗੰਭੀਰਤਾ ਨੂੰ ਕਾਇਮ ਰੱਖਦਿਆਂ ਵੀ ਭਾਸ਼ਾ ਨੂੰ ਬੇਲੋੜੀ ਜਟਿਲਤਾ ਤੋਂ ਮੁਕਤ ਰੱਖਦੇ ਹਨ। ਇਸ ਕਰਕੇ ਇਹ ਪੁਸਤਕ ਆਮ ਪਾਠਕ ਲਈ ਵੀ ਸਮਾਨ ਤੌਰ 'ਤੇ ਉਪਯੋਗੀ ਬਣ ਜਾਂਦੀ ਹੈ।

ਪੁਸਤਕ ਪੰਜ ਭਾਗਾਂ ਅਤੇ ਅਠਾਰਾਂ ਅਧਿਆਇਆਂ ਵਿੱਚ ਵੰਡੀ ਗਈ ਹੈ। ਇਸ ਦੀ ਸੰਰਚਨਾ ਵਿਸ਼ੇਗਤ ਪੱਖੋਂ ਸੁਵਿਧਿਤ ਅਤੇ ਕ੍ਰਮਬੱਧ ਹੈ, ਜਿਸ ਵਿੱਚ ਪੰਜਾਬ ਦੇ ਵਿਕਾਸ, ਸੰਕਟ ਅਤੇ ਸੰਭਾਵਨਾਵਾਂ ਨਾਲ ਸੰਬੰਧਿਤ ਵਿਭਿੰਨ ਮੁੱਦਿਆਂ ਨੂੰ ਆਪਸੀ ਸੰਬੰਧਾਂ ਸਮੇਤ ਵਿਚਾਰਿਆ ਗਿਆ ਹੈ।

ਪਹਿਲੇ ਭਾਗ ਵਿੱਚ ਪੰਜਾਬ ਦੇ ਪੇਂਡੂ ਸਮਾਜ ਅਤੇ ਖੇਤੀ ਆਰਥਿਕਤਾ ਦੀਆਂ ਗੁੰਝਲਦਾਰ ਹਕੀਕਤਾਂ ਦਾ ਡੂੰਘਾ ਵਿਸ਼ਲੇਸ਼ਣ ਕੀਤਾ ਗਿਆ ਹੈ। ਡਾ.ਮਾਣਕ ਹਰੀ ਕ੍ਰਾਂਤੀ ਤੋਂ ਬਾਅਦ ਦੇ ਵਿਕਾਸ ਮਾਡਲ ਦੀਆਂ ਅੰਤਰ-ਵਿਰੋਧੀ ਪ੍ਰਕਿਰਿਆਵਾਂ ਨੂੰ ਉਜਾਗਰ ਕਰਦੇ ਹਨ। ਇਹ ਬੜੇ ਸਰਲ ਢੰਗ ਨਾਲ ਦਰਸਾਉਂਦੇ ਹਨ ਕਿ ਸ਼ੁਰੂਆਤੀ ਖੁਸ਼ਹਾਲੀ ਕਿਵੇਂ ਹੌਲੀ-ਹੌਲੀ ਕਰਜ਼ੇਦਾਰੀ, ਉਤਪ-ਾਦਨ ਲਾਗਤ ਵਿੱਚ ਵਾਧੇ, ਘਟਦੀ ਆਮਦਨ, ਵਾਤਾਵਰਣੀ ਹ੍ਰਾਸ ਅਤੇ ਸਮਾਜਿਕ ਅਸਥਿਰਤਾ ਵਿੱਚ ਤਬਦੀਲ ਹੋਈ। ਵਿਸ਼ੇਸ਼ ਤੌਰ 'ਤੇ ਕਿਸਾਨੀ ਆਤਮਹੱਤਿਆਵਾਂ, ਪੇਂਡੂ ਬੇਰੁਜ਼ਗਾਰੀ, ਨੌਜਵਾਨਾਂ ਦੇ ਪਰਵਾਸ ਅਤੇ ਸਮਾਜਿਕ ਵਿਘਟਨ ਨੂੰ ਉਨ੍ਹਾਂ ਨੇ ਵੱਖ-ਵੱਖ ਘਟਨਾਵਾਂ ਵਜੋਂ ਨਹੀਂ, ਸਗੋਂ ਇੱਕੋ ਸੰਰਚਨਾਤਮਕ ਸੰਕਟ ਦੇ ਆਪਸੀ ਤੌਰ 'ਤੇ ਜੁੜੇ ਹੋਏ ਪੱਖਾਂ ਵਜੋਂ ਵਿਸ਼ਲੇਸ਼ਿਤ ਕੀਤਾ ਹੈ। ਇਹੀ ਪਹੁੰਚ ਪੁਸਤਕ ਨੂੰ ਵਰਣਨਾਤਮਕ ਲੇਖਨ ਤੋਂ ਉੱਪਰ ਉਠਾ ਕੇ ਵਿਸ਼ਲੇਸ਼ਣਾਤਮਕ ਅਧਿਐਨ ਦਾ ਰੂਪ ਪ੍ਰਦਾਨ ਕਰਦੀ ਹੈ।ਦੂਜੇ ਭਾਗ ਵਿੱਚ ਬਿਜਲੀ ਸੋਧ ਬਿੱਲ, ਬੀਜ ਬਿੱਲ, ਜ਼ਮੀਨੀ ਯੋਜਨਾਬੰਦੀ ਅਤੇ ਅੰਤਰਰਾਸ਼ਟਰੀ ਵਪਾਰਕ ਸਮਝੌਤਿਆਂ ਦੇ ਸੰਦਰਭ ਵਿੱਚ ਭਾਰਤੀ ਖੇਤੀ ਦੀ ਬਦਲਦੀ ਨੀਤੀ ਦਾ ਆਲੋਚਨਾਤਮਕ ਅਧਿਐਨ ਕੀਤਾ ਗਿਆ ਹੈ। ਲੇਖਕ ਉਦਾਰੀਕਰਨ, ਨਿੱਜੀਕਰਨ ਅਤੇ ਵਿਸ਼ਵੀਕਰਨ ਦੀਆਂ ਨੀਤੀਆਂ ਦੇ ਪ੍ਰਭਾਵਾਂ ਦਾ ਮੁਲਾਂਕਣ ਕਰਦੇ ਹੋਏ ਇਹ ਸਵਾਲ ਉਠਾਉਂਦੇ ਹਨ ਕਿ ਕੀ ਮੌਜੂਦਾ ਨੀਤੀ-ਢਾਂਚਾ ਛੋਟੇ ਅਤੇ ਸੀਮਾਂਤ ਕਿਸਾਨਾਂ ਦੇ ਹਿਤਾਂ ਦੀ ਰੱਖਿਆ ਕਰਨ ਵਿੱਚ ਸਮਰੱਥ ਹੈ। ਭਾਰਤ-ਅਮਰੀਕਾ ਵਪਾਰਕ ਸਮਝੌਤਿਆਂ ਦੀ ਚਰਚਾ ਕਰਦਿਆਂ ਲੇਖਕ ਸਰਕਾਰੀ ਨੀਤੀਆਂ ਵਿੱਚ ਪਾਰਦਰਸ਼ਤਾ ਦੀ ਘਾਟ, ਕਾਰਪੋਰੇਟ ਪੂੰਜੀ ਦੀ ਵਧਦੀ ਭੂਮਿਕਾ ਅਤੇ ਖੇਤੀ ਖੇਤਰ ਉੱਤੇ ਪੈਣ ਵਾਲੇ ਸੰਭਾਵੀ ਪ੍ਰਭਾਵਾਂ ਦਾ ਸੰਤੁਲਿਤ ਵਿਸ਼ਲੇਸ਼ਣ ਪੇਸ਼ ਕਰਦੇ ਹਨ। ਤੀਜੇ ਭਾਗ ਵਿੱਚ ਪੰਜਾਬ ਸਰਕਾਰ ਦੀ ਖੇਤੀ ਨੀਤੀ (2024) ਦੇ ਖਰੜੇ ਦਾ ਵਿਸ਼ਲੇਸ਼ਣ ਪੁਸਤਕ ਦਾ ਇੱਕ ਮਹੱਤਵਪੂਰਨ ਅੰਸ਼ ਹੈ। ਡਾ.ਮਾਣਕ ਨੀਤੀ ਦੀਆਂ ਸੰਭਾਵਨਾਵਾਂ ਅਤੇ ਸੀਮਾਵਾਂ ਦੋਵਾਂ ਦਾ ਆਲੋਚਨਾਤਮਕ ਮੁਲਾਂਕਣ ਕਰਦੇ ਹਨ। ਇਸ ਦੇ ਨਾਲ ਹੀ ਪੰਜਾਬ ਰਾਜ ਕਿਸਾਨ ਅਤੇ ਖੇਤ ਮਜ਼ਦੂਰ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਦਾ ਵਿਵਹਾਰਕ ਪਰੀਖਣ ਕਰਦਿਆਂ ਉਹ ਇਹ ਵਿਚਾਰ ਪੇਸ਼ ਕਰਦੇ ਹਨ ਕਿ ਨੀਤੀ-ਨਿਰਮਾਣ ਦੀ ਸਫਲਤਾ ਕੇਵਲ ਦਸਤਾਵੇਜ਼ੀ ਪ੍ਰਬੰਧਾਂ ਨਾਲ ਨਹੀਂ, ਸਗੋਂ ਉਨ੍ਹਾਂ ਦੀ ਪ੍ਰਭਾਵਸ਼ਾਲੀ ਰਾਜਨੀਤਕ ਇੱਛਾ ਸ਼ਕਤੀ ਨਾਲ ਨਿਰਧਾਰਿਤ ਹੁੰਦੀ ਹੈ। ਇਸ ਭਾਗ ਵਿੱਚ ਭਾਰਤ ਦੇ ਕਿਸਾਨ ਅੰਦੋਲਨਾਂ ਦਾ ਇਤਿਹਾਸਕ ਸਰਵੇਖਣ ਵੀ ਪੁਸਤਕ ਨੂੰ ਵਿਸ਼ਾਲ ਸੰਦਰਭ ਪ੍ਰਦਾਨ ਕਰਦਾ ਹੈ।

ਚੌਥੇ ਭਾਗ ਵਿੱਚ ਨਵੀਂ ਸਿੱਖਿਆ ਨੀਤੀ ਦਾ ਸੰਤੁਲਿਤ ਅਤੇ ਵਿਵੇਕਪੂਰਨ ਵਿਸ਼ਲੇਸ਼ਣ ਕੀਤਾ ਗਿਆ ਹੈ। ਡਾ ਮਾਣਕ ਨਾ ਤਾਂ ਇਸ ਦਾ ਅੰਨ੍ਹਾ ਸਮਰਥਨ ਕਰਦੇ ਹਨ ਅਤੇ ਨਾ ਹੀ ਸਰਸਰੀ ਆਲੋਚਨਾ; ਸਗੋਂ ਸਿੱਖਿਆ ਦੇ ਵਪਾਰੀਕਰਨ, ਭਾਸ਼ਾ ਨੀਤੀ, ਸਮਾਨ ਮੌਕਿਆਂ, ਉੱਚ ਸਿੱਖਿਆ ਦੀ ਪਹੁੰਚ ਅਤੇ ਗੁਣਵੱਤਾ ਵਰਗੇ ਮੁੱਦਿਆਂ ਨੂੰ ਤਰਕਸੰਗਤ ਢੰਗ ਨਾਲ ਪਰਖਦੇ ਹਨ। ਇਸੇ ਭਾਗ ਵਿੱਚ ਆਰਟੀਫ਼ਿਸ਼ਲ ਇੰਟੈਲੀਜੈਂਸ ਦੇ ਪ੍ਰਭਾਵਾਂ ਉੱਤੇ ਕੀਤੀ ਗਈ ਚਰਚਾ ਦਰਸਾਉਂਦੀ ਹੈ ਕਿ ਲੇਖਕ ਸਿਰਫ਼ ਰਵਾਇਤੀ ਮੁੱਦਿਆਂ ਤੱਕ ਸੀਮਿਤ ਨਹੀਂ ਰਹਿੰਦੇ, ਸਗੋਂ ਉਭਰ ਰਹੀਆਂ ਤਕਨੀਕੀ ਅਤੇ ਗਿਆਨ-ਸੰਬੰਧੀ ਚੁਣੌਤੀਆਂ ਨੂੰ ਵੀ ਆਪਣੇ ਵਿਸ਼ਲੇਸ਼ਣ ਦਾ ਹਿੱਸਾ ਬਣਾਉਂਦੇ ਹਨ।

ਪੰਜਵੇਂ ਭਾਗ ਵਿੱਚ ਪੰਜਾਬ ਵਿੱਚ ਵਾਰ-ਵਾਰ ਆਉਣ ਵਾਲੇ ਹੜ੍ਹਾਂ ਦੇ ਕਾਰਨਾਂ, ਉਨ੍ਹਾਂ ਦੇ ਸਮਾਜਿਕ ਅਤੇ ਆਰਥਿਕ ਪ੍ਰਭਾਵਾਂ ਅਤੇ ਪ੍ਰਸ਼ਾਸਨਿਕ ਪ੍ਰਬੰਧਾਂ ਦੀਆਂ ਕਮਜ਼ੋਰੀਆਂ ਦਾ ਵਿਸ਼ਲੇਸ਼ਣ ਕੀਤਾ ਗਿਆ ਹੈ। ਇਸ ਤੋਂ ਇਲਾਵਾ ਭਾਰਤੀ ਸੰਵਿਧਾਨ, ਲੋਕਤੰਤਰ ਅਤੇ ਗਣਤੰਤਰ ਦਿਵਸ ਦੇ ਮਹੱਤਵ ਨਾਲ ਸੰਬੰਧਿਤ ਅਧਿਆਇ ਨਾਗਰਿਕ ਚੇਤਨਾ ਅਤੇ ਸੰਵਿਧਾਨਕ ਮੁੱਲਾਂ ਪ੍ਰਤੀ ਇੱਕ ਲੋਕਤੰਤਰੀ ਦ੍ਰਿਸ਼ਟੀ ਵਿਕਸਿਤ ਕਰਨ ਦਾ ਯਤਨ ਕਰਦਾ ਹੈ। ਇਸ ਤਰ੍ਹਾਂ ਪੁਸਤਕ ਸਮਾਜਿਕ-ਆਰਥਿਕ ਵਿਸ਼ਲੇਸ਼ਣ ਨੂੰ ਲੋਕਤਾਂਤਰਿਕ ਚਿੰਤਨ ਨਾਲ ਜੋੜਦੀ ਹੈ।

ਵਿਧੀ-ਵਿਗਿਆਨਕ ਦ੍ਰਿਸ਼ਟੀ ਤੋਂ ਵੀ ਇਹ ਪੁਸਤਕ ਉਲੇਖਣਯੋਗ ਹੈ। ਲੇਖਕ ਨੇ ਅੰਕੜਿਆਂ, ਸਰਕਾਰੀ ਰਿਪੋਰਟਾਂ, ਨੀਤੀ ਦਸਤਾਵੇਜ਼ਾਂ ਅਤੇ ਸਮਕਾਲੀ ਘਟਨਾਵਾਂ ਦਾ ਆਲੋਚਨਾਤਮਕ ਉਪਯੋਗ ਕਰਦਿਆਂ ਵਿਸ਼ਲੇਸ਼ਣ ਨੂੰ ਤੱਥ-ਆਧਾਰਿਤ ਬਣਾਇਆ ਹੈ। ਹਾਲਾਂਕਿ ਕੁਝ ਅਧਿਆਇਆਂ ਵਿੱਚ ਅੰਤਰਰਾਸ਼ਟਰੀ ਅਕਾਦਮਿਕ ਸਾਹਿਤ ਅਤੇ ਤੁਲਨਾਤਮਕ ਅਧਿਐਨਾਂ ਦਾ ਹੋਰ ਵਿਸਤ੍ਰਿਤ ਸਮਾਵੇਸ਼ ਇਸ ਪੁਸਤਕ ਨੂੰ ਹੋਰ ਵੀ ਮਜ਼ਬੂਤ ਬਣਾ ਸਕਦਾ ਸੀ। ਫਿਰ ਵੀ, ਇਹ ਸੀਮਾ ਪੁਸਤਕ ਦੇ ਸਮੁੱਚੇ ਬੌਧਿਕ ਮਹੱਤਵ ਨੂੰ ਘਟਾਉਂਦੀ ਨਹੀਂ, ਕਿਉਂਕਿ ਇਸ ਦਾ ਮੁੱਖ ਉਦੇਸ਼ ਪੰਜਾਬ ਦੇ ਸਮਕਾਲੀ ਸੰਕਟ ਨੂੰ ਲੋਕ-ਕੇਂਦਰਿਤ ਦ੍ਰਿਸ਼ਟੀਕੋਣ ਤੋਂ ਸਮਝਣਾ ਹੈ।

ਸਮੁੱਚੇ ਤੌਰ 'ਤੇ, "ਪੰਜਾਬ : ਪੇਚੀਦਾ ਸਥਿਤੀ ਤੇ ਚੁਣੌਤੀਆਂ" ਪੰਜਾਬ ਦੇ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਸੰਕਟਾਂ ਨੂੰ ਸਮਝਣ ਲਈ ਇੱਕ ਮਹੱਤਵਪੂਰਨ ਸੰਦਰਭ-ਗ੍ਰੰਥ ਹੈ। ਇਹ ਪੁਸਤਕ ਨਾ ਸਿਰਫ਼ ਖੋਜਾਰਥੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਲਈ, ਸਗੋਂ ਨੀਤੀ-ਨਿਰਮਾਤਾਵਾਂ, ਸਮਾਜਿਕ ਕਾਰਕੁਨਾਂ ਅਤੇ ਪੰਜਾਬ ਦੇ ਭਵਿੱਖ ਪ੍ਰਤੀ ਚਿੰਤਤ ਹਰ ਜਾਗਰੂਕ ਨਾਗਰਿਕ ਲਈ ਵੀ ਸਮਾਨ ਰੂਪ ਵਿੱਚ ਲਾਭਕਾਰੀ ਹੈ। ਡਾ. ਮੇਹਰ ਸਿੰਘ ਮਾਣਕ ਦੀ ਇਹ ਕ੍ਰਿਤ ਪੰਜਾਬ ਬਾਰੇ ਚੱਲ ਰਹੇ ਸਮਕਾਲੀ ਬੌਧਿਕ ਵਿਮਰਸ਼ ਵਿੱਚ ਇੱਕ ਮਹੱਤਵਪੂਰਨ ਯੋਗਦਾਨ ਹੈ, ਕਿਉਂਕਿ ਇਹ ਪਾਠਕ ਨੂੰ ਕੇਵਲ ਜਾਣਕਾਰੀ ਹੀ ਨਹੀਂ ਦਿੰਦੀ, ਸਗੋਂ ਉਸ ਨੂੰ ਆਲੋਚਨਾਤਮਕ ਚਿੰਤਨ, ਨੀਤੀਗਤ ਪੁਨਰ-ਵਿਚਾਰ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਦਿਸ਼ਾ ਵੱਲ ਵੀ ਪ੍ਰੇਰਿਤ ਕਰਦੀ ਹੈ।



**ਪੜਚੋਲ ਕਰਤਾ: ਪ੍ਰੋ. ਧਰਮਿੰਦਰ ਸਿੰਘ**

# ਰਿਹਾਇਸ਼ੀ ਇਲਾਕਿਆਂ 'ਚ ਜੰਗਲੀ ਰਿਛਾਂ ਦੀ ਆਮਦ ਬਣੀ ਚਰਚਾ ਦਾ ਵਿਸ਼ਾ

**ਵੈਨਕੂਵਰ, 19 ਜੁਲਾਈ (ਮਲਕੀਤ ਸਿੰਘ)** – ਬਰਨਬੀ ਸ਼ਹਿਰ ਵਿੱਚ ਇੱਕ ਕਾਲੇ ਰਿੱਛ ਵੱਲੋਂ ਪਿਕਨਿਕ ਮਨਾ ਰਹੇ ਬੱਚਿਆਂ ਦੇ ਨੇੜੇ ਆ ਜਾਣ ਦੀ ਘਟਨਾ ਚਰਚਾ ਦਾ ਵਿਸ਼ਾ ਬਣੀ ਹੋਈ ਹੈ

ਜ਼ਿਕਰਯੋਗ ਹੈ ਕਿ ਬਰਨਬੀ ਦੇ ਇੱਕ ਪਾਰਕ ਵਿੱਚ ਇੱਕ ਔਰਤ ਆਪਣੇ ਬੱਚਿਆਂ ਨਾਲ ਪਿਕਨਿਕ ਮਨਾਉਣ ਲਈ ਪਹੁੰਚੀ ਹੋਈ ਸੀ। ਇਸ ਦੌਰਾਨ ਇੱਕ ਕਾਲਾ ਰਿੱਛ ਖਾਣੇ ਦੀ ਮਹਿਕ ਕਾਰਨ ਪਿਕਨਿਕ ਵਾਲੀ ਥਾਂ ਤੱਕ ਬੱਚਿਆਂ ਦੇ ਨੇੜੇ ਪਹੁੰਚ ਗਿਆ। ਹਾਲਾਂਕਿ ਇਸ ਘਟਨਾ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ, ਪਰ ਇਸ ਨੇ ਲੋਕਾਂ ਦੀ ਸੁਰੱਖਿਆ ਅਤੇ ਜੰਗਲੀ ਜੀਵਾਂ ਦੀ ਸੰਭਾਲ ਨੂੰ ਲੈ ਕੇ ਨਵੀਂ ਬਹਿਸ ਛੇੜ ਦਿੱਤੀ ਹੈ



ਖਾਣਾ ਖਾਂਦੇ ਰਿੱਛ ਦੀ ਪੁਰਾਣੀ ਤਸਵੀਰ

ਜੰਗਲੀ ਜੀਵ ਮਾਹਿਰਾਂ ਦਾ ਕਹਿਣਾ ਹੈ ਕਿ ਰਿੱਛ ਅਕਸਰ ਖਾਣੇ ਦੀ ਭਾਲ ਵਿੱਚ ਰਿਹਾਇਸ਼ੀ ਇਲਾਕਿਆਂ ਦਾ ਰੁਖ ਕਰਦੇ ਹਨ। ਲੋਕਾਂ ਨੂੰ ਚਾਹੀਦਾ ਹੈ ਕਿ ਉਹ ਖਾਣ-ਪੀਣ ਦੀਆਂ ਵਸਤਾਂ, ਕੂੜਾ ਅਤੇ ਪਾਲਤੂ ਜਾਨਵਰਾਂ ਦਾ ਚਾਰਾ ਖੁੱਲ੍ਹੇ ਵਿੱਚ ਨਾ ਛੱਡਣ ਤਾਂ ਜੋ ਰਿੱਛਾਂ ਨੂੰ ਮਨੁੱਖੀ ਇਲਾਕਿਆਂ ਵੱਲ ਆਕਰਸ਼ਿਤ ਹੋਣ ਤੋਂ ਰੋਕਿਆ ਜਾ ਸਕੇ। ਇਹ ਵੀ ਵਰਨਣਯੋਗ ਹੈ ਕਿ ਕੁਝ ਮਹੀਨੇ ਪਹਿਲਾਂ ਬਰਨਬੀ ਦੇ ਇੱਕ ਪਾਰਕ ਵਿੱਚ ਪਿਕਨਿਕ ਮਨਾਉਣ ਲਈ ਪਹੁੰਚੇ ਇੱਕ ਪਰਿਵਾਰ ਵੱਲੋਂ ਖਾਣ ਪੀਣ ਦਾ ਸਮਾਨ ਅਜੇ ਟੇਬਲ ਤੇ ਟਿਕਾਇਆ ਹੀ ਗਿਆ ਸੀ ਕਿ ਇਨੇ ਨੂੰ ਖਾਣੇ ਦੀ ਮਹਿਕ ਸੁੰਘ ਕੇ ਉੱਥੇ ਪਹੁੰਚੇ ਰਿਛ ਵੱਲੋਂ ਉਨਾਂ ਦਾ ਸਾਰਾ ਖਾਣਾ ਖਾ ਲਿਆ ਗਿਆ ਸੀ ਜਿਸ ਮਗਰੋਂ ਉਨਾਂ ਨੂੰ ਮਜਬੂਰਨ ਭੁੱਖਿਆਂ ਹੀ ਵਾਪਸ ਪਰਤਣਾ ਪਿਆ ਸੀ ।

# 16 ਸਾਲਾਂ ਕੈਨੇਡੀਅਨ ਗੋਲਫਰ ਕਲੇਰੀਲੇਨ ਨੇ ਜਿੱਤਿਆ ਗਰਲਜ਼ ਜੂਨੀਅਰ ਚੈਂਪੀਅਨਸ਼ਿਪ ਦਾ ਖ਼ਿਤਾਬ

**ਵੈਨਕੂਵਰ, ਜੁਲਾਈ (ਮਲਕੀਤ ਸਿੰਘ)** – ਕੈਨੇਡਾ ਦੀ 16 ਸਾਲਾ ਗੋਲਫਰ ਕਲੇਰੀਲੇਨ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਯੂ.ਐਸ. ਗਰਲਜ਼ ਜੂਨੀਅਰ ਚੈਂਪੀਅਨਸ਼ਿਪ ਦਾ ਖ਼ਿਤਾਬ ਆਪਣੇ ਨਾਮ ਕਰ ਲਿਆ। ਫਾਈਨਲ ਮੁਕਾਬਲੇ ਵਿੱਚ ਉਸ ਨੇ ਅਮਰੀਕਾ ਦੀ ਅਮੇਲੀ ਜ਼ਾਲਸਮੈਨ ਨੂੰ ਹਰਾਕੇ ਇਹ ਉਪਲਬਧੀ ਹਾਸਲ ਕੀਤੀ ਹੈ ।ਇਸ ਜਿੱਤ ਨਾਲ ਕੈਨੇਡਾ ਨੇ ਲਗਾਤਾਰ ਦੂਜੇ ਸਾਲ ਇਹ ਵੱਕਾਰੀ ਖ਼ਿਤਾਬ ਆਪਣੇ ਨਾਮ ਕੀਤਾ ਹੈ। ਇਸ ਤੋਂ ਪਹਿਲਾਂ 2025 ਵਿੱਚ ਕੈਨੇਡਾ ਦੀ ਐਫਰੋਡਾਈਟੀ ਡੈਂਗ ਨੇ ਇਹ ਚੈਂਪੀਅਨਸ਼ਿਪ ਜਿੱਤੀ ਸੀ।ਕਲੇਰੀਲੇਨ ਦੀ ਇਸ ਕਾਮਯਾਬੀ ਨੂੰ ਕੈਨੇਡੀਅਨ ਗੋਲਫ ਲਈ ਵੱਡੀ ਪ੍ਰਾਪਤੀ ਮੰਨਿਆ ਜਾ ਰਿਹਾ ਹੈ। ਖੇਡ ਜਗਤ ਨਾਲ ਜੁੜੀਆਂ ਸ਼ਖ਼ਸੀਅਤਾਂ ਨੇ



ਖਿਡਾਰਨ ਕਿਲੇਰੀਲੇਨ ਦੀ ਇੱਕ ਤਸਵੀਰ

ਨੌਜਵਾਨ ਖਿਡਾਰਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਸ ਨੇ ਆਪਣੀ ਮਿਹਨਤ ਅਤੇ ਹੁਨਰ ਨਾਲ ਕੈਨੇਡਾ ਦਾ ਨਾਮ ਅੰਤਰਰਾਸ਼ਟਰੀ ਪੱਧਰ 'ਤੇ ਰੌਸ਼ਨ ਕੀਤਾ ਹੈ।

# ਡਕੈੱਟ ਦੇ ਰਿਕਾਰਡ ਸੈਂਕੜੇ ਨੇ ਇੰਗਲੈਂਡ ਨੂੰ ਦਿਵਾਈ ਲੜੀ ਜਿੱਤ, ਭਾਰਤ ਨੂੰ 27 ਦੌੜਾਂ ਨਾਲ ਦਿੱਤੀ ਮਾਤ

## ਰੋਹਿਤ ਸ਼ਰਮਾ ਦਾ ਸੈਂਕੜਾ ਵੀ ਨਾ ਆਇਆ ਕੰਮ, ਇੰਗਲੈਂਡ ਨੇ 2-1 ਨਾਲ ਆਪਣੇ ਨਾਂ ਕੀਤੀ ਵਨਡੇ ਲੜੀ

**ਲੈਸਟਰ(ਇੰਗਲੈਂਡ ), 19 ਜੁਲਾਈ (ਸੁਖਜਿੰਦਰ ਸਿੰਘ ਢੱਡੇ)** – ਲਾਰਡਜ਼ ਦੇ ਇਤਿਹਾਸਕ ਮੈਦਾਨ 'ਤੇ ਖੇਡੇ ਗਏ ਤੀਜੇ ਅਤੇ ਫ਼ੈਸਲਾਕੁੰਨ ਇੱਕ ਰੋਜ਼ਾ ਕੌਮਾਂਤਰੀ ਮੈਚ ਵਿੱਚ ਇੰਗਲੈਂਡ ਨੇ ਭਾਰਤ ਨੂੰ 27 ਦੌੜਾਂ ਨਾਲ ਹਰਾ ਕੇ ਤਿੰਨ ਮੈਚਾਂ ਦੀ ਲੜੀ 2-1 ਨਾਲ ਆਪਣੇ ਨਾਂ ਕਰ ਲਈ। ਵਿਸ਼ਵ ਦੀ ਨੰਬਰ ਇੱਕ ਰੈਂਕਿੰਗ ਵਾਲੀ ਭਾਰਤੀ ਟੀਮ ਖ਼ਿਲਾਫ਼ 2018 ਤੋਂ ਬਾਅਦ ਇਹ ਇੰਗਲੈਂਡ ਦੀ ਪਹਿਲੀ ਦੁਵੱਲੀ ਵਨਡੇ ਲੜੀ ਜਿੱਤ ਹੈ। ਬੇਨ ਡਕੈੱਟ ਦੇ ਰਿਕਾਰਡ 141 ਦੌੜਾਂ ਵਾਲੇ ਸੈਂਕੜੇ ਅਤੇ ਸੈਮ ਕਰਾਨ ਦੀ ਸ਼ਾਨਦਾਰ ਗੇਂਦਬਾਜ਼ੀ ਨੇ ਇੰਗਲੈਂਡ ਦੀ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ, ਜਦਕਿ ਰੋਹਿਤ ਸ਼ਰਮਾ ਦਾ 138 ਦੌੜਾਂ ਦਾ ਸ਼ਾਨਦਾਰ ਸੈਂਕੜਾ ਵੀ ਭਾਰਤ ਨੂੰ ਹਾਰ ਤੋਂ ਨਹੀਂ ਬਚਾ ਸਕਿਆ।

ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਨ ਉਤਰੀ ਇੰਗਲੈਂਡ ਦੀ ਟੀਮ ਨੇ ਸ਼ੁਰੂ ਤੋਂ ਹੀ ਹਮਲਾਵਰ ਰਵੱਈਆ ਅਪਣਾਇਆ। ਸਲਾਮੀ ਬੱਲੇਬਾਜ਼ ਬੇਨ ਡਕੈੱਟ ਅਤੇ ਜੈਕਬ ਬੈਥਲ ਨੇ ਭਾਰਤੀ ਗੇਂਦਬਾਜ਼ਾਂ ਨੂੰ ਕੋਈ ਮੌਕਾ ਨਾ ਦਿੰਦਿਆਂ ਪਹਿਲੀ ਵਿਕਟ ਲਈ 192 ਦੌੜਾਂ ਦੀ ਸਾਂਝੇਦਾਰੀ ਕੀਤੀ, ਜੋ ਭਾਰਤ ਵਿਰੁੱਧ ਇੰਗਲੈਂਡ ਦੀ ਸਭ ਤੋਂ ਵੱਡੀ ਸਲਾਮੀ ਸਾਂਝੇਦਾਰੀ ਵੀ ਬਣੀ। ਡਕੈੱਟ ਨੇ 135 ਗੇਂਦਾਂ ਵਿੱਚ 141 ਦੌੜਾਂ ਦੀ ਧਮਾਕੇਦਾਰ ਪਾਰੀ ਖੇਡੀ, ਜਿਸ ਵਿੱਚ 18 ਚੌਕੇ ਅਤੇ ਇੱਕ ਛੱਕਾ ਸ਼ਾਮਲ ਸੀ। ਇਸ ਪਾਰੀ ਨਾਲ ਉਹ ਲਾਰਡਜ਼ ਵਿੱਚ ਵਨਡੇ ਕ੍ਰਿਕਟ ਦੀ ਸਭ ਤੋਂ ਵੱਡੀ ਨਿੱਜੀ ਪਾਰੀ ਖੇਡਣ ਵਾਲੇ ਬੱਲੇਬਾਜ਼ ਬਣ ਗਏ। ਬੈਥਲ ਨੇ 91 ਦੌੜਾਂ ਦਾ ਮਹੱਤਵਪੂਰਨ ਯੋਗਦਾਨ ਦਿੱਤਾ, ਜਦਕਿ ਜੋ ਰੂਟ ਨੇ ਅਜੇਤੂ 74 ਦੌੜਾਂ ਬਣਾਈਆਂ ਅਤੇ ਜੋਸ ਬਟਲਰ ਨੇ ਸਿਰਫ਼ 13 ਗੇਂਦਾਂ ਵਿੱਚ ਅਜੇਤੂ 41 ਦੌੜਾਂ ਦੀ ਤੂਫ਼ਾਨੀ ਪਾਰੀ ਖੇਡ ਕੇ ਇੰਗਲੈਂਡ ਦਾ ਸਕੋਰ 50 ਓਵਰਾਂ ਵਿੱਚ 3 ਵਿਕਟਾਂ ਦੇ ਨੁਕਸਾਨ 'ਤੇ 387 ਦੌੜਾਂ ਤੱਕ ਪਹੁੰਚਾ ਦਿੱਤਾ। ਇਹ ਲਾਰਡਜ਼ ਦੇ ਮੈਦਾਨ 'ਤੇ ਇੰਗਲੈਂਡ ਦਾ ਸਭ ਤੋਂ ਵੱਡਾ ਵਨਡੇ ਸਕੋਰ ਵੀ ਰਿਹਾ।

ਭਾਰਤ ਦੀ ਗੇਂਦਬਾਜ਼ੀ ਕਾਫ਼ੀ ਮਹਿੰਗੀ ਸਾਬਤ ਹੋਈ। ਸੱਟ ਕਾਰਨ ਜਸਪ੍ਰੀਤ ਬੁਮਰਾਹ ਦੀ ਗੈਰਹਾਜ਼ਰੀ ਟੀਮ ਨੂੰ ਸਪੱਸ਼ਟ ਤੌਰ 'ਤੇ ਮਹਿਸੂਸ ਹੋਈ। ਗੁਰਨੂਰ ਬਰਾੜ ਨੇ ਆਪਣੇ 10 ਓਵਰਾਂ ਵਿੱਚ 97 ਦੌੜਾਂ ਦਿੱਤੀਆਂ, ਜੋ ਇੰਗਲੈਂਡ ਖ਼ਿਲਾਫ਼ ਕਿਸੇ ਭਾਰਤੀ ਗੇਂਦਬਾਜ਼ ਦਾ ਸਭ ਤੋਂ ਮਹਿੰਗਾ ਗੇਂਦਬਾਜ਼ੀ ਪ੍ਰਦਰਸ਼ਨ ਬਣ ਗਿਆ। ਪ੍ਰਿੰਸ ਯਾਦਵ ਨੇ ਵੀ 79 ਦੌੜਾਂ ਦਿੱਤੀਆਂ ਅਤੇ ਸੱਤ ਵਾਈਡ ਗੇਂਦਾਂ ਸੁੱਟੀਆਂ, ਜਿਸ ਨਾਲ ਇੰਗਲੈਂਡ ਨੂੰ ਵਾਧੂ ਦੌੜਾਂ ਦਾ ਵੀ ਫ਼ਾਇਦਾ ਮਿਲਿਆ।

388 ਦੌੜਾਂ ਦੇ ਵਿਸ਼ਾਲ ਟੀਚੇ ਦਾ ਪਿੱਛਾ ਕਰਨ ਉਤਰੀ ਭਾਰਤੀ ਟੀਮ ਨੂੰ ਰੋਹਿਤ ਸ਼ਰਮਾ ਅਤੇ ਸ਼ੁਭਮਨ ਗਿੱਲ ਨੇ ਸ਼ਾਨਦਾਰ ਸ਼ੁਰੂਆਤ ਦਿਵਾਈ। ਦੋਵਾਂ ਨੇ ਪਹਿਲੀ ਵਿਕਟ ਲਈ 147 ਦੌੜਾਂ ਜੋੜ ਕੇ ਜਿੱਤ ਦੀਆਂ ਉਮੀਦਾਂ ਬਰਕਰਾਰ ਰੱਖੀਆਂ। ਰੋਹਿਤ ਨੇ 110 ਗੇਂਦਾਂ ਵਿੱਚ 138 ਦੌੜਾਂ ਦੀ ਬੇਹਤਰੀਨ ਪਾਰੀ ਖੇਡੀ ਅਤੇ ਆਪਣੇ ਵਨਡੇ ਕਰੀਅਰ ਦਾ 34ਵਾਂ ਸੈਂਕੜਾ ਪੂਰਾ ਕੀਤਾ। ਗਿੱਲ ਨੇ ਵੀ 77 ਦੌੜਾਂ ਬਣਾਈਆਂ, ਪਰ ਰੋਹਿਤ ਦੇ ਆਊਟ ਹੋਣ ਤੋਂ ਬਾਅਦ ਭਾਰਤੀ ਪਾਰੀ ਲੜਖੜਾ ਗਈ। ਸੈਮ ਕਰਾਨ ਨੇ ਸ਼ਾਨਦਾਰ ਗੇਂਦਬਾਜ਼ੀ ਕਰਦਿਆਂ ਥੋੜ੍ਹੇ ਹੀ ਸਮੇਂ ਵਿੱਚ ਤਿੰਨ ਅਹਿਮ ਵਿਕਟਾਂ ਹਾਸਲ ਕਰਕੇ ਮੈਚ ਦਾ ਰੁਖ ਇੰਗਲੈਂਡ ਵੱਲ ਮੋੜ ਦਿੱਤਾ। ਇਸ਼ਾਨ ਕਿਸ਼ਨ ਅਤੇ ਸ਼੍ਰੇਅਸ ਅਈਅਰ ਡੂੰਘੇ ਖੇਤਰ ਵਿੱਚ ਕੈਚ ਆਊਟ ਹੋਏ, ਜਦਕਿ ਵਿਰਾਟ ਕੋਹਲੀ ਨੇ ਲਾਰਡਜ਼ ਵਿੱਚ ਆਪਣਾ ਪਹਿਲਾ ਅਰਧ ਸੈਂਕੜਾ ਬਣਾਉਂਦਿਆਂ 74 ਦੌੜਾਂ ਦੀ ਪਾਰੀ ਖੇਡੀ, ਪਰ ਉਨ੍ਹਾਂ ਦਾ ਯਤਨ ਵੀ ਟੀਮ ਨੂੰ ਜਿੱਤ ਨਹੀਂ ਦਿਵਾ ਸਕਿਆ। ਨਿਰਧਾਰਿਤ 50 ਓਵਰਾਂ ਵਿੱਚ ਭਾਰਤ 7 ਵਿਕਟਾਂ 'ਤੇ 360 ਦੌੜਾਂ ਹੀ ਬਣਾ ਸਕਿਆ ਅਤੇ 27 ਦੌੜਾਂ ਨਾਲ ਮੈਚ ਹਾਰ ਗਿਆ।ਮੈਚ ਤੋਂ ਬਾਅਦ ਬੇਨ ਡਕੈੱਟ ਨੇ ਕਿਹਾ ਕਿ ਵਿਸ਼ਵ ਦੀ ਸਰਵੋਤਮ ਟੀਮ ਨੂੰ ਹਰਾਉਣਾ ਉਨ੍ਹਾਂ ਲਈ ਸਭ ਤੋਂ ਵੱਡੀ ਖ਼ੁਸ਼ੀ ਹੈ ਅਤੇ ਟੀਮ ਹੁਣ ਇਸ ਪ੍ਰਦਰਸ਼ਨ ਨੂੰ ਅੱਗੇ ਵੀ ਜਾਰੀ ਰੱਖਣਾ ਚਾਹੁੰਦੀ ਹੈ। ਦੂਜੇ ਪਾਸੇ ਭਾਰਤੀ ਕਪਤਾਨ ਸ਼ੁਭਮਨ ਗਿੱਲ ਨੇ ਹਾਰ ਦਾ ਕਾਰਨ ਆਖ਼ਰੀ ਤਿੰਨ ਓਵਰਾਂ ਵਿੱਚ ਕਰੀਬ 60 ਦੌੜਾਂ ਦੇਣਾ ਦੱਸਿਆ ਅਤੇ ਕਿਹਾ ਕਿ ਉੱਥੇ ਹੀ ਮੈਚ ਹੱਥੋਂ ਨਿਕਲ ਗਿਆ। ਇਸ ਦੌਰੇ ਦੌਰਾਨ ਭਾਰਤ ਨੂੰ ਟੀ-20 ਲੜੀਆਂ ਵਿੱਚ ਵੀ ਆਇਰਲੈਂਡ ਅਤੇ ਇੰਗਲੈਂਡ ਤੋਂ ਹਾਰ ਦਾ ਸਾਹਮਣਾ ਕਰਨਾ ਪਿਆ, ਜਿਸ ਕਾਰਨ ਚਿੱਟੇ ਗੇਂਦ ਵਾਲੇ ਕ੍ਰਿਕਟ ਵਿੱਚ ਇਹ ਦੌਰਾ ਟੀਮ ਲਈ ਨਿਰਾਸ਼ਾਜਨਕ ਸਾਬਤ ਹੋਇਆ।

# ਐਂਡੀ ਬਰਨਹੈਮ ਨੇ ਸੰਭਾਲੀ ਬਰਤਾਨੀਆ ਦੀ ਕਮਾਨ, ਮਹਿੰਗਾਈ ਤੋਂ ਰਾਹਤ ਲਈ ਭਲਕੇ ਤੋਂ ਕਦਮ ਚੁੱਕਣ ਦਾ ਐਲਾਨ

**ਪਹਿਲੇ ਸੰਬੋਧਨ ’ਚ 10 ਸਾਲਾ ਕੌਮੀ ਯੋਜਨਾ, ਬੇਘਰਪਨ ਖ਼ਤਮ ਕਰਨ, ਕੌਂਸਲ ਘਰ ਬਣਾਉਣ ਅਤੇ ਸੱਤਾ ਨੂੰ ਵੈਸਟਮਿੰਸਟਰ ਤੋਂ ਲੋਕਾਂ ਤੱਕ ਪਹੁੰਚਾਉਣ ਦਾ ਵਾਅਦਾ**



**ਸਮਾਜ ਵੀਕਲੀ ਯੂ ਕੇ**
ਲੈਸਟਰ (ਇੰਗਲੈਂਡ ), 20 ਜੁਲਾਈ (ਸੁਖਜਿੰਦਰ ਸਿੰਘ ਢੱਡੇ) – ਲੇਬਰ ਪਾਰਟੀ ਦੇ ਨਵੇਂ ਆਗੂ ਐਂਡੀ ਬਰਨਹੈਮ ਨੇ ਕਿੰਗ ਚਾਰਲਜ਼ ਤੀਜੇ ਨਾਲ ਬਕਿੰਘਮ ਪੈਲੇਸ ਵਿਖੇ ਮੁਲਾਕਾਤ ਕਰਨ ਉਪਰੰਤ ਬਰਤਾਨੀਆ ਦੇ ਨਵੇਂ ਪ੍ਰਧਾਨ ਮੰਤਰੀ ਵਜੋਂ ਅਹੁਦਾ ਸੰਭਾਲ ਲਿਆ। ਕਿੰਗ ਚਰਲਜ ਵੱਲੋਂ ਨਵੀਂ ਸਰਕਾਰ ਬਣਾਉਣ ਦਾ ਰਸਮੀ ਸੱਦਾ ਸਵੀਕਾਰ ਕਰਨ ਤੋਂ ਬਾਅਦ ਬਰਨਹੈਮ ਆਪਣੀ ਪਤਨੀ ਮੈਰੀ-ਫਰਾਂਸ ਵੈਨ ਹੀਲ ਨਾਲ 10 ਡਾਊਨਿੰਗ ਸਟਰੀਟ ਪਹੁੰਚੇ, ਜਿੱਥੇ ਉਨ੍ਹਾਂ ਦਾ ਸਮਰਥਕਾਂ ਅਤੇ ਸਰਕਾਰੀ ਅਮਲੇ ਵੱਲੋਂ ਤਾੜੀਆਂ ਨਾਲ ਸਵਾਗਤ ਕੀਤਾ ਗਿਆ। ਬਰਨਹੈਮ ਨੇ ਪ੍ਰਧਾਨ ਮੰਤਰੀ ਵਜੋਂ ਆਪਣੇ ਪਹਿਲੇ ਸੰਬੋਧਨ ਵਿੱਚ ਦੇਸ਼ ਦੀ ਸਿਆਸਤ ਅਤੇ ਅਰਥਵਿਵਸਥਾ ਵਿੱਚ ਵੱਡੇ ਬਦਲਾਅ ਦਾ ਸੰਕੇਤ ਦਿੰਦਿਆਂ ਕਿਹਾ ਕਿ ਬਰਤਾਨੀਆ ਨੂੰ ਸਥਿਰਤਾ, ਆਸ ਅਤੇ ਲੋਕਾਂ ਦਾ ਭਰੋਸਾ ਮੁੜ ਹਾਸਲ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜੀਵਨ-ਯਾਪਨ ਦੀ ਵਧ ਰਹੀ ਲਾਗਤ ਨਾਲ ਜੂਝ ਰਹੇ ਪਰਿਵਾਰਾਂ ਨੂੰ ਰਾਹਤ ਦੇਣ ਲਈ ਉਨ੍ਹਾਂ ਦੀ ਸਰਕਾਰ ਭਲਕੇ ਤੋਂ ਹੀ ਕਦਮਾਂ ਦਾ ਐਲਾਨ ਕਰਨਾ ਸ਼ੁਰੂ ਕਰੇਗੀ। ਡਾਊਨਿੰਗ ਸਟਰੀਟ ਦੇ ਬਾਹਰ ਰਵਾਇਤੀ ਭਾਸ਼ਣ-ਮੰਚ ਦੀ ਥਾਂ ਸਿਰਫ਼ ਮਾਈਕ ਸਾਹਮਣੇ ਖੜ੍ਹ ਕੇ ਦਿੱਤੇ ਆਪਣੇ ਸੰਬੋਧਨ ਵਿੱਚ ਬਰਨਹੈਮ ਨੇ ਕਿਹਾ ਕਿ ਲੋਕ ਮੌਜੂਦਾ ਸਿਆਸੀ ਪ੍ਰਬੰਧ ਤੋਂ ਨਿਰਾਸ਼ ਅਤੇ ਅੱਕੇ ਹੋਏ ਹਨ। ਉਨ੍ਹਾਂ ਮੰਨਿਆ ਕਿ ਸਿਆਸਤਦਾਨ ਲੋਕਾਂ ਦੀਆਂ ਉਮੀਦਾਂ ’ਤੇ ਪੂਰੇ ਨਹੀਂ ਉਤਰੇ ਅਤੇ ਹੁਣ ਸਰਕਾਰ ਨੂੰ ਪਹਿਲਾਂ ਨਾਲੋਂ ਬਿਹਤਰ ਢੰਗ ਨਾਲ ਕੰਮ ਕਰਨਾ ਪਵੇਗਾ। ਉਨ੍ਹਾਂ ਆਪਣੇ ਅਹੁਦਾ ਸੰਭਾਲਣ ਨੂੰ ਬਰਤਾਨੀਆ ਲਈ ਪੁਰਾਣੇ ਰੁਝਾਨਾਂ ਨੂੰ ਤੋੜਨ ਵਾਲਾ ਨਿਰਣਾਇਕ ਪਲ ਦੱਸਦਿਆਂ ਕਿਹਾ ਕਿ ਨਵੀਂ ਸਰਕਾਰ ਟਕਰਾਅ ਅਤੇ ਸਿਆਸੀ ਅੰਕ ਹਾਸਲ ਕਰਨ ਦੀ ਥਾਂ ਮਿਲ ਬੈਠ ਕੇ ਸਮੱਸਿਆਵਾਂ ਹੱਲ ਕਰਨ ਵਾਲੀ ਰਾਜਨੀਤੀ ਨੂੰ ਉਤਸ਼ਾਹਿਤ ਕਰੇਗੀ। ਨਵੇਂ ਪ੍ਰਧਾਨ ਮੰਤਰੀ ਨੇ ਐਲਾਨ ਕੀਤਾ ਕਿ ਉਹ ਇਸੇ ਸਾਲ ਦੇ ਅੰਤ ਤੱਕ ਬਰਤਾਨੀਆ ਲਈ ਇੱਕ ਵਿਸਤ੍ਰਿਤ 10 ਸਾਲਾ ਕੌਮੀ ਯੋਜਨਾ ਪੇਸ਼ ਕਰਨਗੇ। ਇਸ ਯੋਜਨਾ ਵਿੱਚ ਦੇਸ਼ ਦੀ ਅਰਥਵਿਵਸਥਾ ਨੂੰ ਮੁੜ ਉਦਯੋਗਿਕ ਆਧਾਰ ਦੇਣ, ਬਰਤਾਨਵੀ ਸਨਅਤ ਦੀ ਹਮਾਇਤ ਕਰਨ, ਨੌਜਵਾਨਾਂ ਨੂੰ ਰੁਜ਼ਗਾਰ ਨਾਲ ਜੋੜਨ ਅਤੇ ਸਿੱਖਿਆ ਪ੍ਰਣਾਲੀ ਵਿੱਚ ਤਬਦੀਲੀਆਂ ਕਰਨ ਨੂੰ ਪਹਿਲ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਰੋਜ਼ਮਰ੍ਹਾ ਜੀਵਨ ਲਈ ਜ਼ਰੂਰੀ ਸੇਵਾਵਾਂ ਨੂੰ ਮੁੜ ਲੋਕ ਹਿੱਤ ਵਿੱਚ ਚਲਾਉਣ ਅਤੇ ਉਨ੍ਹਾਂ ਨੂੰ ਆਮ ਪਰਿਵਾਰਾਂ ਦੀ ਪਹੁੰਚ ਵਿੱਚ ਲਿਆਉਣ ਲਈ ਨਵਾਂ ਆਰਥਿਕ ਢਾਂਚਾ ਤਿਆਰ ਕੀਤਾ ਜਾਵੇਗਾ। ਉਨ੍ਹਾਂ ਦੀ ਸਰਕਾਰ ਦਾ ਜ਼ੋਰ ਵੈਸਟਮਿੰਸਟਰ ਅਤੇ ਵ੍ਹਾਈਟਹਾਲ ਵਿੱਚ ਕੇਂਦਰਿਤ ਅਧਿਕਾਰਾਂ ਨੂੰ ਦੇਸ਼ ਦੇ ਹਰੇਕ ਇਲਾਕੇ ਅਤੇ ਸਥਾਨਕ ਭਾਈਚਾਰੇ ਤੱਕ ਪਹੁੰਚਾਉਣ ’ਤੇ ਵੀ ਰਹੇਗਾ। ਬਰਨਹੈਮ ਨੇ ਕਿਹਾ ਕਿ ਪ੍ਰਧਾਨ ਮੰਤਰੀ ਦਫ਼ਤਰ ਵਿੱਚ ਦਾਖ਼ਲ ਹੁੰਦਿਆਂ ਹੀ ਉਨ੍ਹਾਂ ਦਾ ਪਹਿਲਾ ਹੁਕਮ ਦੇਸ਼ ਵਿੱਚ ਸੜਕਾਂ ਉੱਤੇ ਰਾਤਾਂ ਕੱਟਣ ਲਈ ਮਜਬੂਰ ਲੋਕਾਂ ਦੀ ਸਮੱਸਿਆ ਖ਼ਤਮ ਕਰਨ ਸਬੰਧੀ ਹੋਵੇਗਾ। ਉਨ੍ਹਾਂ ਹੋਰ ਕੌਂਸਲ ਘਰ ਬਣਾਉਣ, ਬੇਘਰ ਲੋਕਾਂ ਲਈ ਪੱਕੀ ਰਿਹਾਇਸ਼ ਦਾ ਪ੍ਰਬੰਧ ਕਰਨ ਅਤੇ ਮਾਨਸਿਕ ਸਿਹਤ ਸੇਵਾਵਾਂ ਮਜ਼ਬੂਤ ਕਰਨ ਦਾ ਵੀ ਵਾਅਦਾ ਕੀਤਾ। ਹਾਲਾਂਕਿ ਗਰੇਟਰ ਮੈਨਚੈਸਟਰ ਦੇ ਮੇਅਰ ਰਹਿੰਦਿਆਂ ਬਰਨਹੈਮ ਨੇ 2020 ਤੱਕ ਸੜਕਾਂ ਉੱਤੇ ਸੌਣ ਦੀ ਸਮੱਸਿਆ ਖ਼ਤਮ ਕਰਨ ਦਾ ਟੀਚਾ ਰੱਖਿਆ ਸੀ, ਪਰ ਉਹ ਟੀਚਾ ਪੂਰੀ ਤਰ੍ਹਾਂ ਪ੍ਰਾਪਤ ਨਹੀਂ ਹੋ ਸਕਿਆ ਸੀ। ਇਸ ਲਈ ਹੁਣ ਕੌਮੀ ਪੱਧਰ ’ਤੇ ਕੀਤਾ ਗਿਆ ਇਹ ਵਾਅਦਾ ਉਨ੍ਹਾਂ ਦੀ ਸਰਕਾਰ ਲਈ ਇੱਕ ਵੱਡੀ ਪਰਖ ਮੰਨਿਆ ਜਾ ਰਿਹਾ ਹੈ।

ਬਰਨਹੈਮ ਨੇ ਰੱਖਿਆ ਅਤੇ ਵਿਦੇਸ਼ ਨੀਤੀ ਸਬੰਧੀ ਬਰਤਾਨੀਆ ਦੀਆਂ ਮੌਜੂਦਾ ਵਚਨਬੱਧਤਾਵਾਂ ਨੂੰ ਕਾਇਮ ਰੱਖਣ ਦਾ ਭਰੋਸਾ ਵੀ ਦਿੱਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਵਜੋਂ ਉਨ੍ਹਾਂ ਦੀਆਂ ਪਹਿਲੀਆਂ ਅਹਿਮ ਗੱਲਬਾਤਾਂ ਵਿੱਚ ਅਮਰੀਕੀ ਰਾਸ਼ਟਰਪਤੀ ਅਤੇ ਯੂਕਰੇਨੀ ਰਾਸ਼ਟਰਪਤੀ ਨਾਲ ਸੰਪਰਕ ਸ਼ਾਮਲ ਹੋਵੇਗਾ ਅਤੇ ਯੂਕਰੇਨ ਲਈ ਬਰਤਾਨੀਆ ਦੀ ਹਮਾਇਤ ਦ੍ਰਿੜ੍ਹ ਬਣੀ ਰਹੇਗੀ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਸਰਕਾਰ ਦੇ ਹਰੇਕ ਫ਼ੈਸਲੇ ਦੇ ਕੇਂਦਰ ਵਿੱਚ ਲੋਕਾਂ ਦੀ ਭਲਾਈ, ਸਤਿਕਾਰ ਅਤੇ ਜ਼ਿੰਮੇਵਾਰ ਪ੍ਰਸ਼ਾਸਨ ਹੋਵੇਗਾ।ਐਂਡੀ ਬਰਨਹੈਮ ਨੇ ਕੀਰ ਸਟਾਰਮਰ ਦੀ ਥਾਂ ਅਹੁਦਾ ਸੰਭਾਲਿਆ ਹੈ, ਜਿਨ੍ਹਾਂ ਨੇ ਇਸ ਤੋਂ ਪਹਿਲਾਂ ਬਾਦਸ਼ਾਹ ਚਾਰਲਜ਼ ਤੀਜੇ ਨੂੰ ਆਪਣਾ ਅਸਤੀਫ਼ਾ ਸੌਂਪਿਆ ਸੀ। ਬਰਨਹੈਮ ਪਿਛਲੇ ਇੱਕ ਦਹਾਕੇ ਦੌਰਾਨ ਬਰਤਾਨੀਆ ਦੇ ਸੱਤਵੇਂ ਪ੍ਰਧਾਨ ਮੰਤਰੀ ਬਣੇ ਹਨ, ਜੋ ਦੇਸ਼ ਵਿੱਚ ਲਗਾਤਾਰ ਚੱਲ ਰਹੀ ਸਿਆਸੀ ਅਸਥਿਰਤਾ ਨੂੰ ਦਰਸਾਉਂਦਾ ਹੈ। ਪ੍ਰਧਾਨ ਮੰਤਰੀ ਵਜੋਂ ਹੁਣ ਉਨ੍ਹਾਂ ਦਾ ਅਗਲਾ ਵੱਡਾ ਕੰਮ ਨਵੀਂ ਮੰਤਰੀ ਮੰਡਲ ਦੀ ਚੋਣ ਕਰਨਾ ਹੈ। ਵਿੱਤ, ਗ੍ਰਹਿ, ਵਿਦੇਸ਼ ਅਤੇ ਊਰਜਾ ਵਰਗੇ ਅਹਿਮ ਮੰਤਰਾਲਿਆਂ ਦੀ ਜ਼ਿੰਮੇਵਾਰੀ ਕਿਸ ਨੂੰ ਦਿੱਤੀ ਜਾਂਦੀ ਹੈ, ਇਸ ਉੱਤੇ ਸਿਆਸੀ ਅਤੇ ਵਪਾਰਕ ਹਲਕਿਆਂ ਦੀ ਨਜ਼ਰ ਟਿਕੀ ਹੋਈ ਹੈ। ਨਵੇਂ ਪ੍ਰਧਾਨ ਮੰਤਰੀ ਸਾਹਮਣੇ ਧੀਮੀ ਆਰਥਿਕ ਵਾਧਾ ਦਰ, ਵੱਡਾ ਸਰਕਾਰੀ ਕਰਜ਼ਾ, ਮਹਿੰਗੀਆਂ ਜਨਤਕ ਸੇਵਾਵਾਂ, ਰਿਹਾਇਸ਼ ਦੀ ਘਾਟ ਅਤੇ ਲੋਕਾਂ ਉੱਤੇ ਪਏ ਮਹਿੰਗਾਈ ਦੇ ਬੋਝ ਵਰਗੀਆਂ ਗੰਭੀਰ ਚੁਣੌਤੀਆਂ ਹਨ। ਇਸ ਲਈ ਬਰਨਹੈਮ ਵੱਲੋਂ ਭਲਕੇ ਐਲਾਨੇ ਜਾਣ ਵਾਲੇ ਜੀਵਨ-ਯਾਪਨ ਰਾਹਤ ਉਪਾਵਾਂ ਅਤੇ ਆਉਣ ਵਾਲੀ ਮੰਤਰੀ ਮੰਡਲ ਦੀ ਬਣਤਰ ਨੂੰ ਉਨ੍ਹਾਂ ਦੀ ਸਰਕਾਰ ਦੀ ਦਿਸ਼ਾ ਦਾ ਪਹਿਲਾ ਮਹੱਤਵਪੂਰਨ ਸੰਕੇਤ ਮੰਨਿਆ ਜਾ ਰਿਹਾ ਹੈ। ਆਪਣੇ ਭਾਸ਼ਣ ਦੇ ਅੰਤ ਵਿੱਚ ਬਰਨਹੈਮ ਨੇ ਕਿਹਾ ਕਿ ਉਹ ਆਪਣੀ ਪੂਰੀ ਸਮਰੱਥਾ ਨਾਲ ਦੇਸ਼ ਦੀ ਸੇਵਾ ਕਰਨਗੇ ਅਤੇ ਅਜਿਹਾ ਬਰਤਾਨੀਆ ਬਣਾਉਣ ਦੀ ਕੋਸ਼ਿਸ਼ ਕਰਨਗੇ, ਜਿੱਥੇ ਲੋਕ ਦੁਬਾਰਾ ਉਮੀਦ ਕਰਨ ਅਤੇ ਆਪਣੇ ਭਵਿੱਖ ’ਤੇ ਵਿਸ਼ਵਾਸ ਕਰਨ ਲੱਗਣ।

Samaj Weekly
ਸਮਾਜ ਵੀਕਲੀ
Punjabi, Hindi & English Newspaper - UK & EU Edition


# ਸਾਡੇ DIGITAL MEDIA ਨਾਲ ਜੁੜੋ

ਸਾਨੂੰ ਫੇਸਬੁੱਕ ਤੇ ਲਾਇਕ ਕਰੋ — facebook samajweekly

ਸਾਨੂੰ ਐਕਸ ਤੇ ਫੌਲੋ ਕਰੋ — X @samajweekly

ਸਾਡੇ ਵਟਸਐੱਪ ਨਾਲ ਜੁੜੋ ਅਤੇ ਪਾਓ ਸਾਹਿਤ ਜਗਤ ਅਤੇ ਦੇਸ਼ ਦੁਨੀਆ ਨਾਲ ਜੁੜੀਆਂ ਬੇਹਤਰੀਨ ਖਬਰਾਂ




ਨਾਲ ਹੀ ਪਾਓ ਸਮਾਜ ਵੀਕਲੀ ਅਖਬਾਰ ਦਾ ਰੋਜਾਨਾ PDF ਉਹ ਵੀ ਬਿਲਕੁਲ ਮੁੱਫਤ

ਅਖਬਾਰ ਵਿੱਚ ਇਸ਼ਤਿਹਾਰ ਦੇਣ ਲਈ ਅਤੇ ਵੈਬਸਾਈਟ ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ।

+44 7878 456484
email:-Samajweekly@gmail.com